ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
www.awazeqaumtv.com

# ਆਵਾਜ਼ਿ ਕੌਮ

Awaze Qaum (ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

ਮੰਗਲਵਾਰ, 16 ਸਤੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੧ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243



## ਅੱਸੂ ਦੀ ਸੰਗਰਾਂਦ ਅੱਜ

ਸ਼੍ਰੋਮਣੀ ਕਮੇਟੀ ਵੱਲੋਂ ਜਾਰੀ ਕੈਲੰਡਰ ਅਨੁਸਾਰ ਅੱਸੂ ਮਹੀਨੇ ਦੀ ਸੰਗਰਾਂਦ ਅੱਜ। ਦੇਸ਼ ਵਿਦੇਸ਼ ਵਿੱਚ ਇਸ ਦਿਹਾੜੇ ਸਬੰਧੀ ਵਿਸ਼ੇਸ਼ ਦੀਵਾਨ ਸਜਾਏ ਜਾ ਰਹੇ ਹਨ।

### ਪਾਕਿਸਤਾਨ ਨਾਲ ਮੈਚ ਤਾਂ ਹੋਣ ਦਿੱਤਾ ਪਰ ਸਿੱਖਾਂ ਨੂੰ ਗੁਰਧਾਮਾਂ ਦੇ ਦਰਸ਼ਨ ਕਰਨ ਜਾਣ ਤੋਂ ਰੋਕਿਆ

# ਕਿਉਂ ਨਾ ਹੋਵੇ ਬੇਗਾਨਗੀ ਦਾ ਅਹਿਸਾਸ...?

**ਨਵੀਂ ਦਿੱਲੀ, 15 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਭਾਰਤ ਦੇਸ਼ ਮਹਾਨ ਵਿੱਚ ਇਸ ਵੇਲੇ ਮੈਚ ਦੇਖਣ ਨੂੰ ਦੇਸ਼ਭਗਤੀ ਨਾਲ ਜੋੜਿਆ ਜਾ ਰਿਹਾ ਹੈ ਤੇ ਜਿਨਾਂ ਨੇ ਇਹ ਮੈਚ ਦੇਖੇ ਹਨ ਉਨ੍ਹਾਂ ਨੂੰ ਵਿਵਦਾਨਾਂ ਵੱਲੋਂ ਗੱਦਾਰੀ



ਦੇ ਸਰਟੀਫਿਕੇਟ ਵੀ ਵੰਡੇ ਜਾ ਰਹੇ ਹਨ ਪਰ ਇਸ ਸਭ ਦੇ ਦੌਰਾਨ ਭਾਰਤ ਤੇ ਪਾਕਿਸਤਾਨ ਦਾ ਮੈਚ ਸ਼ਾਨੋ ਸ਼ੌਕਤ ਨਾਲ ਹੋਇਆ ਤੇ ਅਖੀਰ ਵਿੱਚ ਹੱਥ ਨਾ ਮਿਲਾਉਣ ਨੂੰ ਲੈ ਕੇ ਵੱਡਾ ਹਊਆ ਬਣਾਇਆ ਗਿਆ ਤੇ ਇਸ ਨੂੰ ਪਾਕਿਸਤਾਨ ਦੇ ਮੂੰਹ ਤੇ ਕਰਾਰੀ ਚਪੇੜ ਦੱਸਿਆ ਜਾ ਰਿਹਾ ਹੈ ਪਰ ਸਮਝ ਨਹੀਂ ਆ ਰਿਹਾ ਕਿ ਆਖ਼ਰ ਇਹ ਲੋਕ ਕਿਸ ਦੀਆਂ ਅੱਖਾਂ ਵਿੱਚ ਘੱਟਾ ਪਾ ਰਹੇ ਹਨ ਜੇ ਗੱਲ ਹੁਣ ਪੰਜਾਬ ਦੀ ਕਰੀਏ ਤਾਂ ਦੇਸ਼ ਦੇ ਬਹੁਗਿਣਤੀ ਹਿੱਸੇ ਨੇ ਦਿਲਜੀਤ ਦੀ ਫਿਲਮ ਨੂੰ ਲੈ ਕੇ ਗੱਦਾਰ ਕਹਿਣਾ ਸ਼ੁਰੂ ਕਰ ਦਿੱਤਾ ਸੀ, ਇਹ ਕੋਈ ਨਵੀਂ ਗੱਲ ਵੀ ਨਹੀਂ, ਕਿਉਂਕਿ ਪੰਜਾਬੀਆਂ ਉੱਤੇ ਅਕਸਰ ਗੱਦਾਰ ਤੇ ਖਾਲਿਸਤਾਨੀ ਹੋਣ ਦਾ ਠੱਪਾ ਲਾਇਆ ਜਾਂਦਾ ਹੈ, ਇਹ ਤਾਂ ਫਿਲਮ ਦੀ ਗੱਲ ਹੈ ਇਸ ਦੀ ਸਭ ਤੋਂ ਵੱਡੀ ਮਿਸਾਲ ਅਸੀਂ ਕਿਸਾਨੀ ਅੰਦੋਲਨ ਵਿੱਚ ਵੀ ਦੇਖੀ ਹੈ। ਇਸ ਵਿੱਚ ਲੀਡਰਾਂ ਦੇ ਨਾਲ ਨਾਲ ਵੱਡੀ ਗਿਣਤੀ ਵਿੱਚ ਮੀਡੀਆ ਵੱਲੋਂ ਵੀ ਇਹੀ ਪ੍ਰਚਾਰਿਆ ਗਿਆ। ਇਨ੍ਹਾਂ ਹਰਕਤਾਂ ਕਾਰਨ ਕਈ ਵਾਰ ਸਿੱਖਾਂ ਨੂੰ ਆਪਣੇ ਹੀ ਮੁਲਕ ਵਿੱਚ ਬੇਗਾਨਗੀ ਦਾ ਅਹਿਸਾਸ ਕਰਵਾਇਆ ਜਾਂਦਾ ਹੈ। ਹੁਣ ਇੱਕ ਹੋਰ ਤਾਜ਼ਾ ਮਾਮਲੇ ਨੇ ਇਨ੍ਹਾਂ ਜ਼ਖ਼ਮਾਂ ਨੂੰ ਕੁਰੇਦਣ ਦਾ ਕੰਮ ਕੀਤਾ ਹੈ ਕਿਉਂਕਿ ਕੇਂਦਰ ਸਰਕਾਰ ਨੇ ਸੁਰੱਖਿਆ ਦੇ ਕਾਰਨਾਂ ਦਾ ਹਵਾਲਾ ਦਿੰਦੇ ਹੋਏ ਸਿੱਖਾਂ ਨੂੰ ਪਾਕਿਸਤਾਨ ਵਿਚਲੇ ਗੁਰਧਾਮਾਂ ਦੇ ਦਰਸ਼ਨਾਂ ਤੋਂ ਰੋਕ ਦਿੱਤਾ ਗਿਆ ਹੈ। ਇਸ ਨੂੰ ਲੈ ਕੇ ਸਿੱਖਾਂ ਦੇ ਮਨਾਂ ਵਿੱਚ ਮੁੜ ਤੋਂ ਓਪਰੇਪਣ ਦਾ ਅਹਿਸਾਸ ਪੈਦਾ ਹੋ ਰਿਹਾ ਹੈ। ਦਰਅਸਲ, ਕੇਂਦਰ ਸਰਕਾਰ ਨੇ ਇਸ ਸਾਲ ਨਵੰਬਰ ਵਿੱਚ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਪ੍ਰਸਤਾਵਿਤ ਨਨਕਾਣਾ ਸਾਹਿਬ (ਪਾਕਿਸਤਾਨ) ਯਾਤਰਾ ਦੀ ਇਜਾਜ਼ਤ ਦੇਣ ਤੋਂ ਇਨਕਾਰ ਕਰ ਦਿੱਤਾ ਹੈ। ਸੁਰੱਖਿਆ ਕਾਰਨਾਂ ਦਾ ਹਵਾਲਾ ਦਿੰਦੇ ਹੋਏ, ਗ੍ਰਹਿ ਮੰਤਰਾਲੇ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਇੱਕ ਪੱਤਰ ਲਿਖਿਆ ਹੈ ਤੇ ਸਪੱਸ਼ਟ ਤੌਰ ’ਤੇ ਕਿਹਾ ਹੈ ਕਿ ਮੌਜੂਦਾ ਹਾਲਾਤਾਂ ਵਿੱਚ ਇਹ ਯਾਤਰਾ ਸੰਭਵ ਨਹੀਂ ਹੈ। ਗ੍ਰਹਿ ਮੰਤਰਾਲੇ ਨੇ ਆਪਣੇ ਪੱਤਰ ਵਿੱਚ ਕਿਹਾ ਹੈ ਕਿ ਭਾਰਤ-ਪਾਕਿਸਤਾਨ ਸਰਹੱਦ ’ਤੇ ਸਥਿਤੀ ਤਣਾਅਪੂਰਨ ਬਣੀ ਹੋਈ ਹੈ। ਅਜਿਹੀ ਸਥਿਤੀ ਵਿੱਚ, ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸ਼ਰਧਾਲੂਆਂ ਦੀ ਯਾਤਰਾ ਦੌਰਾਨ ਸੁਰੱਖਿਆ ਖ਼ਤਰਾ ਵਧ ਸਕਦਾ ਹੈ। ਮੰਤਰਾਲੇ ਨੇ ਸਪੱਸ਼ਟ ਕੀਤਾ ਕਿ ਇਸ ਸਮੇਂ ਗੁਆਂਢੀ ਦੇਸ਼ ਵਿੱਚ ਸ਼ਰਧਾਲੂਆਂ ਨੂੰ ਭੇਜਣਾ ਉਚਿਤ ਨਹੀਂ ਹੋਵੇਗਾ।





## ਅਮਰੀਕਾ ’ਚ ਵੱਢਿਆ ਗਿਆ ਇੱਕ ਭਾਰਤੀ ਦਾ ਸਿਰ, ਟਰੰਪ ਦੀ ਪ੍ਰਤੀਕਿਰਿਆ ਆਈ ਸਾਹਮਣੇ, ਬੋਲੇ- ਗੈਰ-ਕਾਨੂੰਨੀ ਪ੍ਰਵਾਸੀ ਦੋਸ਼ੀਆਂ ਲਈ ਨਰਮੀ ਨਹੀਂ...

**ਵਾਸ਼ਿੰਗਟਨ, 15 ਸਤੰਬਰ (ਆਵਾਜ਼ਿ ਕੌਮ ਬਿਊਰੋ)**- ਅਮਰੀਕਾ ਦੇ ਡੱਲਾਸ ਵਿੱਚ ਭਾਰਤੀ ਨਾਗਰਿਕ ਚੰਦਰ ਨਾਗਮੱਲਈਆ ਦਾ ਸਿਰ ਕਲਮ ਕਰਨ ਦੀ ਘਟਨਾ ’ਤੇ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਪਹਿਲੀ ਪ੍ਰਤੀਕਿਰਿਆ ਆਈ ਹੈ। ਟਰੰਪ ਨੇ ਦੋਸ਼ੀਆਂ ਵਿਰੁੱਧ ’ਪਹਿਲੀ ਸ਼੍ਰੇਣੀ ਦਾ ਮੁਕੱਦਮਾ’ ਚਲਾਉਣ ਅਤੇ ਕਾਨੂੰਨ ਦੀ ਪੂਰੀ ਸੀਮਾ ਤੱਕ ਦੋਸ਼ੀਆਂ ਨੂੰ ਸਜ਼ਾ ਦੇਣ ਦਾ ਵਾਅਦਾ ਕੀਤਾ। ਉਨ੍ਹਾਂ ਨੇ ਅਮਰੀਕਾ ਨੂੰ ਦੁਬਾਰਾ ਸੁਰੱਖਿਅਤ ਬਣਾਉਣ ਦਾ ਵੀ ਵਾਅਦਾ ਕੀਤਾ ਅਤੇ ਕਿਹਾ ਕਿ ਉਨ੍ਹਾਂ ਦਾ ਪ੍ਰਸ਼ਾਸਨ ਗੈਰ-ਕਾਨੂੰਨੀ ਪ੍ਰਵਾਸੀ ਅਪਰਾਧੀਆਂ ਪ੍ਰਤੀ ਨਰਮ ਨਹੀਂ ਰਹੇਗਾ। ਡੋਨਾਲਡ ਟਰੰਪ ਨੇ ਸੋਸ਼ਲ ਮੀਡੀਆ ਪਲੇਟਫਾਰਮ ਟਰੂਥ ’ਤੇ ਹਮਲਾਵਰ ਨੂੰ ਗੈਰ-ਕਾਨੂੰਨੀ ਪ੍ਰਵਾਸੀ ਕਿਹਾ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਦੇਸ਼ ਤੋਂ ਕੱਢ ਦਿੱਤਾ ਜਾਣਾ ਚਾਹੀਦਾ ਸੀ। ਟਰੰਪ ਨੇ ਅਜਿਹਾ ਨਾ ਕਰਨ ਲਈ ਬਾਈਡਨ ਦੀਆਂ ਉਦਾਰਵਾਦੀ ਨੀਤੀਆਂ ਨੂੰ ਜ਼ਿੰਮੇਵਾਰ ਠਹਿਰਾਇਆ। ਇਸ ਦੌਰਾਨ ਉਨ੍ਹਾਂ ਨੇ ਬਾਈਡਨ ਸਰਕਾਰ ਦੇ ਕਾਰਜਕਾਲ ਦੌਰਾਨ ਬਣਾਈ ਗਈ ਇਮੀਗ੍ਰੇਸ਼ਨ ਨੀਤੀ ਦੀ ਸਖ਼ਤ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਹੁਣ ਇਨ੍ਹਾਂ ਗੈਰ-ਕਾਨੂੰਨੀ ਪ੍ਰਵਾਸੀ ਅਪਰਾਧੀਆਂ ਪ੍ਰਤੀ ਕੋਈ ਨਰਮੀ ਨਹੀਂ ਦਿਖਾਈ ਜਾਵੇਗੀ। ਡਲਾਸ ਪੁਲਿਸ ਦੇ ਅਨੁਸਾਰ, ਚੰਦਰ ਨਾਗਮੱਲਈਆ, ਜੋ ਕਿ ਮੂਲ ਰੂਪ ਵਿੱਚ ਭਾਰਤੀ ਰਾਜ ਕਰਨਾਟਕ ਦਾ ਰਹਿਣ ਵਾਲਾ ਸੀ, ਨੂੰ ਉਸਦੇ ਸਾਥੀ ਯੋਰਡਾਨਿਸ ਕੋਬੋਸ-ਮਾਰਟੀਨੇਜ਼ (37) ਨੇ ਮਾਰ ਦਿੱਤਾ। ਦੋਵਾਂ ਵਿਚਕਾਰ ਇੱਕ ਨੁਕਸਦਾਰ ਵਾਸ਼ਿੰਗ ਮਸ਼ੀਨ ਨੂੰ ਲੈ ਕੇ ਝਗੜਾ ਹੋਇਆ ਸੀ।

## ਯੂ.ਕੇ. ’ਚ ਸਿੱਖ ਔਰਤ ਨਾਲ ਦਰਿੰਦਗੀ ਕਰਨ ਵਾਲਾ ਸ਼ੱਕੀ ਗ੍ਰਿਫਤਾਰ

**ਲੰਡਨ, 15 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਇੱਕ ਸਿੱਖ ਔਰਤ ’ਤੇ ਨਸਲੀ ਤੌਰ ’ਤੇ ਪ੍ਰੇਰਿਤ ਜਿਨਸੀ ਹਮਲੇ ਦੀ ਜਾਂਚ ਕਰ ਰਹੀ ਬ੍ਰਿਟਿਸ਼ ਪੁਲਸ ਨੇ ਉਸ ਨਾਲ ਬਲਾਤਕਾਰ ਕਰਨ ਦੇ ਸ਼ੱਕ ਵਿੱਚ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਸ ਨੇ ਕਿਹਾ ਕਿ 30 ਤੋਂ 35 ਸਾਲ ਦੀ ਉਮਰ ਦੇ ਸ਼ੱਕੀ ਨੂੰ ਐਤਵਾਰ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਪਿਛਲੇ ਮੰਗਲਵਾਰ ਇੰਗਲੈਂਡ ਦੇ ਵੈਸਟ ਮਿਡਲੈਂਡਜ਼ ਖੇਤਰ ਦੇ ਓਲਡਬਰੀ ਵਿੱਚ ’ਨਸਲੀ ਤੌਰ ’ਤੇ ਪ੍ਰੇਰਿਤ ਬਲਾਤਕਾਰ’ ਦੀ ਜਾਂਚ ਦੇ ਹਿੱਸੇ ਵਜੋਂ ਹਿਰਾਸਤ ਵਿੱਚ ਰੱਖਿਆ ਗਿਆ ਹੈ। ਵੈਸਟ ਮਿਡਲੈਂਡਜ਼ ਪੁਲਸ ਨੇ ਕਿਹਾ ਕਿ 20 ਤੋਂ 25 ਸਾਲ ਦੀ ਉਮਰ ਦੀ ਔਰਤ ਜਾਂਚ ਵਿੱਚ ਸਹਿਯੋਗ ਕਰ ਰਹੀ ਹੈ। ਸੈਂਡਵੈਲ ਪੁਲਸ ਦੀ ਮੁੱਖ ਸੁਪਰਡੈਂਟ ਕਿਮ ਮੈਡਿਲ ਨੇ ਕਿਹਾ, “ਇਹ ਜਾਂਚ ਵਿੱਚ ਇੱਕ ਮਹੱਤਵਪੂਰਨ ਵਿਕਾਸ ਹੈ ਅਤੇ ਅਸੀਂ ਭਾਈਚਾਰੇ ਦਾ ਉਨ੍ਹਾਂ ਦੇ ਨਿਰੰਤਰ ਸਹਿਯੋਗ ਲਈ ਧੰਨਵਾਦ ਕਰਨਾ ਚਾਹੁੰਦੇ ਹਾਂ।” ਉਨ੍ਹਾਂ ਕਿਹਾ, “ਜਾਂਚ ਅਜੇ ਵੀ ਜਾਰੀ ਹੈ ਅਤੇ ਅਸੀਂ ਲੋਕਾਂ ਨੂੰ ਅਪੀਲ ਕਰਦੇ ਹਾਂ ਕਿ ਉਹ ਅਟਕਲਾਂ ਨਾ ਲਗਾਉਣ ਕਿਉਂਕਿ ਅਸੀਂ ਉਨ੍ਹਾਂ ਸਾਰੇ ਲੋਕਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਦਾ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੇ ਹਾਂ ਜੋ ਇਸ ਵਿਚ ਸ਼ਾਮਲ ਹੋ ਸਕਦੇ ਹਨ।” ਪੁਲਸ ਫੋਰਸ ਨੇ ਨਿਆਂਇਕ ਪ੍ਰਕਿਰਿਆ ਨੂੰ ਆਪਣਾ ਕੰਮ ਕਰਨ ਦੇਣ ਦੀ ਮਹੱਤਤਾ ’ਤੇ ਵੀ ਜ਼ੋਰ ਦਿੱਤਾ। ਵੈਸਟ ਮਿਡਲੈਂਡਜ਼ ਖੇਤਰ ਤੋਂ ਬ੍ਰਿਟਿਸ਼ ਸਿੱਖ ਸੰਸਦ ਮੈਂਬਰ ਪ੍ਰੀਤ ਕੌਰ ਗਿੱਲ ਨੇ ਸੋਸ਼ਲ ਮੀਡੀਆ ’ਤੇ ਪੋਸਟ ਕੀਤਾ, “ਓਲਡਬਰੀ ਵਿੱਚ ਇੱਕ ਸਿੱਖ ਨੌਜਵਾਨ ਔਰਤ ’ਤੇ ਹੋਏ ਭਿਆਨਕ ਹਮਲੇ ਤੋਂ ਮੈਂ ਬਹੁਤ ਹੈਰਾਨ ਹਾਂ। ਇਹ ਬਹੁਤ ਜ਼ਿਆਦਾ ਹਿੰਸਾ ਦਾ ਕੰਮ ਸੀ ਪਰ ਇਸਨੂੰ ਨਸਲੀ ਤੌਰ ’ਤੇ ਵੀ ਗੰਭੀਰ ਮੰਨਿਆ ਜਾ ਰਿਹਾ ਹੈ ਕਿਉਂਕਿ ਦੋਸ਼ੀਆਂ ਨੇ ਕਥਿਤ ਤੌਰ ’ਤੇ ਉਸਨੂੰ ਕਿਹਾ ਸੀ ਕਿ ਉਹ ’ਇੱਥੋਂ ਦੀ ਨਹੀਂ ਹੈ’।÷ ਸੰਸਦ ਮੈਂਬਰ ਨੇ ਕਿਹਾ, “ਉਹ ਇੱਥੇ ਦੀ ਹੈ। ਸਾਡੇ ਸਿੱਖ ਭਾਈਚਾਰੇ ਅਤੇ ਹਰ ਭਾਈਚਾਰੇ ਨੂੰ ਸੁਰੱਖਿਅਤ, ਸਤਿਕਾਰਯੋਗ ਅਤੇ ਮੁੱਲਵਾਨ ਮਹਿਸੂਸ ਕਰਨ ਦਾ ਅਧਿਕਾਰ ਹੈ। ਓਲਡਬਰੀ ਜਾਂ ਯੂਕੇ ਵਿੱਚ ਕਿਤੇ ਵੀ ਨਸਲਵਾਦ ਅਤੇ ਨਾਰੀ-ਨਫ਼ਰਤ ਲਈ ਕੋਈ ਥਾਂ ਨਹੀਂ ਹੈ। ਮੇਰੀ ਹਮਦਰਦੀ ਪੀੜਤਾ, ਉਸਦੇ ਪਰਿਵਾਰ ਅਤੇ ਸਿੱਖ ਭਾਈਚਾਰੇ ਨਾਲ ਹੈ।” ਸਮੈਥਵਿਕ ਤੋਂ ਲੇਬਰ ਪਾਰਟੀ ਦੇ ਸਿੱਖ ਸੰਸਦ ਮੈਂਬਰ ਗੁਰਿੰਦਰ ਸਿੰਘ ਜੋਹਨਸਨ ਨੇ ਕਿਹਾ ਸੀ ਕਿ ਇਸ “ਭਿਆਨਕ ਹਮਲੇ” ਨੇ ਪੀੜਤਾ ਨੂੰ ਸਦਮੇ ਵਿੱਚ ਪਾ ਦਿੱਤਾ ਹੈ।

## ਡਿਪਟੀ ਸੈਕਟਰੀ ਨਵਜੋਤ ਦੀ ਮੌਤ ਦੇ ਮਾਮਲੇ ’ਚ ਵੱਡਾ ਐਕਸ਼ਨ; ਪੁਲਿਸ ਨੇ ਮੁਲਜ਼ਮ ਔਰਤ ਨੂੰ ਕੀਤਾ ਗ੍ਰਿਫਤਾਰ



**ਨਵੀਂ ਦਿੱਲੀ, 15 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਕੈਂਟ ਪੁਲਿਸ ਸਟੇਸ਼ਨ ਖੇਤਰ ਵਿੱਚ ਇੱਕ ਬੀਐਮਡਬਲਯੂ ਕਾਰ ਦੀ ਟੱਕਰ ਕਾਰਨ ਵਿੱਤ ਮੰਤਰਾਲੇ ਦੇ ਡਿਪਟੀ ਸੈਕਟਰੀ ਨਵਜੋਤ ਸਿੰਘ ਦੀ ਮੌਤ ਦੇ ਮਾਮਲੇ ਵਿੱਚ ਦੋਸ਼ੀ ਔਰਤ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਹੈ। ਦੱਸਿਆ ਗਿਆ ਕਿ ਗੁਰੂਗ੍ਰਾਮ ਦੀ ਰਹਿਣ ਵਾਲੀ ਦੋਸ਼ੀ ਔਰਤ ਗਗਨਪ੍ਰੀਤ ਨੂੰ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ ਹੈ। ਇਸ ਦੇ ਨਾਲ ਹੀ, ਦਿੱਲੀ ਪੁਲਿਸ ਨੇ ਦੋਸ਼ੀ ਔਰਤ ਨੂੰ ਅੱਗੇ ਦੀ ਜਾਂਚ ਲਈ ਹਿਰਾਸਤ ਵਿੱਚ ਲੈ ਲਿਆ ਹੈ। ਦੱਸ ਦਈਏ ਕਿ ਐਤਵਾਰ ਦੁਪਹਿਰ ਨੂੰ ਦਿੱਲੀ ਕੈਂਟ ਪੁਲਿਸ ਸਟੇਸ਼ਨ ਖੇਤਰ ਵਿੱਚ ਇੱਕ ਤੇਜ਼ ਰਫ਼ਤਾਰ ਬੀਐਮਡਬਲਯੂ ਕਾਰ ਨੇ ਮੋਟਰਸਾਈਕਲ ਸਵਾਰ ਇੱਕ ਜੋੜੇ ਨੂੰ ਟੱਕਰ ਮਾਰ ਦਿੱਤੀ। ਵਿੱਤ ਮੰਤਰਾਲੇ ਵਿੱਚ ਤਾਇਨਾਤ ਡਿਪਟੀ ਸੈਕਟਰੀ ਨਵਜੋਤ ਸਿੰਘ ਆਪਣੀ ਪਤਨੀ ਨਾਲ ਮੋਟਰਸਾਈਕਲ ’ਤੇ ਜਨਕਪੁਰੀ ਸਥਿਤ ਆਪਣੇ ਘਰ ਵਾਪਸ ਆ ਰਹੇ ਸਨ। ਇਸ ਹਾਦਸੇ ਵਿੱਚ ਨਵਜੋਤ ਸਿੰਘ ਦੀ ਮੌਤ ਹੋ ਗਈ, ਜਦੋਂ ਕਿ ਉਸਦੀ ਪਤਨੀ ਜ਼ਖਮੀ ਹੋ ਗਈ। ਕਾਬਿਲੇਗੌਰ ਹੈ ਕਿ ਐਤਵਾਰ ਨੂੰ ਰਿੰਗ ਰੋਡ ’ਤੇ ਦਿੱਲੀ ਛਾਉਣੀ ਮੈਟਰੋ ਸਟੇਸ਼ਨ ਨੇੜੇ ਕੇਂਦਰੀ ਵਿੱਤ ਮੰਤਰਾਲੇ ਦੇ ਇੱਕ ਸੀਨੀਅਰ ਅਧਿਕਾਰੀ ਦੇ ਮੋਟਰਸਾਈਕਲ ਨੂੰ ਇੱਕ ਬੀਐਮਡਬਲਯੂ ਕਾਰ ਨੇ ਟੱਕਰ ਮਾਰ ਦਿੱਤੀ, ਜਿਸ ਕਾਰਨ ਅਧਿਕਾਰੀ ਦੀ ਮੌਤ ਹੋ ਗਈ ਜਦੋਂ ਕਿ ਉਸਦੀ ਪਤਨੀ ਸਮੇਤ ਤਿੰਨ ਹੋਰ ਜ਼ਖਮੀ ਹੋ ਗਏ। ਪੁਲਿਸ ਦੇ ਅਨੁਸਾਰ, ਮ੍ਰਿਤਕ ਦੀ ਪਛਾਣ ਵਿੱਤ ਮੰਤਰਾਲੇ ਦੇ ਆਰਥਿਕ ਮਾਮਲਿਆਂ ਦੇ ਵਿਭਾਗ ਵਿੱਚ ਡਿਪਟੀ ਸਕੱਤਰ ਨਵਜੋਤ ਸਿੰਘ (52) ਵਜੋਂ ਹੋਈ ਹੈ। ਉਹ ਹਰੀ ਨਗਰ ਦਾ ਰਹਿਣ ਵਾਲਾ ਸੀ। ਪੁਲਿਸ ਨੇ ਦੱਸਿਆ ਕਿ ਦੁਪਹਿਰ ਵੇਲੇ ਧੌਲਾ ਕੁਆਂ-ਦਿੱਲੀ ਛਾਉਣੀ ਮੈਟਰੋ ਸਟੇਸ਼ਨ ਰੂਟ ’ਤੇ ਮੈਟਰੋ ਪਿੱਲਰ ਨੰਬਰ 67 ਦੇ ਨੇੜੇ ਟ੍ਰੈਫਿਕ ਜਾਮ ਬਾਰੇ ਤਿੰਨ ਪੀਸੀਆਰ ਕਾਲਾਂ ਆਈਆਂ। ਉਨ੍ਹਾਂ ਕਿਹਾ ਕਿ ਪੁਲਿਸ ਦੀ ਇੱਕ ਟੀਮ ਮੌਕੇ ’ਤੇ ਪਹੁੰਚੀ ਅਤੇ ਦੇਖਿਆ ਕਿ ਸੜਕ ਦੇ ਇੱਕ ਪਾਸੇ ਇੱਕ ਬੀਐਮਡਬਲਯੂ ਕਾਰ ਖੜ੍ਹੀ ਸੀ ਅਤੇ ਸੜਕ ਡਿਵਾਈਡਰ ਦੇ ਕੋਲ ਇੱਕ ਮੋਟਰਸਾਈਕਲ ਖੜ੍ਹੀ ਸੀ।

## ਪੰਜਾਬ ਫੇਰੀ ਦੌਰਾਨ ਹੜ ਪ੍ਰਭਾਵਿਤ ਖੇਤਰਾਂ ਦੀ ਸਥਿਤੀ ਜਾਣਨ ਲਈ ਪਹੁੰਚੇ ਰਾਹੁਲ ਗਾਂਧੀ ਦੀ ਆਮਦ ਤੇ ਦੋ ਫਾੜ ਨਜਰ ਆਈ ਪੰਜਾਬ ਕਾਂਗਰਸ

### ਰਾਜਾ ਵੜਿੰਗ ਵੱਲੋਂ ਆਲ ਇੰਡੀਆ ਕਾਂਗਰਸ ਦੇ ਕਿਸਾਨ ਸੈਲ ਦੇ ਪ੍ਰਧਾਨ ਸੁਖਪਾਲ ਸਿੰਘ ਖਹਿਰਾ ਨੂੰ ਰਾਹੁਲ ਗਾਂਧੀ ਨਾਲ ਨਹੀਂ ਮਿਲਾਇਆ ਗਿਆ

**ਅੰਮ੍ਰਿਤਸਰ, 15 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਅਤੇ ਕਾਂਗਰਸ ਦੇ ਸੰਸਦ ਮੈਂਬਰ ਸ਼੍ਰੀ ਰਾਹੁਲ ਗਾਂਧੀ ਜੀ ਅੱਜ ਅੰਮ੍ਰਿਤਸਰ ਪਹੁੰਚੇ। ਹਵਾਈ ਅੱਡੇ ’ਤੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਉਹ ਤੁਰੰਤ ਹੜ੍ਹ ਪ੍ਰਭਾਵਿਤ ਖੇਤਰਾਂ ਦੀ ਸਥਿਤੀ ਜਾਣਨ, ਪ੍ਰਭਾਵਿਤ ਪਰਿਵਾਰਾਂ ਨੂੰ ਮਿਲਣ ਅਤੇ ਉਨ੍ਹਾਂ ਦੀਆਂ ਆਵਾਜ਼ਾਂ ਸੁਣਨ ਲਈ ਪਹੁੰਚੇ। ਨਾਲ ਹੀ ਪੰਜਾਬ ਦੀ ਕਾਂਗਰਸ ਦਾ ਦੋ ਫਾੜ ਨੂੰ ਦੇਖਣ ਨੂੰ ਮਿਲੀ,ਇਕ ਪਾਸੇ ਤੇ ਸ੍ਰੀ ਰਾਹੁਲ ਗਾਂਧੀ ਤਬਾਹ ਹੋਈ ਫਸਲ ਦੇ ਪੀੜਿਤ ਕਿਸਾਨਾਂ ਨਾਲ ਦੁੱਖ ਸਾਂਝਾ ਕਰਨ ਆਏ ਅਤੇ ਦੂਸਰੇ ਪਾਸੇ ਕਾਂਗਰਸ ਦੇ ਬਣੇ ਆਲ ਇੰਡੀਆ ਕਾਂਗਰਸ ਕਿਸਾਨ ਸੈੱਲ ਦੇ ਪ੍ਰਧਾਨ ਸੁਖਪਾਲ ਸਿੰਘ ਖਹਿਰਾ, ਜਿਨਾਂ ਵੱਲੋਂ ਪੰਜਾਬ ਦੇ ਹਾਲਾਤਾਂ ਬਾਰੇ ਜਾਣੂ ਕਰਵਾਉਣਾ ਸੀ ਉਨਾਂ ਨੂੰ ਰਾਜਾ ਵੜਿੰਗ ਵੱਲੋਂ ਮਿਲਣ ਨਹੀਂ ਦਿੱਤਾ ਗਿਆ ਕਿਉਂਕਿ ਉਹ ਕਿਸਾਨਾਂ ਦੇ ਦਰਦ ਨੂੰ ਚੰਗੀ ਤਰਾਂ ਭਲੀਭਾਂਤ ਜਾਣਦੇ ਕਿਸ ਤਰਾਂ ਪੰਜਾਬ ਦਾ ਕਿਸਾਨ ਤਰਾਸਦੀ ਵਿੱਚੋਂ ਗੁਜਰ ਰਿਹਾ, ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਇਹ ਪਤਾ ਸੀ ਜੋ ਸੁਖਪਾਲ ਸਿੰਘ ਖਹਿਰਾ ਨੇ ਗੱਲਾਂ ਸ੍ਰੀ ਰਾਹੁਲ ਗਾਂਧੀ ਕੋਲ ਜਾਣੂ ਕਰਵਾਉਣੀ ਸਨ ਉਹ ਰਾਜਾ ਵੜਿੰਗ ਡੜਕਣੀਆ ਸਨ ਇਸ ਕਰਕੇ ਹੀ ਨਹੀਂ ਮਿਲਣ ਦਿੱਤਾ ਗਿਆ ਭਰੋਸੇਯੋਗ ਸੂਤਰਾਂ ਤੋਂ ਇਹ ਪਤਾ ਲੱਗਾ ਹੈ ਰਾਜਾ ਵੜਿੰਗ ਨੇ ਆਪਣੇ ਚਹੇਤਿਆ ਨੂੰ ਹੀ ਮਿਲਣ ਦਿੱਤਾ ਗਿਆ ਜਦੋਂ ਦੌਰੇ ਤੇ ਕਾਫਲੇ ਰੂਪ ਵਿੱਚ ਨਿਕਲਣ ਲੱਗੇ ਤੇ ਸੁਖਪਾਲ ਸਿੰਘ ਖਹਿਰਾ ਪੰਜਾਬ ਪ੍ਰਧਾਨ ਕਿਰਨਜੀਤ ਸਿੰਘ ਮਿੱਠਾ, ਜਿਲਾ ਪ੍ਰਧਾਨ ਜਤਿੰਦਰ ਰਾਣਾ ਨੂੰ ਰੋਕ ਦਿੱਤਾ ਗਿਆ ਤੁਸੀਂ ਨਾਲ ਨਹੀਂ ਜਾਣਾ ਉਸ ਕਾਫਲੇ ਵਿੱਚ ਆਪਣੇ ਚਹੇਤਿਆ ਨੂੰ ਇਸਾਰਾ ਮਾਰ ਤੁਸੀਂ ਨਾਲ ਆ ਜਾਉ, ਉਸ ਵਿੱਚ ਪੰਜਾਬ ਦੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਪੰਜਾਬ ਦੀ ਅੰਮ੍ਰਿਤਸਰ ਦੀ ਸਮੁੱਚੀ ਲੀਡਰ ਮੂੰਹ ਵਿੱਚ ਲੋਲੀਪਪ ਦੀ ਤਰਾਂ ਚੁੱਪ ਰਹੀ ਉਨਾਂ ਨੇ ਰਾਜਾ ਵੜਿੰਗ ਕੋਲ ਇਕ ਵਾਰ ਵੀ ਨਹੀਂ ਵਿਰੋਧ ਜਿਤਾਇਆ



ਗਿਆ ਇਹ ਗਲਤ ਹੋ ਰਿਹਾ ਹੈ, ਜੇਕਰ ਇਸ ਤਰਾਂ ਪੜੇ ਲਿਖੇ ਅਤੇ ਬੇਬਾਕੀ ਨਾਲ ਅਤੇ ਪੰਜਾਬ ਮੁੱਦਿਆ ਤੇ ਗੱਲ ਕਰਨ ਵਾਲੇ ਕਾਂਗਰਸ ਪਾਰਟੀ ਪੰਜਾਬ ਦੇ ਸੀਨੀਅਰ ਆਗੂ ਸੁਖਪਾਲ ਸਿੰਘ ਖਹਿਰਾ ਨੂੰ ਦਰ ਕਿਨਾਰ ਕੀਤਾ ਗਿਆ ਹੈ ਆਉਣ ਵਾਲੇ ਦਿਨਾਂ ਵਿੱਚ ਇਸ ਦੇ ਨਤੀਜੇ ਮਾੜੇ ਹੀ ਨਿਕਲਣੇ ਹਨ ਕਾਂਗਰਸ ਦੀ ਪਾਟੋਧਾੜ ਵਾਲੀ ਨੀਤੀ ਨਾਲ ਜੀਰੋ ਤੇ ਜਾ ਸਕਦੀ ਜਿਸ ਤਰਾਂ 22 ਦੇ ਨਤੀਜਿਆ ਦੀ ਭਰ ਪਾਈ ਨਹੀਂ ਕਰ ਪਾ ਰਹੀ ਤੇ 27 ਵਿੱਚ ਇਸ ਦੇ ਨਤੀਜੇ ਮਾੜੇ ਹੀ ਜਾ ਸਕਦੇ ਹਨ।

ਆਵਾਜ਼ਿ ਕੌਮ
AWAZE QAUM
International Newspaper & WEB TV

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਤਾਬਦੀ ਨੂੰ ਸਮਰਪਿਤ

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵੱਲੋਂ



# ਪੰਜ ਤਖ਼ਤ ਸਾਹਿਬਾਨ

ਅਤੇ

## 32 ਤੋਂ ਵੱਧ ਹੋਰ ਇਤਿਹਾਸਕ ਗੁਰਧਾਮਾਂ ਦੀ ਯਾਤਰਾ

29 ਅਕਤੂਬਰ ਤੋਂ 8 ਨਵੰਬਰ 2025 ਅਤੇ 15 ਫਰਵਰੀ 2026 ਤੋਂ 25 ਫਰਵਰੀ 2026

ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਂਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

★ ਸੰਪਰਕ ★

ਭਾਈ ਰਘਵੀਰ ਸਿੰਘ
+44 7976 210161




CROWN
INTERIOR DESIGN
DESIGN - MANUFACTURING SUPPLY AND FITTING
Follow us on :
DEALS IN :
ਆਵਾਜ਼ਿ ਕੌਮ AWAZE QAUM
International Newspaper & WEB TV
Kitchens
Bedrooms
Media Wall
Loft
Wardrobes & Sliding Doors
Dressing Table
Study Room
Bar
All Inclusive Free Measurement
Design & Quotes
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
SCAN HERE FOR WEBSITE



SCAN HERE FOR WEBSITE
Follow us on :
CROWN
INTERIOR DESIGN
DESIGN - MANUFACTURING SUPPLY AND FITTING
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
ਆਵਾਜ਼ਿ ਕੌਮ
AWAZE QAUM
International Newspaper & WEB TV

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net






ਨਾਮ ਜਪੋ ਕਿਰਤ ਕਰੋ ਵੰਡ ਛੱਕੋ | Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ

Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਨੌਵੇ ਪਾਤਸ਼ਾਹ ਧੰਨ-ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

## ਗੁਰਮਤਿ ਸਮਾਗਮ

1 ਨਵੰਬਰ 2025, ਦਿਨ ਸ਼ਨੀਵਾਰ ਨੂੰ ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ –20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ –1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਨੋਟ : ਇਹ ਸਮਾਗਮ 13 ਦਿਨ ਚੱਲੇਗਾ ਦੇਸ਼-ਵਿਦੇਸ਼ ਤੋਂ ਸੰਗਤਾਂ ਪਹੁੰਚ ਰਹੀਆ। ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ **ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ**

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404


ਸੰਪਰਕ ਨੰਬਰ 98141-27470 84278-66404 73408-35137

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★






SANJHA PUNJAB

VEG & NON-VEG INDIAN

TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

## SANJHA PUNJAB

VEG & NON-VEG INDIAN

0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ
AWAZE QAUM
International Newspaper & WEB TV

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਆਵਾਜ਼ਿ ਕੌਮ AWAZE QAUM TV

# AWAZE QAUM TOURS & TRAVELS

ORGANISE

# PANJ TAKHAT YATRA

## ਪੰਜ ਤਖ਼ਤ ਦਰਸ਼ਨ ਯਾਤਰਾ

## ( FROM 15th FEB 2026 TO 25th FEB 2026 )

10 Nights 11 Days Tour From 15th Feb 2026 to 25th Feb 2026

AKAL TAKHAT SAHIB & 5 OTHER PLACES | HYDRABAD & 2 OTHER PLACES
HAZUR SAHIB & 8 OTHER GURUDWARAS | PATNA SAHIB & 5 OTHER GURUDWARA
CHANDIGARH & SUKHNA LAKE | ANANDPUR SAHIB & 4 OTHER GURUDWARAS
DAMDAMA SAHIB & 3 OTHER GURUDWARAS

- Luxury Hotel with Breakfast & Dinner
- Luxury Air-conditioned Coaches
- Domestic Flights
- Guide
- Flexibility to stay in India before & after the trip*
- Starting and Ending Point at Jalandhar

NOTE: TO BOOK DEPOSIT £600 AS AN ADVANCE INTO THE MENTIONED BANK ACCOUNT
BALANCE AMOUNT NEED TO BE DEPOSITED 2 WEEKS BEFORE THE TRAVEL DATE

Account Name
RAGHBIR SINGH
Bank Name
HALIFAX
Sort Code 11-08-07
Account Number
00516474

ADVICE

REQUEST TO ALL SANGAT TO HAVE YOUR OWN TRAVEL INSURANCE INDIVIDUALLY !

FOR MORE INFO CONTACT

**RAGHBIR SINGH**
(CALL +44 7458 381111, +44 7976 210161)


PARAMJIT SHERGILL
+44 7858 198159

INDERJIT KAUR
+44 7883 635835


KULVINDER MANN
+44 7900 982906

121, BROADWAY WEST WALSALL, WEST MIDLANDS, WS1 4DW, ENGLAND UK

## ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥







ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ



# 29ਵਾਂ ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ

20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ

## ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ

## 1 ਨਵੰਬਰ 2025 ਦਿਨ ਸ਼ਨੀਵਾਰ ਨੂੰ

ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ

ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ

ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404



ਆਵਾਜ਼ਿ ਕੌਮ AWAZE QAUM
International Newspaper & WEB TV

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ।

ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2026 (15th Feb – 25thFeb 2026). During the stay we will try to provide you with all the possible facilities to make this trip a memorable one.**

## Tour Package

**Akal Takhat Sahib & 5 Other Places**
**Hydrabad & 5 Other Places**
**Hazur Sahib & 8 Other Gurudwaras**
**Patna Sahib & 5 Other Gurudwaras**
**Chandigarh & Sukhna Lake**
**Anandpur Sahib & 4 Other Gurudwaras**
**Damdama Sahib & 3 Other Gurudwaras**

- Luxury Hotel With Breakfast & Dinner
- Luxury Air-Conditioned Coaches
- Domestic Flights
- Guided
- Flexibility to stay in India before & after the trip
- Starting and Ending Point at Jalandhar

**Note : To Book Deposit £600 as an advance into the mentioned bank account balance amout need to be deposited 2 weeks before the travel date.**

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

**Contact Detail :**
**+44 7458 381111 +44 7976 210161**
**email: gnstuk@hotmail.com**

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

**--ADVICE--**
**Request to all Sangat to have own travel Insurance individualy!**

**Program is subject to change without Prior Notice.**

ਆਵਾਜ਼ਿ ਕੌਮ AWAZE QAUM

### JOURNEY OF A LIFE TIME

# PANJ TAKHAT YATRA

**5 TAKHAT YATRA - 10 NIGHTS / 11 DAYS**


ਆਵਾਜ਼ਿ ਕੌਮ AWAZE QAUM


### 15th FEB. Day 1st.



**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 16th Feb. Day 2nd.




Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 17th Feb Day 3rd



After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 18th Feb Day4th



Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 19th Feb Day5th



Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 20th Feb. Day 6th



After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 21st Feb Day 7th



After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 22th Feb Day 8th



After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 23rd Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 24th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 25th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**


**FOR MORE INFORMATION PLS. CONTACT**

**RAGHBIR SINGH** +44 7458 381111, +44 7976 210161
**PARAMJIT SHERGILL** +44 7858 198159
**INDERJIT KAUR** +44 7883 635835
**KULVINDER MANN** +44 7900 982906

ਵਾਹਿਗੁਰੂ ਜੀ ਕਾ ਖ਼ਾਲਸਾ ।

# ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
# ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕੀ ਫ਼ਤਹਿ ॥

ਆਵਾਜ਼ਿ ਕੌਮ AWAZE QAUM

## ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

**RAGHBIR SINGH (Call : +44 7976 210161)**
121. Broadway west Walsall, West Midlands, WS1 4DW, England uk


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 15 ਫਰਵਰੀ 2026 ਤੋਂ 25 ਫਰਵਰੀ 2026 (10 ਰਾਤ, 11 ਦਿਨ) ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ਼੍ਰੀ ਦੁਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 15 ਫਰਵਰੀ, 2026 ਨੂੰ ਸ਼ੁਰੂ ਹੋਵੇਗੀ ਤੇ ਇੱਥੇ ਹੀ 25 ਫਰਵਰੀ, 2026 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

ਬੁੱਕ ਕਰਨ ਲਈ 600 ਪੌਂਡ ਐਡਵਾਂਸ ਦੇ ਤੌਰ 'ਤੇ ਜਮ੍ਹਾਂ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਯਾਤਰਾ ਤੋਂ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

### ਅਕਾਊਂਟ ਨੰਬਰ ਤੇ ਡਿਟੇਲ

Account Name : RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

★ ਸਲਾਹ ★
ਸਮੂਹ ਸੰਗਤ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਤੌਰ 'ਤੇ ਟਰੈਵਲ ਇੰਸ਼ੋਰੈਂਸ ਕਰਵਾ ਲੈਣ

ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।


ਆਵਾਜ਼ਿ ਕੌਮ AWAZE QAUM

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ
# ਪੰਜ ਤਖ਼ਤ ਯਾਤਰਾ

ਆਵਾਜ਼ਿ ਕੌਮ AWAZE QAUM

10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

### 15 ਫਰਵਰੀ (ਦਿਨ 1)



ਸਾਰੀ ਸੰਗਤ ਗੁਰਦਵਾਰਾ ਦੁਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 16 ਫਰਵਰੀ (ਦਿਨ 2)




ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਊਜ਼ੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 17 ਫਰਵਰੀ (ਦਿਨ 3)




ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿਬ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋ ਫਿਕਸਡ ਮੈਨਿਊ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 18 ਫਰਵਰੀ (ਦਿਨ 4)




ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 19 ਫਰਵਰੀ (ਦਿਨ 5)




ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 20 ਫਰਵਰੀ (ਦਿਨ 6)




ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 21 ਫਰਵਰੀ (ਦਿਨ 7)




ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 22 ਫਰਵਰੀ (ਦਿਨ 8)




ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 23 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 24 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਉਜੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 25 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।

--★ ਯਾਤਰਾ ਵਿੱਚ ਸ਼ਾਮਲ ਹੋਣ ਅਤੇ ਹੋਰ ਵਧੇਰੇ ਜਾਣਕਾਰੀ ਲਈ ਦਿੱਤੇ ਗਏ ਨੰਬਰਾਂ 'ਤੇ ਸੰਪਰਕ ਕਰੋ ★--

| RAGHBIR SINGH | PARAMJIT SHERGILL | INDERJIT KAUR | KULWINDER MANN |
|---|---|---|---|
| +44 7458 381111, +44 7976 210161 | +44 7858 198159 | +44 7883 635835 | +44 7900 982906 |




# ਧਰਮ ਅਧਿਐਨ ਵਿਭਾਗ ਦੇ ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ ਪਰ ਮਹੀਨਾ 2000 ਰੁ: ਵਜ਼ੀਫ਼ਾ





ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਵੱਲੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ, ਸ੍ਰੀ ਅੰਮ੍ਰਿਤਸਰ, ਪੰਜਾਬੀ ਯੂਨੀਵਰਸਿਟੀ ਪਟਿਆਲਾ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਸ੍ਰੀ ਫਤਿਹਗੜ੍ਹ ਸਾਹਿਬ ਦੇ ਧਰਮ ਅਧਿਐਨ ਵਿਭਾਗ ਦੇ ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ ਪਰ ਮਹੀਨਾ 2000 ਰੁ: ਵਜ਼ੀਫ਼ਾ ਦਿੱਤਾ ਜਾਂਦਾ ਹੈ। ਇਸ ਤਹਿਤ ਅੱਜ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਵੱਲੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੂੰ ਵਜ਼ੀਫ਼ੇ ਦੇ ਚੈੱਕ ਸੌਂਪੇ ਗਏ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)


Singh Sahib Giani Malkit Singh Ji
Head Granthi Sri Akaal Takhat Sahib
Contact No -IND +91 98552 03174
America -+1(856)-473-8596
29 - 31 August
Nanak Naam Jahaaj Gurdwara
1080 Westside Ave , Jersey City , NJ 07306
5&7 Septmber
Mata GUJRI Sikh Society
11 Ellison Dr,cherry Hill,NJ08003
11 September
Guru Nanak Sikh Heritage
29 wyekoff Mills Rd,Monroe ,NJ09931
12-14 September
Philadelphia Sikh Society
6706 Garden CT Rd, Millbourne, PA19082
21 September
Garden state Sikh Association
977 Washington Vally Rd ,Basking Ridge,NJ07920
26-28 September
Guru Nanak Mission Gurdwara
138 Bauer Dr, Oakland,NJ08436
For More Information
Contact-Bhai Karamjit Singh Ji Shant
(201)694-1007
ਆਵਾਜ਼ਿ ਕੌਮ
AWAZE QAUM
International Newspaper & WEB TV

ਮੱਖੂ ਜੀਰਾ ਮੱਲਵਾਲਾ ਏਰੀਏ ਦੇ ਹੜ੍ਹ ਪ੍ਰਭਾਵਿਤ ਇਲਾਕਿਆ ਵਿੱਚ ਕਰਤਾਰ ਆਸਰਾ ਟਰੱਸਟ ਵੱਲੋਂ

# ਹੜ੍ਹ ਪੀੜਤ ਪਰਿਵਾਰਾਂ ਦੀ ਸਹਾਇਤਾ ਨਿਰੰਤਰ ਜਾਰੀ : ਕਰਨੈਲ ਸਿੰਘ ਪੀਰਮੁਹੰਮਦ













**ਚੰਡੀਗੜ੍ਹ, 15 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਬੀਤੇ ਦੋ ਹਫਤਿਆ ਤੋ ਕਰਤਾਰ ਆਸਰਾ ਟਰੱਸਟ ਚੰਡੀਗੜ੍ਹ ਦੀ ਚੇਅਰਪਰਸਨ ਬੀਬਾ ਚਰਨਕਮਲ ਕੌਰ ਅਤੇ ਭਾਈ ਤੇਜਸਵਰਪ੍ਰਤਾਪ ਸਿੰਘ ਗੋਬਿੰਦ ਵਾਈਸ ਚੇਅਰਮੈਨ ਸ਼੍ਰੋਮਣੀ ਸੰਤ ਖਾਲਸਾ ਇੰਟਰਨੈਸ਼ਨਲ ਫਾਊਂਡੇਸ਼ਨ ਵੱਲੋ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਹਿਯੋਗ ਨਾਲ ਲਗਾਤਾਰ ਹੜ ਪੀੜਤ ਪਰਿਵਾਰਾ ਦੀਆ ਜ਼ਰੂਰਤ ਮੁਤਾਬਿਕ ਸਹਾਇਤਾ ਕੀਤੀ ਜਾ ਰਹੀ ਹੈ । ਪ੍ਰੈੱਸ ਨੂੰ ਜਾਣਕਾਰੀ ਦਿੰਦਿਆ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਪ੍ਰਸਤ ਅਤੇ ਸੀਨੀਅਰ ਅਕਾਲੀ ਆਗੂ ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ ਹੜ੍ਹ ਪ੍ਰਭਾਵਿਤ ਇਲਾਕਿਆ ਵਿੱਚ ਪੀੜ੍ਹਤ ਪਰਿਵਾਰਾ ਤੱਕ ਮੈਡੀਕਲ ਕੈਂਪ ਰਾਹੀ ਲੈਬਾਟਰੀ ਟੈਸਟ ਅਤੇ ਡਾਕਟਰਾ ਦੀਆ ਟੀਮਾ ਮਰੀਜ਼ਾ ਦਾ ਇਲਾਜ ਕਰ ਰਹੀਆ ਹਨ ਅਸੀ ਐਬੂਲੈਂਸ ਟੀਮਾ ਰਾਹੀ ਵੀ ਹਰੇਕ ਜਗਾ ਪਹੁੰਚ ਕਰ ਰਹੇ ਹਾ । ਬੀਬਾ ਚਰਨਕਮਲ ਕੌਰ ਨੇ ਕਿਹਾ ਕਿ ਹੁਣ ਪਸ਼ੂਆ ਦਾ ਚਾਰੇ ਦੀ ਬਹੁਤ ਮੰਗ, ਕੀਤੀ ਜਾ ਰਹੀ ਹੈ । ਸ੍ ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ ਬੀਤੇ ਦਿਨ ਭਾਈ ਸੁਖਦੇਵ ਸਿੰਘ ਬੈਲਜੀਅਮ ਨੇ ਸਾਡੇ ਪਾਸ 25 ਟਰਾਲੀਆ ਸੁੱਕੀ ਤੂੜੀ ਅਤੇ ਅਚਾਰ ਵੀ ਸਾਡੇ ਪਾਸ ਭੇਜਿਆ ਗਿਆ ਹੈ । ਭਾਈ ਤੇਜਸਵਰਪ੍ਰਤਾਪ ਸਿੰਘ ਗੋਬਿੰਦ ਨੇ ਕਿਹਾ ਕਿ ਉਹ ਹੜ੍ਹ ਪ੍ਰਭਾਵਿਤ ਇਲਾਕਿਆ ਅਜਨਾਲਾ ਰਮਦਾਸ ਬਾਊਪੁਰ ਸੁਲਤਾਨਪੁਰ ਲੋਧੀ ਕਲਿਆਣ ਬੇਲਾ ਸਾਰੰਗਪੁਰ ਦੋਦਪੁਰ ਚਮਕੌਰ ਸਾਹਿਬ ਵਿਖੇ ਵੀ ਹੜ ਰਾਹਤ ਸਮਗਰੀ ਜਿਸ ਵਿੱਚ ਕਪੜੇ ਕਿਚਨ ਦਾ ਸਮਾਨ ਮੈਡੀਕਲ ਕਿੱਟਾ ਵੰਡੀਆ ਗਈਆ ਹਨ । ਹੜ੍ਹ ਪ੍ਰਭਾਵਿਤ ਇਲਾਕਿਆ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਭਾਈ ਗੁਰਮੁੱਖ ਸਿੰਘ ਸੰਧੂ , ਡਾਕਟਰ ਕਾਰਜ ਸਿੰਘ ਧਰਮ ਸਿੰਘ ਵਾਲਾ , ਭਾਈ ਹਰਦਿਆਲ ਸਿੰਘ ਭਿੰਡਰ, ਅਮਰਜੀਤ ਸਿੰਘ ਨਿਜ਼ਾਮਦੀਨ ਵਾਲਾ , ਭਾਈ ਦਿਲਬਾਗ ਸਿੰਘ ਵਰਪਾਲ , ਕੁਲਦੀਪ ਸਿੰਘ ਕੰਵਲਜੀਤ ਸਿੰਘ, ਸਰਪੰਚ ਗੁਰਮੀਤ ਸਿੰਘ, ਸਰਪੰਚ ਸਿੰਦਰ ਕੌਰ ਨਿਜ਼ਾਮਦੀਨ ਬਾਬਾ ਬਲਕਾਰ ਸਿੰਘ ਵਿਸੇਸ਼ ਤੌਰ ਤੇ ਹਾਜਰ ਸਨ।

# ਅਸਟਰੀਆ ਦੇ ਸ਼ਹਿਰ ਸਾਲਜਬਰਗ ਵਿਖੇ ਭਾਈ ਹਰਪ੍ਰੀਤ ਸਿੰਘ ਪੰਮਾ ਦੀ ਕਿਤਾਬ 'ਕੋਈ ਦੇਸ ਨਾ ਸਾਡਾ' ਜਾਰੀ, ਸੰਗਤਾਂ ਵੱਲੋਂ ਲੇਖਕ ਦੀ ਸ਼ਲਾਘਾ




**ਅੰਮ੍ਰਿਤਸਰ, 15 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅਸਟਰੀਆ ਦੇ ਸ਼ਹਿਰ ਸਾਲਜਬਰਗ ਦੇ ਗੁਰਦੁਆਰਾ ਸ੍ਰੀ ਗੁਰੂ ਅੰਗਦ ਦੇਵ ਜੀ ਵਿਖੇ ਭਾਈ ਹਰਪ੍ਰੀਤ ਸਿੰਘ ਪੰਮਾ ਵੱਲੋਂ ਲਿਖੀ 'ਕੋਈ ਦੇਸ ਨਾ ਸਾਡਾ' ਕਿਤਾਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਪ੍ਰਧਾਨ ਹਰਮੇਲ ਸਿੰਘ ਚੇਅਰਮੈਨ, ਸਾਗਰਪਾਲ ਸਿੰਘ ਵਿਰਕ, ਹਜ਼ੂਰੀ ਰਾਗੀ ਪ੍ਰਭਜੋਤ ਸਿੰਘ, ਰਾਗੀ ਜਥਾ ਸੁਰਜੀਤ ਸਿੰਘ ਵਿਆਨਾ, ਰਬਿੰਦਰ ਸਿੰਘ ਰੈਂਸੀ, ਭਾਈ ਨਛੱਤਰ ਸਿੰਘ ਭੈਣੀ ਮੱਸਾ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਅਸਟਰੀਆ, ਭਾਈ ਬਲਬੀਰ ਸਿੰਘ ਖਾਲਸਾ, ਪਵਨਪ੍ਰੀਤ ਸਿੰਘ, ਅਮਰੀਕ ਸਿੰਘ, ਅਮਰੋਕ ਸਿੰਘ ਵੱਲੋਂ ਖ਼ਾਲਸਾਈ ਜੈਕਾਰਿਆਂ ਦੀ ਭਰਵੀਂ ਗੂੰਜ ਵਿੱਚ ਜਾਰੀ ਕੀਤੀ ਗਈ। ਇਹ ਕਿਤਾਬ 'ਖ਼ਾਲਸਾ ਫ਼ਤਹਿਨਾਮਾ ਪ੍ਰਕਾਸ਼ਨ' ਵੱਲੋਂ ਛਾਪੀ ਗਈ ਹੈ। ਕਿਤਾਬ 'ਚ ਲੇਖਕ ਭਾਈ ਹਰਪ੍ਰੀਤ ਸਿੰਘ ਪੰਮਾ ਨੇ ਅਜੋਕੇ ਸਮੇਂ ਵਿੱਚ ਵਾਪਰੀ ਹਰ ਘਟਨਾ ਦੀ ਪੀੜ ਨੂੰ ਗ਼ੁਲਾਮੀ ਵਾਂਗ ਮਹਿਸੂਸ ਕਰ ਕੇ ਸਿੱਖਾਂ ਨੂੰ ਅਜ਼ਾਦੀ ਵੱਲ ਵਧਣ ਦਾ ਹੋਕਾ ਦਿੱਤਾ ਹੈ। ਉਹਨਾਂ ਦਾ 352 ਪੰਨਿਆਂ ਦੀ ਇਸ ਕਿਤਾਬ ਲਿਖਣ ਮਕਸਦ ਹੈ ਕਿ ਸਿੱਖਾਂ ਦਾ ਗ਼ੁਲਾਮੀ ਤੋਂ ਛੁਟਕਾਰਾ ਹੋਵੇ, ਸਿੱਖ ਅਜ਼ਾਦੀ ਮਾਨਣ, ਸਿੱਖਾਂ ਦਾ ਵੀ ਆਪਣਾ ਮੁਲਕ ਹੋਵੇ ਜਿੱਥੇ ਸਾਡਾ ਧਰਮ, ਇਸ਼ਟ, ਬੋਲੀ, ਸੱਭਿਆਚਾਰ, ਪਹਿਰਾਵਾ, ਕਕਾਰ, ਸਿਧਾਂਤ, ਗੁਰਧਾਮ, ਧੀਆਂ-ਭੈਣਾਂ ਅਤੇ ਕੁਦਰਤੀ ਸ੍ਰੋਤ ਸੁਰੱਖਿਅਤ ਰਹਿਣ। ਅਸਟਰੀਆ ਦੇ ਸਮੂਹ ਪੰਥਕ ਆਗੂਆਂ ਨੇ ਕਿਹਾ ਕਿ ਭਾਈ ਹਰਪ੍ਰੀਤ ਸਿੰਘ ਪੰਮਾ ਜੋ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਵੱਲੋਂ ਅਰੰਭੇ ਸੰਘਰਸ਼ 'ਚ ਸਰਗਰਮ ਰਹੇ, ਜੁਝਾਰੂ ਕਾਰਨਾਮੇ ਕੀਤੇ, ਤਸ਼ੱਦਦ ਝੱਲਿਆ ਤੇ ਅਨੇਕਾਂ ਸੰਘਰਸ਼ੀ ਸਿੰਘਾਂ ਦਾ ਸਾਥ ਮਾਣਿਆ। ਜਿਸ ਦਾ ਜ਼ਿਕਰ ਉਹ ਆਪਣੀ ਪਹਿਲੀ ਕਿਤਾਬ 'ਖਾੜਕੂ ਸੰਘਰਸ਼' ਅਤੇ ਦੂਜੀ ਕਿਤਾਬ 'ਕੰਧ ਓਹਲੇ ਪ੍ਰਦੇਸ' ਵਿੱਚ ਕਰ ਚੁੱਕੇ ਹਨ। ਉਹ ਹਮੇਸ਼ਾਂ ਖ਼ਾਲਸਾ ਪੰਥ ਅਤੇ ਦੇਸ ਪੰਜਾਬ ਦੀ ਚੜ੍ਹਦੀ ਕਲਾ ਲੋਚਦੇ ਹਨ, ਸ਼ਹੀਦਾਂ ਦੇ ਪਰਿਵਾਰਾਂ ਤੇ ਲੋੜਵੰਦਾਂ ਦੀ ਸਾਰ ਵੀ ਲੈਂਦੇ ਆ ਰਹੇ ਨੇ, ਸਿੱਖੀ ਦੇ ਪ੍ਰਚਾਰ ਲਈ ਵੀ ਯਤਨਸ਼ੀਲ ਅਤੇ ਕੌਮੀ ਘਰ ਦੀ ਅਜ਼ਾਦੀ ਲਈ ਤਤਪਰ ਹਨ। ਕਿਤਾਬ 'ਚ ਵਾਰ-ਵਾਰ ਗ਼ੁਲਾਮੀ ਦੇ ਲੱਛਣ ਦੱਸੇ ਗਏ ਹਨ, ਇਹ ਕਿਤਾਬ 98557-89851 ਵਟ੍ਹਸਐਪ ਨੰਬਰ ਤੋਂ ਡਾਕ ਰਾਹੀਂ ਮੰਗਵਾਈ ਜਾ ਸਕਦੀ ਹੈ।

# ਕੈਬਨਿਟ ਮੰਤਰੀ ਡਾ. ਰਵਜੋਤ ਤੇ ਵਿਧਾਇਕ ਜਿੰਪਾ ਨੇ ਮਾਸੂਮ ਹਰਬੀਰ ਦੇ ਪਰਿਵਾਰ ਨਾਲ ਕੀਤਾ ਦੁੱਖ ਦਾ ਪ੍ਰਗਟਾਵਾ

## ਪਰਿਵਾਰ ਨੂੰ ਦਿੱਤਾ ਇਨਸਾਫ ਦਾ ਭਰੋਸਾ

**ਹੁਸ਼ਿਆਰਪੁਰ, 15 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਅੱਜ ਫਗਵਾੜਾ ਪਹੁੰਚੇ ਅਤੇ ਹੁਸ਼ਿਆਰਪੁਰ ਵਿਚ ਬੇਰਹਿਮੀ ਨਾਲ ਕਤਲ ਕੀਤੇ ਗਏ 5 ਸਾਲਾ ਮਾਸੂਮ ਹਰਬੀਰ ਸਿੰਘ ਦੇ ਪਰਿਵਾਰਕ ਮੈਂਬਰਾਂ ਨੂੰ ਮਿਲ ਕੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਦੁਖੀ ਪਰਿਵਾਰ ਨੂੰ ਦਿਲਾਸਾ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਸ ਅਣਮਨੁੱਖੀ ਘਟਨਾ ਦੀ ਸਖ਼ਤ ਨਿੰਦਾ ਕਰਦੀ ਹੈ ਅਤੇ ਦੋਸ਼ੀਆਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਭਰੋਸਾ ਦਿੱਤਾ ਕਿ ਸਰਕਾਰ ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਹਰ ਸੰਭਵ ਕਦਮ ਚੁੱਕੇਗੀ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਅਜਿਹੀਆਂ ਘਟਨਾਵਾਂ ਸਮਾਜ ਲਈ ਕਲੰਕ ਹਨ ਅਤੇ ਇਨ੍ਹਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆਮ ਲੋਕਾਂ ਨੂੰ ਸੁਰੱਖਿਆ ਅਤੇ ਨਿਆਂ ਦੀ ਗਰੰਟੀ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਮੌਕੇ ਵਿਧਾਇਕ ਬ੍ਰਮ ਸ਼ੰਕਰ ਜ਼ਿੰਪਾ ਨੇ ਵੀ ਪੀੜਤ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਇਹ ਘਟਨਾ ਨਾ ਸਿਰਫ਼ ਹਰਬੀਰ ਸਿੰਘ ਦੇ ਪਰਿਵਾਰ ਲਈ ਸਗੋਂ ਪੂਰੇ ਇਲਾਕੇ ਲਈ ਇੱਕ ਵੱਡਾ ਸਦਮਾ ਹੈ। ਜ਼ਿੰਪਾ ਨੇ ਭਰੋਸਾ ਦਿੱਤਾ ਕਿ ਪ੍ਰਸ਼ਾਸਨ ਅਤੇ ਪੁਲਿਸ ਮਾਮਲੇ ਦੇ ਹਰ ਪਹਿਲੂ ਤੋਂ ਜਾਂਚ ਕਰਕੇ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦਿਵਾਉਣ ਦਾ ਕੰਮ ਕਰਗੇਗੀ। ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਅਤੇ ਵਿਧਾਇਕ ਜ਼ਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਪਰਿਵਾਰ ਨੂੰ ਇਨਸਾਫ਼ ਦਿਵਾਉਣ ਵਿਚ ਪੂਰਾ ਸਹਿਯੋਗ ਦੇਵੇਗੀ ਅਤੇ ਇਹ ਯਕੀਨੀ ਬਣਾਏਗੀ ਕਿ ਦੋਸ਼ੀਆਂ ਨੂੰ ਜਲਦੀ ਤੋਂ ਜਲਦੀ ਕਾਨੂੰਨ ਤਹਿਤ ਸਖ਼ਤ ਸਜ਼ਾ ਮਿਲੇ।



ਵਰ੍ਹੇਗੰਢ ਮੁਬਾਰਕ

ਪੱਤਰਕਾਰ ਕਰਨੈਲ ਸਿੰਘ ਐੱਮ.ਏ. ਅਤੇ ਅਮਰਜੀਤ ਕੌਰ 'ਅਮਨ' ਚੰਡੀਗੜ੍ਹ ਰੋਡ, ਜਮਾਲਪੁਰ, ਲੁਧਿਆਣਾ ਨੇ ਆਪਣੇ ਵਿਆਹ ਦੀ 28ਵੀਂ ਵਰ੍ਹੇਗੰਢ ਮਨਾਈ।



ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

AWAZE QAUM International Newspaper & WEB TV

# ਅੱਸੂ ਮਹੀਨੇ ਦੀ ਸੰਗਰਾਂਦ ’ਤੇ ਵਿਸ਼ੇਸ਼

**ਅਸੁਨਿ**

ਅਸੁਨਿ ਪ੍ਰੇਮ ਉਮਾਹੜਾ ਕਿਉ ਮਿਲੀਐ ਹਰਿ ਜਾਇ ॥
ਮਨਿ ਤਨਿ ਪਿਆਸ ਦਰਸਨ ਘਣੀ ਕੋਈ ਆਣਿ ਮਿਲਾਵੈ ਮਾਇ ॥
ਸੰਤ ਸਹਾਈ ਪ੍ਰੇਮ ਕੇ ਹਉ ਤਿਨ ਕੈ ਲਾਗਾ ਪਾਇ॥
ਵਿਣੁ ਪ੍ਰਭ ਕਿਉ ਸੁਖੁ ਪਾਈਐ ਦੂਜੀ ਨਾਹੀ ਜਾਇ ॥
ਜਿੰਨੀ ਚਾਖਿਆ ਪ੍ਰੇਮ ਰਸੁ ਸੇ ਤ੍ਰਿਪਤਿ ਰਹੇ ਆਘਾਇ ॥
ਆਪੁ ਤਿਆਗਿ ਬਿਨਤੀ ਕਰਹਿ ਲੇਹੁ ਪ੍ਰਭੂ ਲੜਿ ਲਾਇ॥
ਜੋ ਹਰਿ ਕੰਤ ਮਿਲਾਈਆ ਸੇ ਵਿਛੁੜਿ ਕਤਹਿ ਨ ਜਾਇ॥
ਪ੍ਰਭ ਵਿਣੁ ਦੂਜਾ ਕੋ ਨਹੀ ਨਾਨਕ ਹਰਿ ਸਰਣਾਇ॥
ਅਸੂ ਸੁਖੀ ਵਸੰਦੀਆ ਜਿਨਾ ਮਇਆ ਹਰਿ ਰਾਇ॥8॥

ਸਰਬ ਜਗਤ ਉਧਾਰ ਕਰਤਾ ਬ੍ਰਹਮ-ਗਿਆਨ ਦੇ ਸਾਗਰ ਸ਼੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਨੇ ਬਾਰਹ ਮਾਹਾ ਬਾਣੀ ਦੀ ਇਸ ਪਉੜੀ ਅੰਦਰ ਅੱਸੂ ਦੇ ਮਹੀਨੇ ਦੀ ਠੰਢੀ-ਮਿੱਠੀ ਰੁੱਤ ਵਿੱਚ ਸੰਤ, ਸਤਿਗੁਰੂ ਦਾ ਉਪਦੇਸ਼ ਲੈ ਕੇ ਮਨੁੱਖ ਨੂੰ ਗੋਬਿੰਦ ਦੀ ਪ੍ਰਾਪਤੀ ਕਰਨ ਵਾਲਾ ਅਨੰਦਮਈ ਜੀਵਨ ਪ੍ਰਾਪਤ ਕਰਨ ਦੀ ਜਾਚ ਦੱਸੀ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV

ਅਸੁਨਿ ਪ੍ਰੇਮ ਉਮਾਹੜਾ ਕਿਉ ਮਿਲੀਐ ਹਰਿ ਜਾਇ॥

ਪਦ ਅਰਥ : ਅਸੁਨਿ --ਅੱਸੂ ਦੇ ਮਹੀਨੇ ਵਿੱਚ, ਆਸ਼ਾਵਾਂ ਭਰੇ ਜੀਵਨ ਵਿੱਚ, ਉਮਾਹੜਾ --ਉਛਾਲਾ, ਕਿਉ--ਕਿਸ ਤਰੀਕੇ, ਜਾਇ--ਜਾ ਕੇ ।

ਅਰਥ : ਸ਼੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਜਿਗਿਆਸੂ ਰੂਪ ਇਸਤਰੀ ਦੁਆਰਾ ਉਪਦੇਸ਼ ਦਿੰਦੇ ਹਨ ਕਿ ਅੱਸੂ ਦੀ ਠੰਢੀ-ਮਿੱਠੀ ਰੁੱਤ ਭਾਵ ਆਸ਼ਾਵਾਂ ਭਰੇ ਜੀਵਨ ਵਿੱਚ ਸਤਿਸੰਗਤ ਦੀ ਠੰਡੀ-ਮਿੱਠੀ ਹਵਾ, ਪ੍ਰਭੂ ਦੀ ਸਿਫ਼ਤ-ਸਲਾਹ ਸੁਣਨ ਤੋਂ ਮੇਰੇ ਹਿਰਦੇ ਅੰਦਰ ਪ੍ਰਭੂ ਪ੍ਰੇਮ ਦਾ ਉਛਾਲਾ ਆਇਆ ਹੈ ਕਿ ਸੱਚੇ ਪ੍ਰਭੂ ਨੂੰ ਕਿਵੇਂ ਜਾ ਕੇ ਮਿਲਾਂ ।

ਮਨਿ ਤਨਿ ਪਿਆਸ ਦਰਸਨ ਘਣੀ ਕੋਈ ਆਣਿ ਮਿਲਾਵੈ ਮਾਇ॥

ਪਦ ਅਰਥ : ਮਨਿ-- ਮਨ ਵਿੱਚ, ਤਨਿ--ਸਰੀਰ ਵਿੱਚ, ਘਣੀ-ਬਹੁਤੀ, ਆਣਿ --ਲਿਆ ਕੇ ।

ਅਰਥ : ਮੇਰੇ ਮਨ ਵਿੱਚ ਤੇ ਮੇਰੇ ਸਰੀਰ ਦੇ ਅੰਗ-ਅੰਗ ਵਿੱਚ ਪ੍ਰਭੂ ਦਰਸ਼ਨ ਦੀ ਬਹੁਤ ਹੀ ਪਿਆਸ ਲੱਗੀ ਹੋਈ ਹੈ ਭਾਵ ਪ੍ਰਭੂ ਦੇ ਮਿਲਣ ਦੀ ਤੀਬਰ ਇੱਛਾ ਹੈ ਤੇ ਮੈਂ ਇਸ ਢੂੰਡ ਵਿੱਚ ਹਾਂ ਕਿ ਪ੍ਰਭੂ ਦੇ ਮਿਲਾਪ ਵਿੱਚ ਕੋਈ ਮੇਰੀ ਸਹਾਇਤਾ ਕਰੇ ।

ਸੰਤ ਸਹਾਈ ਪ੍ਰੇਮ ਕੇ ਹਉ ਤਿਨ ਕੈ ਲਾਗਾ ਪਾਇ॥

ਪਦ ਅਰਥ : ਸਹਾਈ--ਸਹਾਇਤਾ, ਪ੍ਰੇਮ ਕੇ -- ਪ੍ਰਭੂ ਦੇ ਪਿਆਰ ਵਿੱਚ, ਪਾਇ--ਚਰਨੀਂ

ਅਰਥ : ਇਸ ਢੂੰਡ ਵਿੱਚ ਮੈਨੂੰ ਪਤਾ ਲੱਗਿਆ ਹੈ ਕਿ ਮਹਾਤਮਾ ਪੁਰਸ਼ ਇਸ ਪ੍ਰੇਮ ਮਾਰਗ ਭਾਵ ਪਰਮਾਤਮਾ ਦੇ ਮਿਲਾਪ ਵਿੱਚ ਸਹਾਇਤਾ ਕਰਨ ਲਈ ਸਮਰੱਥ ਹਨ, ਇਸ ਕਾਰਨ ਮੈਂ ਨਿਮਰਤਾ ਸਹਿਤ ਉਹਨਾਂ ਸੰਤ ਜਨਾਂ ਦੇ ਚਰਨੀਂ ਲੱਗਦੀ ਹਾਂ ।

ਵਿਣੁ ਪ੍ਰਭ ਕਿਉ ਸੁਖੁ ਪਾਈਐ ਦੂਜੀ ਨਾਹੀ ਜਾਇ॥

ਪਦ ਅਰਥ : ਜਾਇ-- ਥਾਂ, ਜਗ੍ਹਾ ।

ਅਰਥ : ਇਹ ਸੰਤਾਂ ਦੀ ਸ਼ਰਨ ਪ੍ਰਾਪਤ ਕਰਨ ਦਾ ਉਪਰਾਲਾ ਤੇ ਪ੍ਰਭੂ ਨੂੰ ਮਿਲਣ ਦੀ ਤਾਂਘ ਇਸ ਲਈ ਕਰਦੀ ਹਾਂ ਕਿ ਪ੍ਰਭੂ ਦੇ ਮਿਲਾਪ ਤੋਂ ਬਿਨਾਂ ਹੋਰ ਕਿਸੇ ਤਰ੍ਹਾਂ ਵੀ ਆਤਮਿਕ ਸੁੱਖ ਪ੍ਰਾਪਤ ਨਹੀਂ ਹੋ ਸਕਦਾ, ਪ੍ਰਭੂ ਤੋਂ ਬਿਨਾਂ ਹੋਰ ਕੋਈ ਜਗ੍ਹਾ ਸੁੱਖ ਦੇਣਹਾਰੀ ਨਹੀਂ ਹੈ ।

ਜਿੰਨੀ ਚਾਖਿਆ ਪ੍ਰੇਮ ਰਸੁ ਸੇ ਤ੍ਰਿਪਤਿ ਰਹੇ ਆਘਾਇ॥

ਪਦ ਅਰਥ : ਚਾਖਿਆ--ਮਾਣਿਆ, ਤ੍ਰਿਪਤਿ-- ਰੱਜ ਗਏ, ਆਘਾਇ -- ਬਹੁਤੇ ਰੱਜ ਗਏ।

ਅਰਥ : ਹੇ ਭਾਈ ! ਇਹ ਗੱਲ ਪ੍ਰਤੱਖ ਹੈ ਕਿ ਜਿਨ੍ਹਾਂ ਨੇ ਪਰਮਾਤਮਾ ਨਾਲ ਪ੍ਰੇਮ ਕੀਤਾ ਹੈ ਉਹਨਾਂ ਨੂੰ ਆਤਮਿਕ ਸੋਝੀ ਪ੍ਰਾਪਤ ਹੋਈ ਹੈ ਤੇ ਉਹਨਾਂ ਨੂੰ ਐਸੀ ਤ੍ਰਿਪਤੀ ਆਈ ਹੈ ਕਿ ਉਹਨਾਂ ਨੂੰ ਦੁਨੀਆਂ ਦੇ ਪਦਾਰਥਾਂ ਦੀ ਭੁੱਖ ਲੱਗਦੀ ਹੀ ਨਹੀਂ।

ਆਪੁ ਤਿਆਗਿ ਬਿਨਤੀ ਕਰਹਿ ਲੇਹੁ ਪ੍ਰਭੂ ਲੜਿ ਲਾਇ॥

ਪਦ ਅਰਥ : ਆਪੁ ਤਿਆਗਿ -- ਹੰਕਾਰ ਰਹਿਤ ਹੋ ਕੇ, ਲੜਿ-- ਪੱਲਾ, ਆਸਰਾ ।

ਅਰਥ : ਉਹ ਜਿਗਿਆਸੂ ਹਉਮੈਂ ਹੰਕਾਰ ਨੂੰ ਛੱਡ ਕੇ ਨਿਮਰਤਾ ਸਹਿਤ ਬੇਨਤੀ ਕਰਦੇ ਹਨ ਕਿ ਹੇ ਵਾਹਿਗੁਰੂ ਜੀ ! ਸਾਨੂੰ ਆਪਣੇ ਚਰਨਾਂ ਦਾ ਹੀ ਆਸਰਾ ਬਖ਼ਸ਼ੋ।

ਜੋ ਹਰਿ ਕੰਤਿ ਮਿਲਾਈਆ ਸਿ ਵਿਛੁੜਿ ਕਤਹਿ ਨ ਜਾਇ ॥

ਪਦ ਅਰਥ : ਹਰਿ ਕੰਤਿ --ਪ੍ਰਭੂ ਪਤੀ, ਮਿਲਾਈਆ -- ਮੇਲੀਆਂ ਹਨ, ਕਤਹਿ--ਕਦੇ ਵੀ।

ਅਰਥ : ਜਿਨ੍ਹਾਂ ਵਡਭਾਗੀ ਜੀਵ ਇਸਤਰੀਆਂ ਨੂੰ ਉਸ ਪ੍ਰਭੂ ਪਤੀ ਨੇ ਆਪਣੇ ਨਾਲ ਮਿਲਾ ਲਿਆ ਹੈ, ਉਹਨਾਂ ਨੂੰ ਫਿਰ ਪ੍ਰਭੂ ਦੇ ਮਿਲਾਪ ਤੋਂ ਵਿਛੋੜਾ ਹੁੰਦਾ ਹੀ ਨਹੀਂ ।

ਪ੍ਰਭ ਵਿਣੁ ਦੂਜਾ ਕੋ ਨਹੀ ਨਾਨਕ ਹਰਿ ਸਰਣਾਇ॥


ਪਦ ਅਰਥ : ਵਿਣੁ-- ਬਿਨਾਂ, ਸਰਣਾਇ--ਹਰੀ ਦੀ ਸ਼ਰਨ ਲੈ ਲਈ ।

ਅਰਥ : ਅਜਿਹਾ ਮਾਲਕ ਮੁੜ ਕੇ ਨਾ ਵਿੱਛੜਨ ਵਾਲੇ ਪ੍ਰਭੂ ਤੋਂ ਬਿਨਾਂ ਹੋਰ ਕੋਈ ਨਹੀਂ ਹੈ । ਇਸ ਲਈ ਮੈਂ ਤਾਂ ਉਸੇ ਹਰੀ ਦੀ ਸ਼ਰਨ ਹੀ ਗ੍ਰਹਿਣ ਕੀਤੀ ਹੈ ।

ਅਸੂ ਸੁਖੀ ਵਸੰਦੀਆ ਜਿਨਾ ਮਇਆ ਹਰਿ ਰਾਇ॥8॥

ਪਦ ਅਰਥ : ਮਇਆ--ਮਿਹਰ, ਹਰਿ ਰਾਇ --ਪ੍ਰਭੂ ਪਾਤਸ਼ਾਹ।

ਅਰਥ : ਸ਼੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਅੱਸੂ ਦੇ ਮਹੀਨੇ ਦੁਆਰਾ ਫ਼ਰਮਾਨ ਕਰਦੇ ਹਨ ਕਿ ਇਸ ਆਸ਼ਾਵਾਂ ਭਰੇ ਮਨੁੱਖੀ ਜੀਵਨ ਵਿੱਚ ਉਹ ਜੀਵ ਇਸਤਰੀਆਂ ਸੁਖੀ ਵੱਸਦੀਆਂ ਹਨ ਜਿਨ੍ਹਾਂ ਤੇ ਸੱਚੇ ਪਰਮੇਸ਼ਰ ਦੀ ਕਿਰਪਾ ਹੋਈ ਹੈ ।




ਭਾਵ ਅਰਥ : ਸ਼੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਬੀਤ ਰਹੇ ਸਮੇਂ ਵੱਲ ਨਜ਼ਰ ਪਵਾ ਕੇ ਮਨੁੱਖ ਨੂੰ ਸੱਚ ਨਾਲ ਜੋੜਨ ਦੀ ਕਿਰਪਾ ਕਰਦੇ ਹਨ, ਇਸਤਰੀ ਤੇ ਪਤੀ ਦਾ ਦ੍ਰਿਸ਼ਟਾਂਤ ਦਿੰਦੇ ਹਨ ਕਿ ਜਿਵੇਂ ਭਾਦੋਂ ਦੀ ਗਰਮੀ ਤੋਂ ਦੁਖੀ ਹੋ ਕੇ ਇਸਤਰੀ ਪਤੀ ਸੇਵਾ ਤੋਂ ਮੁੱਖ ਮੋੜ ਲੈਂਦੀ ਹੈ ਤੇ ਆਪਣੇ ਸਰੀਰ ਤੇ ਪਦਾਰਥਾਂ ਨਾਲ ਮੋਹ ਪਾ ਲੈਂਦੀ ਹੈ ਤਾਂ ਮਾਲਕ ਉਸ ਨੂੰ ਦੂਰ ਕਰ ਦਿੰਦਾ ਹੈ। ਉਹ ਹੋਰ ਵੀ ਜ਼ਿਆਦਾ ਦੁਖੀ ਹੁੰਦੀ ਹੈ, ਅੱਸੂ ਦੀ ਠੰਢੀ ਮਿੱਠੀ ਰੁੱਤ ਆਉਣ ’ਤੇ ਉਸ ਦੇ ਮਨ ਵਿੱਚ ਆਪਣੇ ਪਤੀ ਲਈ ਤਾਂਘ ਪੈਦਾ ਹੁੰਦੀ ਹੈ ਤੇ ਵਿਚੋਲਿਆਂ ਦੀ ਸਹਾਇਤਾ ਨਾਲ ਮਾਲਕ ਦਾ ਮਿਲਾਪ ਹਾਸਲ ਕਰਕੇ ਸੁਖੀ ਹੁੰਦੀ ਹੈ । ਇਸ ਤਰ੍ਹਾਂ ਮਨੁੱਖ ਦਵੈਤ-ਭਾਵ ਵਿੱਚ ਪੈ ਕੇ ਸੱਚੇ ਪ੍ਰਭੂ ਮਾਲਕ ਨੂੰ ਵਿਸਾਰ ਦਿੰਦਾ ਹੈ, ਝੂਠੀ ਮਾਇਆ ਵਿੱਚ ਮੋਹ ਪਾ ਲੈਂਦਾ ਹੈ, ਕਾਮ ਆਦਿਕ ਵਿੱਚ ਦੁਖੀ ਹੁੰਦਾ ਰਹਿੰਦਾ ਹੈ । ਰੱਬ ਦੀ ਮਿਹਰ ਹੋਣ ਤੇ ਇਸ ਦੇ ਜੀਵਨ ਵਿੱਚ ਸਤਿਸੰਗ ਦੀ ਠੰਢੀ-ਮਿੱਠੀ ਹਵਾ ਪ੍ਰਾਪਤ ਕਰਨ ਦਾ ਸਮਾਂ ਆ ਜਾਂਦਾ ਹੈ । ਗੁਰਮਤਿ ਵਿੱਚ ਸੁਹਾਵਨਾ ਦਿਨ ਜਾਂ ਚੰਗੀ ਰੁੱਤ ਉਸ ਸਮੇਂ ਨੂੰ ਆਖਿਆ ਹੈ ਜਿਸ ਸਮੇਂ ਵਾਹਿਗੁਰੂ ਚਿੱਤ ਆਵੇ, ਸਤਿਗੁਰੂ ਦਾ ਫ਼ਰਮਾਨ ਹੈ: ਨਾਨਕ ਸੋਈ ਦਿਨਸੁ ਸੁਹਾਵੜਾ ਜਿਤੁ ਪ੍ਰਭੁ ਆਵੈ ਚਿਤਿ ॥

(ਗਉੜੀ ਕੀ ਵਾਰ, ਅੰਗ 318)

ਅਨੁਸਾਰ ਸਤਿਸੰਗੀ ਮਨੁੱਖ ਜਦੋਂ ਪ੍ਰਭੂ ਦੀਆਂ ਠੰਡੀਆਂ- ਮਿੱਠੀਆਂ ਗੱਲਾਂ ਸੁਣਦਾ ਹੈ ਤਾਂ ਉਸ ਦੇ ਹਿਰਦੇ ਅੰਦਰ ਪ੍ਰਭੂ ਨੂੰ ਮਿਲਣ ਲਈ ਤਾਂਘ ਪੈਦਾ ਹੁੰਦੀ ਹੈ ਤੇ ਇਸ ਮਿਲਾਪ ਵਿੱਚ ਸਹਾਇਤਾ ਦੇਣ ਵਾਲੇ ਸੰਤ ਜਨ (ਸਤਿਗੁਰੂ) ਹਨ ਜੋ ਪ੍ਰਭੂ ਨਾਲ ਮਿਲੇ ਹੋਏ ਹਨ ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਦਮਦਮੀ ਟਕਸਾਲ ਦਾ ਵੱਡਾ ਫ਼ੈਸਲਾ

# ਹੜ੍ਹ ਪੀੜਤ ਕਿਸਾਨਾਂ ਨੂੰ ਮੁੜ ਖੜ੍ਹਾ ਕੀਤਾ ਜਾਵੇਗਾ : ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ







**ਅੰਮ੍ਰਿਤਸਰ/ਮਹਿਤਾ ਚੌਂਕ, 15 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਦੇ ਖੇਤਾਂ ਨੂੰ ਹੜ੍ਹਾਂ ਨੇ ਬੇਹੱਦ ਤਬਾਹ ਕਰ ਦਿੱਤਾ ਹੈ। ਹਾਲਾਤ ਇਹ ਹਨ ਕਿ ਬੇਅੰਤ ਕਿਸਾਨ ਘਰੋਂ ਉਜੜ ਗਏ ਹਨ ਅਤੇ ਖੇਤ ਬਰਬਾਦੀ 'ਚ ਬਦਲ ਗਏ ਹਨ। ਇਸ ਭਿਆਨਕ ਘੜੀ ਵਿੱਚ ਸਿੱਖ ਕੌਮ ਦੀ ਸਿਰਮੌਰ ਜਥੇਬੰਦੀ ਦਮਦਮੀ ਟਕਸਾਲ (ਜਥਾ ਭਿੰਡਰਾਂ ਮਹਿਤਾ) ਨੇ ਪ੍ਰਭਾਵਿਤ ਕਿਸਾਨਾਂ ਨੂੰ ਆਪਣੇ ਪੈਰਾਂ 'ਤੇ ਮੁੜ ਖੜ੍ਹਾ ਕਰਨ ਦਾ ਫੈਸਲਾ ਕੀਤਾ ਹੈ। ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਜੀ ਨੇ ਸਪੱਸ਼ਟ ਕੀਤਾ ਕਿ "ਕਿਸਾਨੀ ਪੰਜਾਬ ਦੀ ਰੀੜ੍ਹ ਦੀ ਹੱਡੀ ਹੈ। ਹੜ੍ਹ ਕਾਰਨ ਉਜੜੇ ਕਿਸਾਨਾਂ ਨੂੰ ਮੁੜ ਆਪਣੇ ਪੈਰਾਂ 'ਤੇ ਖੜ੍ਹਾ ਕਰਨਾ ਸਾਡਾ ਧਾਰਮਿਕ ਅਤੇ ਕੌਮੀ ਫ਼ਰਜ਼ ਹੈ। ਟਕਸਾਲ ਇਹ ਯਕੀਨੀ ਬਣਾਵੇਗੀ ਕਿ ਕਿਸਾਨ ਹੌਂਸਲਾ ਨਾ ਹਾਰਣ।"

ਟਕਸਾਲ ਦੇ ਆਗੂ ਭਾਈ ਸਾਹਿਬ ਸਿੰਘ ਨੇ ਦੱਸਿਆ ਕਿ ਇਸ ਫ਼ੈਸਲੇ ਅਧੀਨ ਪ੍ਰਭਾਵਿਤ ਖੇਤਾਂ ਨੂੰ ਦੁਬਾਰਾ ਖੇਤੀ ਯੋਗ ਬਣਾਇਆ ਜਾਵੇਗਾ ਅਤੇ ਕਿਸਾਨਾਂ ਨੂੰ ਬੀਜ, ਖਾਦ, ਸੰਦ-ਸਾਮਾਨ ਅਤੇ ਹੋਰ ਲੋੜੀਂਦੀ ਸਹਾਇਤਾ ਮੁਹੱਈਆ ਕਰਵਾਈ ਜਾਵੇਗੀ। ਜਿਸ ਲਈ ਤਰਨ ਤਾਰਨ, ਫ਼ਿਰੋਜ਼ਪੁਰ, ਗੁਰਦਾਸਪੁਰ ਅਤੇ ਅੰਮ੍ਰਿਤਸਰ ਜ਼ਿਲ੍ਹਿਆਂ ਵਿੱਚ ਟਕਸਾਲ ਦੀਆਂ ਟੀਮਾਂ ਵੱਲੋਂ ਪ੍ਰਭਾਵਿਤ ਖੇਤਰਾਂ ਦਾ ਮੁਆਇਨਾ ਸ਼ੁਰੂ ਕਰ ਦਿੱਤਾ ਗਿਆ ਹੈ। ਜਿੱਥੇ ਵੀ ਖੇਤੀਬਾੜੀ ਜਾਂ ਪਰਿਵਾਰਕ ਜ਼ਰੂਰਤ ਮਹਿਸੂਸ ਹੋਵੇਗੀ, ਉੱਥੇ ਸੰਗਤਾਂ ਦੇ ਸਹਿਯੋਗ ਨਾਲ ਟਕਸਾਲ ਵੱਡੀ ਭੂਮਿਕਾ ਨਿਭਾਏਗੀ। ਅੱਜ ਅਜਨਾਲਾ ਦੇ ਪਿੰਡ ਬਾਜਵਾ ਵਿਖੇ ਟਕਸਾਲ ਵੱਲੋਂ ਲਗਾਏ ਗਏ ਰਾਹਤ ਕੈਂਪ ਵਿੱਚ ਵੱਡੀ ਗਿਣਤੀ ਵਿੱਚ ਧਾਰਮਿਕ ਤੇ ਸਮਾਜਕ ਆਗੂਆਂ ਨੇ ਹਾਜ਼ਰੀ ਭਰੀ। ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰ ਪਾਲ ਸਿੰਘ ਬੁੱਟਰ, ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ, ਸਿੱਖ ਸਟੂਡੈਂਟ ਫੈਡਰੇਸ਼ਨ ਦੇ ਪ੍ਰਧਾਨ ਅਮਰਬੀਰ ਸਿੰਘ ਢੋਟ, ਐਸ.ਜੀ.ਪੀ.ਸੀ. ਮੈਂਬਰ ਜੋਧ ਸਿੰਘ ਸਮਰਾ ਸਮੇਤ ਕਈ ਹੋਰ ਆਗੂਆਂ ਨੇ ਹਾਜ਼ਰੀ ਭਰੀ। ਮੁਸਲਮਾਨ ਭਾਈਚਾਰੇ ਦੇ ਨੌਜਵਾਨਾਂ ਨੇ ਵੀ ਭਾਰੀ ਗਿਣਤੀ 'ਚ ਸ਼ਮੂਲੀਅਤ ਕਰਕੇ ਟਕਸਾਲ ਨੂੰ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ।

ਸੇਵਾ ਦੇ ਮਹੱਤਵ 'ਤੇ ਜ਼ੋਰ ਦਿੰਦਿਆਂ ਸਿੰਘ ਸਾਹਿਬ ਗਿਆਨੀ ਪਰਵਿੰਦਰ ਪਾਲ ਸਿੰਘ ਬੁੱਟਰ ਨੇ ਕਿਹਾ ਕਿ "ਸੰਸਾਰ ਵਿੱਚ ਮਨੁੱਖਤਾ ਦੀ ਨਿਰਸਵਾਰਥ ਸੇਵਾ ਤੋਂ ਵੱਡਾ ਕੋਈ ਸ਼ੁਭ ਕਰਮ ਨਹੀਂ। ਸੇਵਾ ਤੋਂ ਬਿਨਾਂ ਚੰਗੇ ਤੇ ਸਫਲ ਜੀਵਨ ਦੀ ਕਲਪਨਾ ਨਹੀਂ ਕੀਤੀ ਜਾ ਸਕਦੀ।" ਉਹਨਾਂ ਨੇ ਰਾਹਤ ਕੈਂਪ ਚਲਾਉਣ ਵਾਲੀਆਂ ਟੀਮਾਂ ਦੀ ਹੌਂਸਲਾ ਅਫ਼ਜ਼ਾਈ ਕੀਤੀ ਅਤੇ ਪੰਜਾਬੀ ਭਾਈਚਾਰੇ ਨੂੰ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ।

## ਰਾਹਤ ਕੈਂਪ 'ਚ ਸ੍ਰੀ ਦਰਬਾਰ ਸਾਹਿਬ ਦੇ ਗ੍ਰੰਥੀ ਪਰਵਿੰਦਰ ਪਾਲ ਸਿੰਘ ਬੁੱਟਰ, ਐੱਮ ਪੀ ਗੁਰਜੀਤ ਸਿੰਘ ਔਜਲਾ, ਫੈਡਰੇਸ਼ਨ ਪ੍ਰਧਾਨ ਅਮਰਬੀਰ ਸਿੰਘ ਢੋਟ ਅਤੇ ਜੋਧ ਸਿੰਘ ਸਮਰਾ ਨੇ ਕੀਤੀ ਸ਼ਮੂਲੀਅਤ

ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਨੇ ਕਿਹਾ ਕਿ ਹੜ੍ਹਾਂ ਕਾਰਨ ਸਭ ਤੋਂ ਵੱਧ ਨੁਕਸਾਨ ਕਿਸਾਨਾਂ ਨੂੰ ਹੋਇਆ ਹੈ। ਟਕਸਾਲ ਵੱਲੋਂ ਪੀੜਤ ਲੋਕਾਂ ਲਈ ਭੋਜਨ, ਪਸ਼ੂਆਂ ਲਈ ਚਾਰਾ ਅਤੇ ਮੈਡੀਕਲ ਸਹੂਲਤਾਂ ਦਾ ਕੀਤਾ ਪ੍ਰਬੰਧ ਕਾਬਿਲ-ਏ-ਤਾਰੀਫ਼ ਹੈ। ਮਹਾਂਪੁਰਸ਼ਾਂ ਦੇ ਦਿਸ਼ਾ-ਨਿਰਦੇਸ਼ ਹੇਠ ਰਾਹਤ ਕੈਂਪ ਵਿੱਚ ਰਾਤ-ਦਿਨ ਚੱਲ ਰਹੀਆਂ ਸੇਵਾਵਾਂ ਦਮਦਮੀ ਟਕਸਾਲ ਦੀ ਮਨੁੱਖਤਾ ਪ੍ਰਤੀ ਨਿਸ਼ਕਾਮ ਭਾਵਨਾ ਦਾ ਪ੍ਰਤੀਕ ਹਨ।

ਫੈਡਰੇਸ਼ਨ ਦੇ ਪ੍ਰਧਾਨ ਅਮਰਬੀਰ ਸਿੰਘ ਢੋਟ ਨੇ ਯਕੀਨ ਦਵਾਇਆ ਕਿ ਫੈਡਰੇਸ਼ਨ ਦੇ ਨੌਜਵਾਨ ਟਕਸਾਲ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਸੇਵਾ ਜਾਰੀ ਰੱਖਣਗੇ।

ਟਕਸਾਲ ਦੇ ਆਗੂ ਭਾਈ ਸਾਹਿਬ ਸਿੰਘ ਨੇ ਦੱਸਿਆ ਕਿ ਸੰਤ ਬਾਬਾ ਹਰਨਾਮ ਸਿੰਘ ਖ਼ਾਲਸਾ ਦੀ ਅਗਵਾਈ ਹੇਠ ਚੱਲ ਰਿਹਾ ਇਹ ਕੈਂਪ ਆਮ ਹਾਲਾਤ ਬਣਨ ਤਕ ਨਿਰੰਤਰ ਜਾਰੀ ਰਹੇਗਾ। ਕੈਂਪ ਵਿੱਚ ਹੜ੍ਹ ਪ੍ਰਭਾਵਿਤ ਲੋਕਾਂ ਲਈ: ਦਵਾਈਆਂ ਅਤੇ ਫ਼ਰੀ ਮੈਡੀਕਲ ਸਹੂਲਤ (ਲੇਡੀਜ਼ ਡਾਕਟਰਾਂ ਸਮੇਤ), ਰਸਦਾਂ, ਮੰਜੇ-ਬਿਸਤਰੇ, 24 ਘੰਟੇ ਲੰਗਰ, ਪਸ਼ੂਆਂ ਲਈ ਚਾਰਾ, ਸੇਵਾਦਾਰਾਂ ਵੱਲੋਂ ਗਰਾਊਂਡ ਜ਼ੀਰੋ 'ਤੇ ਸਮੱਗਰੀ ਦੀ ਵੰਡ ਕੀਤੀ ਜਾ ਰਹੀ ਹੈ।

ਟਕਸਾਲ ਵੱਲੋਂ ਅੰਤ ਵਿੱਚ ਅਪੀਲ ਕੀਤੀ ਗਈ ਕਿ "ਪੰਜਾਬ ਦੀ ਰੀੜ੍ਹ ਕਿਸਾਨ ਹੈ, ਇਸ ਲਈ ਸਮੂਹ ਸਿੱਖ ਸੰਗਤਾਂ ਅਤੇ ਪੰਜਾਬੀ ਭਰਾਵਾਂ ਨੂੰ ਅੱਗੇ ਆ ਕੇ ਹੜ੍ਹ ਪੀੜਤ ਕਿਸਾਨਾਂ ਦੀ ਸਹਾਇਤਾ ਕਰਨੀ ਚਾਹੀਦੀ ਹੈ। ਇਹੀ ਮਨੁੱਖਤਾ ਦੀ ਸੱਚੀ ਸੇਵਾ ਹੈ।"

ਇਸ ਮੌਕੇ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਭਾਈ ਸੁਖਦੇਵ ਸਿੰਘ, ਗਿਆਨੀ ਸਾਹਿਬ ਸਿੰਘ, ਗਿਆਨੀ ਲਖਵਿੰਦਰ ਸਿੰਘ ਅਮਰੀਕਾ, ਗਿਆਨੀ ਅਮਰਪ੍ਰੀਤ ਸਿੰਘ ਅਮਰੀਕਾ, ਕੁਲਵਿੰਦਰ ਸਿੰਘ ਗੁੜ੍ਹਤੀ (ਹਰਿਆਣਾ), ਸੰਤ ਬਾਬਾ ਅਜੀਤ ਸਿੰਘ ਤਰਨਾ ਦਲ, ਭਾਈ ਪਰਮਿੰਦਰ ਸਿੰਘ, ਜਥੇਦਾਰ ਚਮਕੌਰ ਸਿੰਘ, ਜਥੇਦਾਰ ਤਰਲੋਚਨ ਸਿੰਘ, ਭਾਈ ਗੁਰਮੁਖ ਸਿੰਘ, ਅਵਤਾਰ ਸਿੰਘ ਬੁੱਟਰ, ਸਰਦਾਰ ਕਰਨਜੀਤ ਸਿੰਘ, ਅਮਰੀਕ ਸਿੰਘ, ਸਰਪੰਚ ਅਮਰੀਕ ਸਿੰਘ, ਜਸਪਾਲ ਸਿੰਘ, ਦਲਜੀਤ ਸਿੰਘ, ਹਰਨੇਕ ਸਿੰਘ, ਰਾਜਵਿੰਦਰ ਸਿੰਘ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਪ੍ਰਿੰਸੀਪਲ ਗੁਰਦੀਪ ਸਿੰਘ, ਭਾਈ ਹਰਸ਼ਦੀਪ ਸਿੰਘ ਸਮੇਤ ਕਈ ਮੁਹਤਬਰ ਸਿੰਘ ਵੀ ਮੌਜੂਦ ਸਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਅੰਮ੍ਰਿਤਸਰ ਕਾਂਗਰਸ ਕਮੇਟੀ ਦਿਹਾਤੀ ਦਾ ਜ਼ਿਲ੍ਹਾ ਪ੍ਰਧਾਨ ਓਬੀਸੀ ਵਰਗ ਚੋਂ ਬਣਾਉਣ ਦੀ ਮੰਗ ਜ਼ੋਰਾਂ 'ਤੇ



**ਚੌਕ ਮਹਿਤਾ, 15ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)** - ਵਿਧਾਨ ਸਭਾ ਚੋਣਾਂ 2027 ਨੂੰ ਧਿਆਨ ਵਿੱਚ ਰੱਖਦਿਆਂ ਕਾਂਗਰਸ ਪਾਰਟੀ ਵੱਲੋਂ ਹਰ ਵਰਗ ਨੂੰ ਪਾਰਟੀ ਨਾਲ ਜੋੜਨ ਦੀ ਕਵਾਇਦ ਸ਼ੁਰੂ ਕਰ ਦਿੱਤੀ ਹੈ। ਸੂਤਰਾਂ ਅਨੁਸਾਰ ਪਾਰਟੀ ਵੱਲੋਂ ਪੰਜਾਬ ਦੇ ਹਰ ਜ਼ਿਲ੍ਹੇ ਵਿੱਚ ਨਵੇਂ ਹੀਰੇ ਤਰਾਸ਼ ਕੇ ਜ਼ਿਲ੍ਹਾ ਪ੍ਰਧਾਨ ਬਣਾਉਣ ਦੀ ਕਸਰਤ ਤੇਜ਼ੀ ਨਾਲ ਜਾਰੀ ਹੈ। ਇਸੇ ਸਿਲਸਿਲੇ ਵਿੱਚ ਅੰਮ੍ਰਿਤਸਰ ਦਿਹਾਤੀ ਦੇ ਜ਼ਿਲ੍ਹਾ ਪ੍ਰਧਾਨ ਨੂੰ ਲੈ ਕੇ ਚਰਚਾ ਤੇਜ਼ ਹੋਈ ਦਿਖਾਈ ਦੇ ਰਹੀ ਹੈ।ਪਾਰਟੀ ਦੇ ਅੰਦਰੋਂ ਮਿਲ ਰਹੀ ਜਾਣਕਾਰੀ ਅਨੁਸਾਰ ਇਸ ਵਾਰ ਅੰਮ੍ਰਿਤਸਰ ਦਿਹਾਤੀ ਦਾ ਜ਼ਿਲ੍ਹਾ ਪ੍ਰਧਾਨ ਕਿਸੇ ਓਬੀਸੀ ਵਰਗ ਦੇ ਗੁਰਸਿੱਖ ਚਿਹਰੇ ਨੂੰ ਬਣਾਉਣ ਦੀ ਮੰਗ ਬੜੇ ਜ਼ੋਰਾਂ ਨਾਲ ਸਾਹਮਣੇ ਆ ਰਹੀ ਹੈ। ਰਾਹੁਲ ਗਾਂਧੀ ਵੱਲੋਂ ਹਾਲ ਹੀ ਵਿੱਚ ਦਿੱਤੇ ਬਿਆਨ "ਜਿਸਦੀ ਜਿੰਨੀ ਹਿੱਸੇਦਾਰੀ, ਉਸਦੀ ਉਨੀ ਭਾਗੇਦਾਰੀ" ਨੂੰ ਹਾਈ ਕਮਾਂਡ ਗੰਭੀਰਤਾ ਨਾਲ ਲੈ ਰਹੀ ਹੈ। ਪੰਜਾਬ ਕਾਂਗਰਸ ਓਬੀਸੀ ਵਿੰਗ ਲੰਮੇ ਸਮੇਂ ਤੋਂ 27 ਫੀਸਦੀ ਹਿੱਸੇਦਾਰੀ ਦੀ ਮੰਗ ਉੱਠਾ ਰਿਹਾ ਹੈ। ਵਰਕਿੰਗ ਪ੍ਰਧਾਨ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਅਤੇ ਓਬੀਸੀ ਟੀਮ ਨੇ ਇਹ ਲੜਾਈ ਹਮੇਸ਼ਾ ਜ਼ੋਰਦਾਰ ਢੰਗ ਨਾਲ ਲੜੀ ਹੈ ਅਤੇ ਸ੍ਰੀ ਰਾਹੁਲ ਗਾਂਧੀ ਨੇ ਵੀ ਪਾਰਲੀਮੈਂਟ ਵਿੱਚ ਇਹ ਮੰਗ ਉਠਾਈ ਸੀ। ਲੋਕ ਪੱਧਰ 'ਤੇ ਵੀ ਹੁਣ ਇਹ ਮੰਗ ਗੂੰਜ ਰਹੀ ਹੈ ਕਿ ਅੰਮ੍ਰਿਤਸਰ ਦਿਹਾਤੀ ਦਾ ਜ਼ਿਲ੍ਹਾ ਪ੍ਰਧਾਨ ਇੱਕ ਗੁਰਸਿੱਖ ਓਬੀਸੀ ਹੋਵੇ।ਕਾਂਗਰਸ ਦੇ ਤੇਜ਼ ਤਰਾਰ ਆਗੂ ਦੇ ਤੌਰ ਤੇ ਜਾਣੇ ਜਾਂਦੇ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਦਾ ਨਾਮ ਖ਼ਾਸ ਤੌਰ 'ਤੇ ਚਰਚਾ ਵਿੱਚ ਹੈ। ਉਹ ਇੱਕ ਅਜਿਹਾ ਨੌਜਵਾਨ ਚਿਹਰਾ ਹੈ ਜੋ ਪੰਜਾਬ ਦੇ ਹਰ ਮੁੱਦੇ 'ਤੇ ਬੇਬਾਕੀ ਨਾਲ ਬੋਲਦਾ ਹੈ, ਲੋਕਾਂ ਦੇ ਸੁੱਖ-ਦੁੱਖ ਵਿੱਚ ਹਾਜ਼ਰ ਰਹਿੰਦਾ ਹੈ ਅਤੇ ਕਾਂਗਰਸ ਪਾਰਟੀ ਲਈ ਦਿਨ ਰਾਤ ਸਰਗਰਮ ਹੈ। ਸੋਨੂੰ ਜੰਡਿਆਲਾ ਨੂੰ ਅਕਸਰ ਕਾਂਗਰਸ ਪਾਰਟੀ ਵੱਲੋਂ ਦੂਜੀਆਂ ਰਾਜਾਂ ਵਿੱਚ ਵੀ ਸਿੱਖ ਚਿਹਰੇ ਵਜੋਂ ਚੋਣ ਪ੍ਰਚਾਰ ਲਈ ਭੇਜਿਆ ਜਾਂਦਾ ਹੈ।

ਦੂਜੇ ਪਾਸੇ ਉਹ ਜਿੱਥੇ ਰਾਹੁਲ ਗਾਂਧੀ ਦੀ ਟੀਮ ਦੇ ਸਰਗਰਮ ਆਗੂ ਸਮਝੇ ਜਾਂਦੇ ਹਨ ਉੱਥੇ ਸੋਨੂੰ ਜੰਡਿਆਲਾ ਦੀ ਨੇੜਤਾ ਅੰਮ੍ਰਿਤਸਰ ਦੇ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ, ਆਲ ਇੰਡੀਆ ਕਾਂਗਰਸ ਕਮੇਟੀ ਦੇ ਸੈਕਟਰੀ ਤੇ ਜੰਡਿਆਲਾ ਗੁਰੂ ਹਲਕੇ ਦੇ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਸਮੇਤ ਹੋਰ ਆਗੂਆਂ ਨਾਲ ਵੀ ਹੈ। ਉਹਨਾਂ ਨੂੰ ਸਾਬਕਾ ਮੰਤਰੀ ਅਤੇ ਮਜੂਦਾ ਵਿਧਾਇਕ ਸ੍ਰ ਸੁਖਬਿੰਦਰ ਸਿੰਘ ਸੁੱਖ ਸਰਕਾਰੀਆ ਦੀ ਵੀ ਥਾਪੜ੍ਹਨਾ ਹੈ।ਇਸ ਤੋਂ ਇਲਾਵਾ ਉਸ ਦਾ ਸੰਤ ਸਮਾਜ ਅਤੇ ਸਿੱਖ ਜਥੇਬੰਦੀਆਂ ਵਿੱਚ ਵੀ ਉਸਦੀ ਪਹੁੰਚ ਕਾਫ਼ੀ ਮਜ਼ਬੂਤ ਮੰਨੀ ਜਾਂਦੀ ਹੈ। ਉਸਦਾ ਮਿੱਠਾ ਸੁਭਾਅ ਤੇ ਬੋਲਬਾਣੀ ਵੀ ਲੋਕਾਂ ਨੂੰ ਆਪਣੇ ਵੱਲ ਖਿੱਚਦੀ ਹੈ। ਇੰਟਰ-ਨੈਸ਼ਨਲ, ਨੈਸ਼ਨਲ ਚੈਨਲਾਂ ਤੋਂ ਇਲਾਵਾ ਲੋਕਲ ਚੈਨਲਾਂ ਵਿਚ ਵੀ ਉਹ ਚੰਗੇ ਬੁਲਾਰੇ ਦੇ ਤੌਰ ਤੇ ਪਛਾਣ ਬਣਾ ਚੁੱਕਾ ਹੈ।ਜਦੋਂ ਇਸ ਸਬੰਧੀ ਸੋਨੂੰ ਜੰਡਿਆਲਾ ਨਾਲ ਗੱਲਬਾਤ ਕੀਤੀ ਗਈ ਤਾਂ ਉਹਨਾਂ ਕਿਹਾਕਿ ਕਾਂਗਰਸ ਪਾਰਟੀ ਹਮੇਸ਼ਾਂ ਹਰ ਵਰਗ ਨੂੰ ਨਾਲ ਲੈ ਕੇ ਚਲਦੀ ਹੈ ਅਤੇ ਹਰ ਕਿਸੇ ਨੂੰ ਬਣਦਾ ਮਾਨ-ਸਨਮਾਨ ਦਿੰਦੀ ਹੈ। ਮੈਂ ਵੀ ਆਸ ਕਰਦਾ ਹਾਂ ਕਿ ਪਾਰਟੀ ਅੰਮ੍ਰਿਤਸਰ ਦਿਹਾਤੀ ਦੇ ਜ਼ਿਲ੍ਹਾ ਪ੍ਰਧਾਨ ਵਜੋਂ ਕਿਸੇ ਓਬੀਸੀ ਚਿਹਰੇ ਨੂੰ ਅੱਗੇ ਲਿਆਵੇ, ਭਾਵੇਂ ਉਹ ਕੋਈ ਵੀ ਹੋਵੇ। ਜੋ ਵੀ ਬਣੇਗਾ ਉਹ ਪਾਰਟੀ ਦੀ ਚੜ੍ਹਦੀ ਕਲਾ ਲਈ ਦਿਨ ਰਾਤ ਕੰਮ ਕਰੇਗਾ।ਸੂਤਰਾਂ ਅਨੁਸਾਰ ਪਾਰਟੀ ਦੇ ਅੰਦਰ ਇਸ ਸਬੰਧੀ ਵਿਚਾਰ-ਵਟਾਂਦਰਾ ਜਾਰੀ ਹੈ ਅਤੇ ਅੰਤਿਮ ਫ਼ੈਸਲਾ ਜਲਦੀ ਲਿਆ ਜਾ ਸਕਦਾ ਹੈ।

# ਗ੍ਰਹਿ ਮੰਤਰੀ ਅਮਿਤ ਸ਼ਾਹ ਪਾਕਿਸਤਾਨ ਜਾਣ ਵਾਲੇ ਸਿੱਖ ਜਥੇਆਂ ਦੀ ਯਾਤਰਾ ਤੋਂ ਇਨਕਾਰ ਕਰਨ 'ਤੇ ਮੁੜ ਵਿਚਾਰ ਕਰਨ : ਸਰਨਾ

## ਸ਼ਰਧਾਲੂਆਂ ਨੂੰ ਆਪਣੇ ਜੋਖਮ 'ਤੇ ਅੱਗੇ ਵਧਣ ਦੀ ਇਜਾਜ਼ਤ ਦੇਣਾ ਜਿਆਦਾ ਉਚਿਤ ਹੋਵੇਗਾ



ਨਵੀਂ ਦਿੱਲੀ 15 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਸਰਦਾਰ ਪਰਮਜੀਤ ਸਿੰਘ ਸਰਨਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਦਿੱਲੀ ਇਕਾਈ) ਨੇ ਦੇਸ਼ ਦੇ ਗ੍ਰਿਹ ਮੰਤਰੀ ਅਮਿਤ ਸ਼ਾਹ ਨੂੰ ਚਿੱਠੀ ਲਿਖ ਕੇ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸਿੱਖ ਜਥੇਆਂ ਨੂੰ ਯਾਤਰਾ ਕਰਣ ਤੋਂ ਇਨਕਾਰ ਕਰਣ ਤੇ ਡੂੰਘੀ ਚਿੰਤਾ ਪ੍ਰਗਟ ਕੀਤੀ ਹੈ ।ਉਨ੍ਹਾਂ ਲਿਖਿਆ ਕਿ ਪੀੜ੍ਹੀਆਂ ਤੋਂ, ਸਿੱਖ ਸ਼ਰਧਾਲੂਆਂ ਨੇ 1950 ਦੇ ਨਹਿਰੂ-ਲਿਆਕਤ ਸਮਝੌਤੇ ਦੇ ਢਾਂਚੇ ਦੇ ਤਹਿਤ, ਸ਼ਰਧਾ ਨਾਲ ਇਹ ਯਾਤਰਾਵਾਂ ਕੀਤੀਆਂ ਹਨ, ਜੋ ਸਪੱਸ਼ਟ ਤੌਰ 'ਤੇ ਘੱਟੋ-ਘੱਟ ਚਾਰ ਮਹੱਤਵਪੂਰਨ ਮੌਕਿਆਂ 'ਤੇ ਪਾਕਿਸਤਾਨ ਦੇ ਪਵਿੱਤਰ ਗੁਰਧਾਮਾਂ ਦੇ ਸਿੱਖਾਂ ਦੇ ਦੌਰੇ ਦੀ ਵਿਵਸਥਾ ਕਰਦਾ ਹੈ, ਜਿਨ੍ਹਾਂ ਵਿੱਚੋਂ ਸਭ ਤੋਂ ਮਹੱਤਵਪੂਰਨ ਗੁਰੂ ਨਾਨਕ ਸਾਹਿਬ ਦਾ ਪ੍ਰਕਾਸ਼ ਗੁਰਪੁਰਬ ਹੈ। ਇਸ ਸਾਲ ਇਜਾਜ਼ਤ ਨਾ ਦੇਣ ਦਾ ਫੈਸਲਾ, ਮੌਜੂਦਾ ਸੁਰੱਖਿਆ ਸਥਿਤੀ ਦਾ ਹਵਾਲਾ ਦਿੰਦੇ ਹੋਏ, ਇਸ ਲੰਬੇ ਸਮੇਂ ਤੋਂ ਚੱਲੀ ਆ ਰਹੀ ਪ੍ਰਥਾ ਤੋਂ ਹਟਦਾ ਹੈ ਅਤੇ ਸ਼ਰਧਾਲੂਆਂ ਵਿੱਚ ਡੂੰਘੀ ਪੀੜਾ ਪੈਦਾ ਕਰਦਾ ਹੈ। ਅਸੀਂ ਇਹ ਕਹਿੰਦੇ ਹਾਂ ਕਿ ਚੋਣਵੀਆਂ ਪਾਬੰਦੀਆਂ ਨੂੰ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਜਦੋਂ ਭਾਰਤ ਅਤੇ ਪਾਕਿਸਤਾਨ ਤਣਾਅ ਦੇ ਬਾਵਜੂਦ ਕ੍ਰਿਕਟ ਮੈਚ ਕਰਵਾਉਣਾ ਜਾਰੀ ਰੱਖਦੇ ਹਨ, ਤਾਂ ਇਹ ਸਮਝਣਾ ਮੁਸ਼ਕਲ ਹੈ ਕਿ ਧਾਰਮਿਕ ਸ਼ਰਧਾਲੂਆਂ ਨੂੰ ਸਿੱਖੀ ਦੇ ਸੰਸਥਾਪਕ ਦੇ ਜਨਮ ਅਸਥਾਨ 'ਤੇ ਸਿਰ ਝੁਕਾਉਣ ਦੇ ਉਨ੍ਹਾਂ ਦੇ ਅਧਿਆਤਮਿਕ ਅਧਿਕਾਰ ਤੋਂ ਕਿਉਂ ਵਾਂਝਾ ਕੀਤਾ ਜਾਣਾ ਚਾਹੀਦਾ ਹੈ। ਵਿਸ਼ਵਾਸ ਅਤੇ ਪਰੰਪਰਾ ਨੂੰ ਰਾਜਨੀਤਿਕ ਗਿਣਤੀਆਂ- ਮਿਣਤੀਆਂ ਦੇ ਬੰਧਕ ਨਹੀਂ ਬਣਾਇਆ ਜਾ ਸਕਦਾ। ਆਪਣੇ ਨਾਗਰਿਕਾਂ ਦੀ ਸੁਰੱਖਿਆ ਲਈ ਸਰਕਾਰ ਦੀ ਚਿੰਤਾ ਨੂੰ ਅਸੀਂ ਪੂਰੀ ਤਰ੍ਹਾਂ ਸਵੀਕਾਰ ਕਰਦੇ ਹਾਂ। ਹਾਲਾਂਕਿ, ਸ਼ਰਧਾਲੂਆਂ ਨੂੰ ਆਪਣੇ ਜੋਖਮ 'ਤੇ ਅੱਗੇ ਵਧਣ ਦੀ ਇਜਾਜ਼ਤ ਦੇਣਾ ਉਚਿਤ ਹੋਵੇਗਾ, ਜਿਵੇਂ ਕਿ ਹੋਰ ਸੰਵੇਦਨਸ਼ੀਲ ਸਥਿਤੀਆਂ ਵਿੱਚ ਅਭਿਆਸ ਰਿਹਾ ਹੈ ਜਿੱਥੇ ਵਿਅਕਤੀ ਸਵੈ-ਇੱਛਾ ਨਾਲ ਆਪਣੀ ਸੁਰੱਖਿਆ ਦੀ ਜ਼ਿੰਮੇਵਾਰੀ ਲੈਂਦੇ ਹਨ। ਸਿੱਖ ਜਥੇ ਦਹਾਕਿਆਂ ਤੋਂ ਪਾਕਿਸਤਾਨ ਦਾ ਦੌਰਾ ਕਰਦੇ ਆਏ ਹਨ, ਇੱਥੋਂ ਤੱਕ ਕਿ ਵਧਦੀ ਦੁਸ਼ਮਣੀ ਦੇ ਸਮੇਂ ਵੀ, ਬਿਨਾਂ ਕਿਸੇ ਰੁਕਾਵਟ ਦੇ। ਇਸ ਲਈ, ਮੌਜੂਦਾ ਪੂਰੀ ਤਰ੍ਹਾਂ ਪਾਬੰਦੀ ਇੱਕ ਡੂੰਘੀ ਬੇਚੈਨ ਕਰਨ ਵਾਲੀ ਮਿਸਾਲ ਕਾਇਮ ਕਰਦੀ ਹੈ। ਦੇਸ਼ ਦੇ ਸ਼ਰਧਾਲੂਆਂ ਵੱਲੋਂ, ਅਸੀਂ ਭਾਰਤ ਸਰਕਾਰ ਨੂੰ ਆਪਣੇ ਫੈਸਲੇ 'ਤੇ ਮੁੜ ਵਿਚਾਰ ਕਰਨ ਅਤੇ ਸਾਰੇ ਨਾਗਰਿਕਾਂ ਨੂੰ ਗਰੰਟੀਸ਼ੁਦਾ ਧਾਰਮਿਕ ਅਤੇ ਸੱਭਿਆਚਾਰਕ ਆਜ਼ਾਦੀਆਂ ਨੂੰ ਬਰਕਰਾਰ ਰੱਖਣ ਦੀ ਅਪੀਲ ਕਰਦੇ ਹਾਂ। ਸਿੱਖ ਭਾਈਚਾਰਾ ਗੁਰੂ ਨਾਨਕ ਸਾਹਿਬ ਦੇ ਪ੍ਰਕਾਸ਼ ਗੁਰਪੁਰਬ 'ਤੇ ਆਪਣੀ ਪਵਿੱਤਰ ਪਰੰਪਰਾ ਦੀ ਯਾਤਰਾ ਨੂੰ ਮਨਾਉਣ ਦਾ ਮੌਕਾ ਹੀ ਭਾਲਦਾ ਹੈ, ਜਿਵੇਂ ਕਿ ਵੰਡ ਤੋਂ ਬਾਅਦ ਸਤਿਕਾਰਿਆ ਜਾਂਦਾ ਰਿਹਾ ਹੈ। ਇਸ ਲਈ ਅਸੀਂ ਤੁਹਾਡੇ ਦਫ਼ਤਰ ਨੂੰ ਅਪੀਲ ਕਰਦੇ ਹਾਂ ਕਿ ਇਸ ਮਾਮਲੇ ਦੀ ਤੁਰੰਤ ਸਮੀਖਿਆ ਕੀਤੀ ਜਾਵੇ ਅਤੇ ਜਥੇ ਨੂੰ ਯਾਤਰਾ ਕਰਨ ਲਈ ਲੋੜੀਂਦੀ ਇਜਾਜ਼ਤ ਜਾਰੀ ਕੀਤੀ ਜਾਵੇ। ਅਜਿਹਾ ਕਦਮ ਧਾਰਮਿਕ ਆਜ਼ਾਦੀ ਪ੍ਰਤੀ ਸਰਕਾਰ ਦੀ ਵਚਨਬੱਧਤਾ ਦੀ ਪੁਸ਼ਟੀ ਕਰੇਗਾ। ਅਸੀਂ ਤੁਹਾਨੂੰ ਇਹ ਵੀ ਅਪੀਲ ਕਰਦੇ ਹਾਂ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ ਦੁਆਰਾ ਖੁਦ ਉਦਘਾਟਨ ਕੀਤੇ ਗਏ ਸਰਹੱਦ ਪਾਰ ਲਾਂਘੇ ਰਾਹੀਂ ਸ੍ਰੀ ਕਰਤਾਰਪੁਰ ਸਾਹਿਬ ਦੀਆਂ ਯਾਤਰਾਵਾਂ 'ਤੇ ਪਾਬੰਦੀਆਂ ਹਟਾਈਆਂ ਜਾਣ।

## ਬਾਬਾ ਬਕਾਲਾ ਸਾਹਿਬ ਵਿੱਚ ਨੈਸ਼ਨਲ ਲੋਕ ਅਦਾਲਤ 'ਚ ਹੋਇਆ 114 ਕੇਸਾਂ ਦਾ ਨਿਪਟਾਰਾ ਅਤੇ

# 8 ਕਰੋੜ 79 ਲੱਖ 33 ਹਜਾਰ 970 ਰੁਪਏ ਦੇ ਅਵਾਰਡ ਪਾਸ





**ਚੌਕ ਮਹਿਤਾ, 15 ਸਿਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਜੀ ਦੀਆਂ ਹਦਾਇਤਾਂ ਅਨੁਸਾਰ ਸ੍ਰੀ ਬਲਜਿੰਦਰ ਸਿੰਘ ਇੰਨਚਾਰਜ ਜਿਲ੍ਹਾ ਅਤੇ ਸੇਸ਼ਨਜ-ਕਮ-ਚੇਅਰਮੈਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਦੀ ਰਹਿਨੁਮਾਈ ਹੇਠ ਅਤੇ ਸ਼੍ਰੀ ਅਮਰਦੀਪ ਸਿੰਘ ਬੈਂਸ, ਸਿਵਲ ਜੱਜ-ਸਹਿਤ-ਸਕੱਤਰ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜੀ ਦੇ ਯਤਨਾ ਸਦਕਾ ਅੱਜ ਸਬ ਡਵੀਜਨ ਕੋਰਟ ਬਾਬਾ ਬਕਾਲਾ ਸਾਹਿਬ ਵਿਖੇ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਇਸ ਨੈਸ਼ਨਲ ਲੋਕ ਅਦਾਲਤ ਵਿੱਚ ਦਿਵਾਨੀ ਅਤੇ ਫੌਜ਼ਦਾਰੀ ਕੇਸਾ ਤੋ ਇਲਾਵਾ ਚੈਕ ਬਾਉਂਸ, ਬੈਂਕ ਰਿਕਵਰੀ, ਜਮੀਨੀ ਵਿਵਾਦਾਂ, ਘਰੇਲੂ ਝਗੜੀਆਂ ਅਤੇ ਹੋਰ ਤਕਰੀਬਨ ਸਾਰੇ ਕਿਸਮਾਂ ਦੇ ਕੇਸਾਂ ਦਾ ਨਿਪਟਾਰਾ ਕੀਤਾ ਗਿਆ। ਇਸ ਨੈਸ਼ਨਲ ਲੋਕ ਅਦਾਲਤ ਮਿਸ ਰਮਨਦੀਪ ਕੌਰ ਜੁਡੀਸ਼ੀਅਲ ਮੈਜਿਸਟਰੇਟ ਜੂਨੀਅਰ ਡਵੀਜ਼ਨ ਅਤੇ ਮਿਸ ਮਹਿਕਪ੍ਰੀਤ ਕੌਰ ਜੁਡੀਸ਼ੀਅਲ ਮੈਜਿਸਟ੍ਰੇਟ ਜੂਨੀਅਰ ਡਵੀਜ਼ਨ ਅਤੇ ਸ੍ਰੀ ਪਵਨਪ੍ਰੀਤ ਸਿੰਘ ਜੁਡੀਸ਼ੀਅਲ ਮੈਜਿਸਟ੍ਰੇਟ ਜੂਨੀਅਰ ਡਵੀਜ਼ਨ ਜੀ ਦੀਆ ਅਦਾਲਤਾ ਵੱਲੋਂ ਕੁੱਲ 496 ਕੇਸ ਸੁਣਵਾਈ ਵਾਸਤੇ ਰੱਖੇ ਗਏ ਸਨ, ਜਿਹਨਾਂ ਵਿੱਚੋਂ 114 ਕੇਸਾਂ ਦਾ ਆਪਸੀ ਰਾਜੀਨਾਮੇ ਨਾਲ ਨਿਪਟਾਰਾ ਕੀਤਾ ਗਿਆ ਅਤੇ 8 ਕਰੋੜ 79 ਲੱਖ 33 ਹਜਾਰ 970 ਰੁਪਏ ਦੇ ਅਵਾਰਡ ਪਾਸ ਕੀਤੇ ਗਏ।

ਇਸ ਦੋਰਾਨ ਮਾਣਯੋਗ ਮਿਸ ਰਮਨਦੀਪ ਕੌਰ ਜੁਡੀਸ਼ੀਅਲ ਮੈਜਿਸਟਰੇਟ , ਮਿਸ ਮਹਿਕਪ੍ਰੀਤ ਕੌਰ ਜੁਡੀਸ਼ੀਅਲ ਮੈਜਿਸਟ੍ਰੇਟ ਅਤੇ ਸ੍ਰੀ ਪਵਨਪ੍ਰੀਤ ਸਿੰਘ ਜੁਡੀਸ਼ੀਅਲ ਮੈਜਿਸਟ੍ਰੇਟ ਜੂਨੀਅਰ ਡਵੀਜ਼ਨ ਵੱਲੋਂ ਲੋਕਾਂ ਨੂੰ ਲੋਕ ਅਦਾਲਤ ਦੇ ਮਹੱਤਵ ਤੋ ਜਾਣੂ ਕਰਵਾਉਂਦੇ ਹੋਏ ਦੱਸਿਆ ਗਿਆ ਕੀ ਲੋਕ ਅਦਾਲਤ ਵਿੱਚ ਦੋਵਾਂ ਧਿਰਾਂ ਦਾ ਰਾਜੀਨਾਮੇ ਤਹਿਤ ਫੈਸਲਾ ਕਰਵਾਇਆ ਜਾਂਦਾ ਹੈ।ਲੋਕ ਅਦਾਲਤਾਂ ਰਾਹੀਂ ਸਸਤਾ ਤੇ ਛੇਤੀ ਇਨਸਾਫ ਮਿਲਦਾ ਹੈ। ਲੋਕ ਅਦਾਲਤਾਂ ਦੇ ਫੈਸਲੇ ਦੀ ਕੋਈ ਅਪੀਲ ਨਹੀ ਹੁੰਦੀ।ਦੋਹਾਂ ਧਿਰਾਂ ਵਿੱਚ ਪਿਆਰ ਵੱਧਦਾ ਹੈ।ਜਿਹੜੇ ਵਿਅਕਤੀ ਆਪਣੇ ਸਮਝੌਤੇ ਯੋਗ ਕੇਸਾਂ ਦਾ ਲੋਕ ਅਦਾਲਤ ਰਾਹੀਂ ਨਿਪਟਾਰਾ ਚਾਹੁੰਦੇ ਹਨ ਉਹ ਸਬੰਧਤ ਅਦਾਲਤ ਵਿੱਚ ਜਿੱਥੇ ਉਨਾਂ ਦਾ ਕੇਸ ਲੰਭਿਤ ਹੈ, ਆਪਣੀ ਅਰਜ਼ੀ ਲਗਾਂ ਸਕਦੇ ਹਨ ਜਾਂ ਨਵੇ ਮਾਮਲੀਆਂ ਦਾ ਨਿਪਟਾਰਾ ਲੋਕ ਅਦਾਲਤ ਰਾਹੀਂ ਕਰਵਾਉਣ ਲਈ ਸਬੰਧਤ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਾਂ ਉਪ ਮੰਡਲ ਕਾਨੂੰਨੀ ਸੇਵਾਵਾਂ ਕਮੇਟੀ ਦੇ ਦਫਤਰ ਵਿਖੇ ਆਪਣੀ ਅਰਜ਼ੀ ਦੇ ਸਕਦੇ ਹਨ ।ਉਹਨਾ ਹੋਰ ਕਿਹਾ ਕਿ ਲੋਕ ਅਦਾਲਤ ਜਿਸ ਨੂੰ ਦੁਜੇ ਸ਼ਬਦਾ ਵਿੱਚ ਲੋਕ ਨਿਆਇਕ ਪ੍ਰਣਾਲੀ ਵੀ ਆਖਿਆ ਜਾਂਦਾ ਹੈ, ਦੇ ਰਾਹੀਂ ਆਮ ਜਨਤਾ ਆਪਣੇ ਵਿਚਾਰ ਖੁੱਲ ਕੇ ਪੇਸ਼ ਕਰ ਸਕਦੇ ਹਨ ਅਤੇ ਆਪਣੇ ਝਗੜੀਆਂ ਸਬੰਧੀ ਸਬੰਧਤ ਅਦਾਲਤ ਜਿੱਥੇ ਉਹਨਾ ਦਾ ਕੇਸ ਲੰਭਿਤ ਹੈ ਬਗੈਰ ਕਿਸੇ ਵਕੀਲ ਸਾਹਿਬਾਨ ਤੋਂ ਰੱਖ ਸਕਦੇ ਹਨ ਅਤੇ ਇਹਨਾਂ ਲੋਕ ਅਦਾਲਤਾਂ ਦੇ ਰਾਹੀਂ ਆਪਣੇ ਝਗੜੇ ਸ਼ਾਂਤ-ਮਈ ਢੰਗ ਨਾਲ, ਸ਼ਾਂਤ-ਮਈ ਵਾਤਾਵਰਨ ਵਿੱਚ ਮੁੱਕਾ ਸਕਦੇ ਹਨ। ਇਸ ਤਰ੍ਹਾਂ ਜਦੋਂ ਸ਼ਾਂਤ-ਮਈ ਢੰਗ ਨਾਲ ਕੇਸਾਂ ਦਾ ਨਿਪਟਾਰਾ ਹੁੰਦਾ ਹੈ ਤਾਂ ਸਮਾਜ ਵਿੱਚ ਭਾਈਚਾਰਕ ਸਾਂਝ ਬਣੀ ਰਹਿੰਦੀ ਹੈ ਅਤੇ ਲੋਕਾਂ ਦਾ ਆਪਸ ਵਿੱਚ ਪਿਆਰ ਵੱਧਦਾ ਹੈ । ਇਸ ਤਰਾ ਅਦਾਲਤਾ ਦਾ ਵੀ ਵਾਧੂ ਦੇ ਝਗੜਿਆ ਦਾ ਬੋਝ ਘੱਟਦਾ ਹੈ, ਲੋਕ ਅਦਾਲਤਾਂ ਵਿੱਚ ਫੈਸਲਾ ਹੋਣ ਉਪਰੰਤ ਸਿਵਲ ਕੇਸ ਵਿੱਚ ਲੱਗੀ ਸਾਰੀ ਕੋਰਟ ਫੀਸ ਧਿਰਾਂ ਨੂੰ ਵਾਪਸ ਮਿਲ ਜਾਂਦੀ ਹੈ। ਇਸ ਦੇ ਨਾਲ ਲੋਕ ਅਦਾਲਤਾਂ ਦੇ ਮੁੱਢਲੇ ਟੀਚੇ ਸਦਭਾਵਨਾ ਨੂੰ ਉਤਸ਼ਾਹਿਤ ਕਰਨਾ ਅਤੇ ਸਮਝੌਤਿਆ ਰਾਹੀਂ ਝਗੜੀਆਂ ਦਾ ਨਿਪਟਾਰਾ ਕਰਨਾ ਨੂੰ ਪੂਰਾ ਕੀਤਾ ਗਿਆ। ਜਿਸ ਕਾਰਨ ਪਾਰਟੀਆਂ ਦਾ ਕੀਮਤੀ ਸਮਾਂ ਅਤੇ ਪੈਸੇ ਦੀ ਬਚਤ ਹੋਈ। ਇਸ ਮੌਕੇ ਬਾਰ ਐਸੋਸੀਏਸ਼ਨ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ ਜਸਪ੍ਰੀਤ ਸਿੰਘ ਬਾਠ, ਸੀਨੀਅਰ ਮੀਤ ਪ੍ਰਧਾਨ ਸਰਬਜੀਤ ਸਿੰਘ ਗਿੱਲ, ਐਡਵੋਕੇਟ ਰਾਜਕਵਲਦੀਪ ਸਿੰਘ ਸੈਕਟਰੀ , ਮੈਬਰ ,ਐਡਵੋਕੇਟ ਹਰਜੋਤ ਕੌਰ ਲਹੌਰੀਆ, ਐਡਵੋਕੇਟ ਰਮਨਦੀਪ ਕੌਰ, ਐਡਵੋਕੇਟ ਸਵਿੰਦਰ ਕੌਰ ਗਿੱਲ , ਸੀਨੀਅਰ ਵਕੀਲ ਵੀ.ਕੇ ਸਿੰਘ ਮਲਹੋਰਤਾ, ਸੀਨੀਅਰ ਵਕੀਲ ਦਲਬੀਰ ਸਿੰਘ ਬਾਠ, ਸੀਨੀਅਰ ਵਕੀਲ ਦਲਬੀਰ ਸਿੰਘ ਬੇਦੀ ,ਵਕੀਲ ਵਰਿੰਦਰ ਸਿੰਘ, ਸੀਨੀਅਰ ਐਡਵੋਕੇਟ ਲੱਖਾ ਸਿੰਘ ਆਜ਼ਾਦ , ਐਡਵੋਕੇਟ ਗੁਰਇਕਬਾਲ ਸਿੰਘ, ਵਕੀਲ ਸਰਬਜੀਤ ਸਿੰਘ ਢਿਲੋ, ਵਕੀਲ ਹਰਪ੍ਰੀਤ ਸਿੰਘ ਸੇਖੋ,ਵਕੀਲ ਸ਼ੁਕਰਗੁਜ਼ਾਰ ਸਿੰਘ, ਵਕੀਲ ਵੀ ਕੇ ਜਸਵਾਲ ,ਸੰਧੂ ਸੈਕਟਰੀ , ਵਕੀਲ ਹਰਪ੍ਰੀਤ ਸਿੰਘ ਬੱਲ, ਵਕੀਲ ਵਿਸ਼ਾਲ ਠਾਕਰ, ਐਡਵੋਕੇਟ ਦਲਜੀਤ ਸਿੰਘ ਸ਼ੇਰਗਿੱਲ, ਵਕੀਲ ਸੁਖਦੇਵ ਸਿੰਘ ਟਪਿਆਲਾ, ਵਕੀਲ ਬਿਕਰਮਜੀਤ ਸਿੰਘ ਬਾਠ, ਰੀਡਰ ਰਕੇਸ਼ ਕੁਮਾਰ, ਰੀਡਰ ਦੀਪਕ ਰਾਏ , ਨਾਜਰ ਧਰਮਪਾਲ ਸਿੰਘ, ਐਹਲਮਦ ਅਵਤਾਰ ਸਿੰਘ, ਐਹਲਮਦ ਬਚਿੱਤਰ ਸਿੰਘ, ਅਹੈਲਮਦ ਜੋਬਨਜੀਤ ਸਿੰਘ, ਸਟੈਨੋ ਨਰੇਸ਼ ਕੁਮਾਰ, ਸਟੈਨੋ ਰਾਜੀਵ ਕੁਮਾਰ , ਸਟੈਨੋ ਜੋਤੀ ,ਸਟੈਨੋ ਅੰਕਿਤ, ਜੱਜਮੈਟ ਰਾਈਟਰ ਜੁਸ਼ਾਨ ,ਗੁਰਦੇਵ ਸਿੰਘ, ਜਗਮੀਤ ਸਿੰਘ ਅਤੇ ਨਾਇਬ ਕੋਰਟ ਥਾਣੇਦਾਰ ਸਤਪਾਲ ਸਿੰਘ ਵੀ ਹਾਜ਼ਰ ਸਨ।

## ਗੁਰੂ ਗੋਬਿੰਦ ਸਿੰਘ ਰਿਫਾਇਨਰੀ ਵੱਲੋਂ ਅੱਠਵੀਂ ਜਮਾਤ ਵਿੱਚ ਪੜ੍ਹਦੀਆਂ

# ਲੜਕੀਆਂ ਨੂੰ ਦਿੱਤੇ ਗਏ ਸਾਈਕਲ




**ਤਲਵੰਡੀ ਸਾਬੋ, 15 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਅੱਜ ਸਰਕਾਰੀ ਸੈਕੰਡਰੀ ਸਕੂਲ ਮਲਕਾਣਾ ਵਿਖੇ ਸਰਪੰਚ ਸਰਦਾਰ ਰਾਮਪਾਲ ਸਿੰਘ ਸਿੱਧੂ, ਗ੍ਰਾਮ ਪੰਚਾਇਤ ਦੇ ਮੈਂਬਰ ਸਾਹਿਬਾਨ ਅਤੇ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਸਰਦਾਰ ਪਾਲ ਸਿੰਘ ਸਿੱਧੂ ਦੀ ਰਹਿਨੁਮਾਈ ਹੇਠ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਵੱਲੋਂ ਅੱਠਵੀਂ ਜਮਾਤ ਵਿੱਚ ਪੜਦਿਆਂ ਸਾਰੀਆਂ ਲੜਕੀਆਂ ਨੂੰ ਸਾਈਕਲ ਵੰਡੇ ਗਏ। ਗੁਰੂ ਗੋਬਿੰਦ ਸਿੰਘ ਰਿਫਾਇਨਰੀ ਦਾ ਇਹ ਬਹੁਤ ਹੀ ਵਧੀਆ ਉੱਦਮ ਹੈ, ਜਿਸ ਨਾਲ ਲੜਕੀਆਂ ਨੂੰ ਸਕੂਲ ਆਉਣ ਜਾਣ ਵਿੱਚ ਸੌਖ ਹੁੰਦੀ ਹੈ। ਪਿਛਲੇ ਲਗਭਗ ਕਈ ਸਾਲਾਂ ਤੋਂ ਇਹ ਸੇਵਾ ਰਿਫਾਇਨਰੀ ਵੱਲੋਂ ਅੱਠਵੀਂ ਚ ਪੜ੍ਹਦੀਆਂ ਲੜਕੀਆਂ ਨੂੰ ਹਰ ਸਾਲ ਸਾਈਕਲ ਵੰਡ ਕੇ ਕੀਤੀ ਜਾ ਰਹੀ ਹੈ। ਇਸ ਸਾਲ ਅੱਠਵੀਂ ਦੀਆਂ 27 ਲੜਕੀਆਂ ਨੂੰ ਇਹ ਸਾਈਕਲ ਵੰਡੇ ਗਏ। ਇਸ ਮੌਕੇ ਰਿਫਾਈਨਰੀ ਵੱਲੋਂ ਸ੍ਰੀਮਤੀ ਹਰਪ੍ਰੀਤ ਕੌਰ ਅਤੇ ਉਹਨਾਂ ਦੇ ਦੋ ਹੋਰ ਸਾਥੀ ਪਹੁੰਚੇ। ਇਹਨਾਂ ਤੋਂ ਇਲਾਵਾ ਨਗਰ ਪੰਚਾਇਤ ਦੇ ਮੈਂਬਰ ਸ. ਜਸਪ੍ਰੀਤ ਸਿੰਘ, ਸ. ਤੀਰਥ ਸਿੰਘ, ਸ. ਕੁਲਦੀਪ ਸਿੰਘ, ਸ. ਸੰਦੀਪ ਸਿੰਘ, ਸਕੂਲ ਸਟਾਫ਼ ਵਲੋਂ ਸ. ਗੁਰਮੇਲ ਸਿੰਘ ਐਸ ਐਸ ਮਾਸਟਰ, ਸ. ਮੋਹਨ ਸਿੰਘ ਹਿੰਦੀ ਮਾਸਟਰ, ਸ. ਭਿੰਦਰ ਸਿੰਘ ਮੈਥ ਮਾਸਟਰ, ਅੱਠਵੀਂ ਜਮਾਤ ਦੇ ਇੰਚਾਰਜ ਸ੍ਰੀਮਤੀ ਅਨਾਮਿਕਾ ਸਾਇੰਸ ਮਿਸਟ੍ਰੈੱਸ, ਸ੍ਰੀਮਤੀ ਕਮਲਦੀਪ ਕੌਰ ਪੰਜਾਬੀ ਮਿਸਟ੍ਰੈੱਸ, ਪਰਮਜੀਤ ਕੌਰ ਹਿੰਦੀ ਮਿਸਟ੍ਰੈੱਸ, ਸੁਖਵਿੰਦਰ ਕੌਰ ਪੰਜਾਬੀ ਮਿਸਟ੍ਰੈੱਸ ਸ਼ਾਮਿਲ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਜ਼ੇਕਰ ਭਾਰਤ ਪਾਕ ਮੈਚ ਹੋ ਸਕਦਾ ਤਾਂ ਕੇਂਦਰ ਸਰਕਾਰ ਨੂੰ ਤੁਰੰਤ ਕਰਤਾਰਪੁਰ ਸਾਹਿਬ ਅਤੇ ਨਨਕਾਣਾ ਸਾਹਿਬ ਦਾ ਰਾਹ ਖੋਲ੍ਹਣਾ ਚਾਹੀਦਾ ਹੈ: ਪਰਮਜੀਤ ਸਿੰਘ ਵੀਰ ਜੀ



**ਨਵੀਂ ਦਿੱਲੀ, 15 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:- ਗੁਰਬਾਣੀ ਰਿਸਰਚ ਫਾਊਂਡੇਸ਼ਨ, ਦੇ ਮੁੱਖੀ, ਦਿੱਲੀ ਗੁਰਦੁਆਰਾ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਕੋ ਚੇਅਰਮੈਨ ਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਸਰਗਰਮ ਆਗੂ ਪਰਮਜੀਤ ਸਿੰਘ 'ਵੀਰਜੀ' ਨੇ ਕਿਹਾ ਕਿ ਕੇਂਦਰ ਸਰਕਾਰ ਵਲੋਂ ਕਰਤਾਰਪੁਰ ਕਾਰੀਡੋਰ ਅਤੇ ਨਨਕਾਣਾ ਸਾਹਿਬ ਜੀ ਦਾ ਰਾਹ ਸੁਰੱਖਿਆ ਕਾਰਣਾ ਦਾ ਹਵਾਲਾ ਦਸਦੇ ਹੋਏ ਹੁਣ ਤੱਕ ਨਹੀਂ ਖੋਲ੍ਹਿਆ ਗਿਆ ਹੈ । ਰਾਹ ਬੰਦ ਹੋਣ ਨਾਲ ਵਡੀ ਗਿਣਤੀ ਵਿਚ ਸਿੱਖ ਸੰਗਤਾਂ ਆਪਣੇ ਇਤਿਹਾਸਿਕ ਗੁਰਧਾਮਾਂ ਦੇ ਦਰਸ਼ਨ ਦੀਦਾਰੇਆਂ ਤੋਂ ਵਾਂਝੀਆਂ ਹਨ ਤੇ ਗੁਰਧਾਮਾਂ ਦੇ ਦਰਸ਼ਨ ਦੀਦਾਰੇਆਂ ਲਈ ਉਨ੍ਹਾਂ ਦੇ ਮੰਨ ਕੁਰਲਾ ਰਹੇ ਹਨ । ਜਦੋਂਕਿ ਸ਼ਿਮਲਾ ਸਮਝੌਤੇ ਤਹਿਤ ਹਰ ਸਾਲ, ਭਾਰਤ ਤੋਂ ਸਿੱਖ ਸ਼ਰਧਾਲੂਆਂ ਦਾ ਇੱਕ ਜਥਾ ਗੁਰੂ ਨਾਨਕ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਮੌਕੇ ਉਨ੍ਹਾਂ ਦੇ ਜਨਮ ਸਥਾਨ ਸ੍ਰੀ ਨਨਕਾਣਾ ਸਾਹਿਬ ਜਾਂਦਾ ਸੀ। ਜ਼ੇਕਰ ਕੇਂਦਰ ਸਰਕਾਰ ਪਹਿਲਗਾਮ ਹਮਲੇ ਦਾ ਵਿਰੋਧ ਜਤਾ ਰਹੀ ਹੈ ਤਾਂ ਇਹ ਉਸਦਾ ਫਰਜ਼ ਬਣਦਾ ਹੈ ਤੇ ਅਸੀਂ ਵੀਂ ਇਸ ਨਾਲ ਸਹਿਮਤ ਹਾਂ ਪਰ ਇਸ ਦੁਖਾਂਤ ਹਾਦਸੇ ਦੇ ਰੂਪ ਵਿਚ ਸਿੱਖ ਪੰਥ ਦੇ ਗੁਰਧਾਮਾਂ ਦੇ ਦਰਸ਼ਨ ਦੀਦਾਰੇਆਂ ਨੂੰ ਬੰਦ ਕਰਣਾ ਸਿੱਖਾਂ ਨਾਲ ਵਿਤਕਰਾ ਹੈ । ਹੁਣ ਜ਼ੇਕਰ ਕੇਂਦਰ ਸਰਕਾਰ ਭਾਰਤ ਪਾਕਿਸਤਾਨ ਦੇ ਕ੍ਰਿਕੇਟ ਮੈਚ ਲਈ ਦੇਸ਼ ਵਿਚ ਭਾਰੀ ਗਿਣਤੀ ਵਿਚ ਹੋ ਰਹੇ ਵਿਰੋਧ ਦੇ ਬਾਵਜੂਦ ਨੂੰ ਪ੍ਰਵਾਨਗੀ ਦੇ ਸਕਦੀ ਹੈ ਤਾਂ ਸਿੱਖਾਂ ਲਈ ਵੀਂ ਉਦਾਰਤਾ ਦਿਖਾਂਦਿਆ ਆਪਸੀ ਭਾਈਚਾਰੇ ਨੂੰ ਮਜਬੂਤ ਬਣਾਉਣ ਲਈ ਰਾਹ ਖੋਲਣ ਲਈ ਅੱਗੇ ਆਣਾ ਚਾਹੀਦਾ ਹੈ ਕਿਉਕਿ ਪਾਕਿਸਤਾਨ ਸਰਕਾਰ ਵਲੋਂ ਸਿੱਖਾਂ ਲਈ ਗੁਰਧਾਮਾਂ ਦੇ ਦਰਸ਼ਨ ਦੀਦਾਰੇਆਂ ਉਪਰ ਕੌਈ ਰੋਕ ਨਹੀਂ ਲਗਾਈ ਗਈ ਹੈ ਉਲਟਾ ਕਰਤਾਰਪੁਰ ਸਾਹਿਬ ਆਈ ਹੜ ਨੂੰ ਪਹਿਲ ਦੇ ਆਧਾਰ ਤੇ ਓਥੋਂ ਦੀ ਸਾਫ ਸਫਾਈ ਕਰਵਾਈ ਗਈ ਹੈ । ਵੀਰ ਜੀ ਨੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼੍ਰੀ ਨਨਕਾਣਾ ਸਾਹਿਬ ਵਿਖ਼ੇ ਮਨਾਇਆ ਜਾਂਦਾ ਹੈ ਤੇ ਓਸ ਵਿਚ ਦੇਸ਼ ਵਿੱਚੋਂ ਵਡੀ ਗਿਣਤੀ ਅੰਦਰ ਸੰਗਤਾਂ ਸ਼ਮੂਲੀਅਤ ਕਰਦੀਆਂ ਹਨ । ਇਸ ਲਈ ਕਾਫ਼ੀ ਸੰਗਤ ਪਾਕਿਸਤਾਨ ਜਾ ਕੇ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਨ ਦੀ ਇਛੁੱਕ ਹਨ । ਅੰਤ ਵਿਚ ਉਨ੍ਹਾਂ ਨੇ ਪ੍ਰਧਾਨ ਮੰਤਰੀ ਅਤੇ ਰਾਸ਼ਟਰਪਤੀ ਤੋਂ ਮੰਗ ਕੀਤੀ ਕਿ ਕਰਤਾਰਪੁਰ ਕਾਰੀਡੋਰ ਅਤੇ ਨਨਕਾਣਾ ਸਾਹਿਬ ਜੀ ਦੇ ਦਰਸ਼ਨ ਦੀਦਾਰੇਆਂ ਲਈ ਰਾਹ ਨੂੰ ਤੁਰੰਤ ਖੋਲਿਆ ਜਾਵੇ ਤਾਂ ਕਿ ਦੇਸ਼ ਦੀ ਸੰਗਤ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਕਰਤਾਰਪੁਰ ਸਾਹਿਬ ਅਤੇ ਨਨਕਾਣਾ ਸਾਹਿਬ 'ਚ ਪਹੁੰਚ ਕੇ ਮਨਾ ਸਕੇ।

## ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਦੇ ਪੁਸਤਕ ਚਰਚਾ ਸਾਂਝਾ ਮੰਚ ਵੱਲੋਂ ਪੁਸਤਕ ਚਰਚਾ ਕਰਵਾਈ ਗਈ



**ਤਲਵੰਡੀ ਸਾਬੋ, 15 ਸਤੰਬਰ (ਗੁਰਜੰਟ ਸਿੰਘ ਨਥੇਹਾ)**-ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਦੇ ਗੁਰੂ ਕਾਸ਼ੀ ਭਾਸ਼ਾਵਾਂ ਵਿਭਾਗ ਅਤੇ ਗੁਰੂ ਕਾਸ਼ੀ ਸੋਸ਼ਲ ਸਾਇੰਸਜ਼ ਵਿਭਾਗ ਦੇ ਪੁਸਤਕ ਚਰਚਾ ਸਾਂਝਾ ਮੰਚ ਵੱਲੋਂ 'ਕਿਤਾਬਾਂ ਸੰਗ ਗੁਫਤਗੂ' ਲੜੀ 5 ਤਹਿਤ ਡਾ. ਸੰਦੀਪ ਰਾਣਾ ਮੁਖੀ ਗੁਰੂ ਕਾਸ਼ੀ ਭਾਸ਼ਾਵਾਂ ਵਿਭਾਗ ਵੱਲੋਂ 'ਜ਼ਮੀਨ ਜਾਤ ਬੰਦੂਕਾਂ ਔਰਤ' ਪੁਸਤਕ ਉੱਪਰ ਚਰਚਾ ਕੀਤੀ ਗਈ। ਇਸ ਦੌਰਾਨ ਉਨਾਂ ਨੇ ਪੁਸਤਕ ਦੇ ਮੁੱਖ ਬਿੰਦੂਆਂ 'ਤੇ ਚਾਨਣਾ ਪਾਇਆ। ਉਹਨਾਂ ਨੇ ਸਮਾਜਿਕ ਸੰਦਰਭ, ਭਾਸ਼ਾਈ ਪੱਖ ਅਤੇ ਆਧੁਨਿਕ ਸਮੇਂ ਦੀਆਂ ਚੁਣੌਤੀਆਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਇਸ ਪੁਸਤਕ ਨੂੰ ਮਨੁੱਖੀ ਸੋਚ ਦੇ ਵਿਕਾਸ ਲਈ ਬੁਨਿਆਦੀ ਸਾਧਨ ਦੱਸਿਆ। ਸਾਂਝਾ ਮੰਚ ਦੇ ਕਨਵੀਨਰ ਡਾ. ਸੁਖਦੀਪ ਕੌਰ ਅਤੇ ਡਾ. ਮਨਮਿੰਦਰ ਕੌਰ ਨੇ ਕਿਹਾ ਕਿ ਅਜਿਹੇ ਕਾਰਜਕ੍ਰਮ ਅਧਿਆਪਕਾਂ ਅਤੇ ਵਿਦਿਆਰਥੀਆਂ ਵਿੱਚ ਪਾਠਕ ਸੰਸਕਾਰਾਂ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਇਸ ਦੌਰਾਨ ਮੰਚ ਸੰਚਾਲਕ ਦੀ ਭੂਮਿਕਾ ਡਾ. ਮਨਮਿੰਦਰ ਕੌਰ ਵੱਲੋਂ ਨਿਭਾਈ ਗਈ। ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਡਾਇਰੈਕਟਰ ਪ੍ਰੋਫੈਸਰ ਕਮਲਜੀਤ ਸਿੰਘ ਨੇ ਪੁਸਤਕ ਚਰਚਾ ਸਾਂਝਾ ਮੰਚ ਨੂੰ ਸ਼ਲਾਘਾਯੋਗ ਕਦਮ ਦੱਸਿਆ ਅਤੇ ਇਸ ਲੜੀ ਨੂੰ ਜਾਰੀ ਰੱਖਣ ਦੀ ਪ੍ਰੇਰਨਾ ਦਿੱਤੀ। ਅੰਤ ਵਿੱਚ ਡਾ. ਬਲਦੇਵ ਸਿੰਘ ਮੁਖੀ ਗੁਰੂ ਕਾਸ਼ੀ ਸੋਸ਼ਲ ਸਾਇੰਸਜ਼ ਵਿਭਾਗ ਵੱਲੋਂ ਧੰਨਵਾਦ ਪ੍ਰਗਟ ਕੀਤਾ ਗਿਆ। ਇਹ ਚਰਚਾ ਅਧਿਆਪਕਾਂ ਲਈ ਗਿਆਨ ਵਧਾਊ ਅਤੇ ਸੋਚ ਨੂੰ ਨਵੀਂ ਦਿਸ਼ਾ ਦੇਣ ਵਾਲੀ ਸਾਬਤ ਹੋਈ। ਇਸ ਮੌਕੇ ਦੋਹਾਂ ਵਿਭਾਗਾਂ ਦੇ ਅਧਿਆਪਕ ਸਾਹਿਬਾਨ ਹਾਜ਼ਰ ਰਹੇ।

## ਸਿਰੀ ਨਨਕਾਣਾ ਸਾਹਿਬ ਗੁਰਪੁਰਬ ਤੇ ਚੜਦੇ ਪੰਜਾਬ ਨੂੰ ਦਰਸ਼ਨ ਕਰਨ ਤੋਂ ਹਿੰਦ ਸਰਕਾਰ ਨੇ ਰੋਕਿਆ—ਬੰਡਾਲਾ



ਫ਼ਿਰੋਜ਼ਪੁਰ, 15 ਸਤੰਬਰ (ਮਨੋਹਰ ਲਾਲ) :— ਦਮਦਮੀ ਟਕਸਾਲ ਦੇ ਜਥੇਦਾਰ ਗੁਰਨਾਮ ਸਿੰਘ ਬੰਡਾਲਾ ਨੇ ਹਿੰਦਸਤਾਨ ਸਰਕਾਰ ਦੀ ਮਾੜੀ ਨੀਅਤ ਨੂੰ ਜਾਹਰ ਕਰਦਿਆ ਕਿਹਾ ਇਹ ਸਿੱਖ ਲੀਡਰਾਂ ਦੀ 1947 ਵਿੱਚ ਵੱਡੀ ਗਲਤੀ ਹੈ ਜਿਸ ਦੇ ਕਾਰਨ ਅਸੀਂ ਆਪਣੇ ਜਾਨ ਤੋਂ ਪਿਆਰੇ ਗੁਰਧਾਮਾਂ ਦੇ ਦਰਸ਼ਨਾਂ ਤੋਂ ਸਰਕਾਰੀ ਪਾਬੰਦੀਆਂ ਕਾਰਨ ਵਾਂਝੇ ਹਾਂ, ਧੰਨ ਗੁਰੂ ਨਾਨਕ ਦੇਵ ਜੀ ਜਗਤ ਗੁਰੂ ਹਨ ਉਨ੍ਹਾਂ ਦੇ ਗੁਰਪੁਰਬ ਵੀ ਅਸੀਂ ਆਜਾਦੀ ਨਾਲ ਨਹੀਂ ਮਨਾ ਸਕਦੇ। ਗੱਲਬਾਤ ਕਰਦਿਆਂ ਜਥੇਦਾਰ ਬੰਡਾਲਾ ਨੇ ਕਿਹਾ ਕਿ ਪੰਜਾਬ ਵਿਚ ਹਜ਼ਾਰਾਂ ਸਿਆਸੀ ਪਾਰਟੀਆਂ ਫਿਰਦੀਆਂ ਹਨ ਖਾਸ ਕਰਕੇ ਆਕਾਲੀਆਂ ਨੂੰ ਰਤਾ ਦਰਦ ਨਹੀਂ ਆਇਆ ਸੰਗਤਾਂ ਨੂੰ ਨਨਕਾਣਾ ਸਾਹਿਬ ਜਾਣ ਤੋਂ ਕਿਉਂ ਰੋਕਿਆ ਹੈ। ਉਨ੍ਹਾਂ ਕਿਹਾ ਕਿ ਕਿਰਕਟ ਮੈਚ ਪਾਕਿਸਤਾਨ ਨਾਲ ਸ਼ਰੇਆਮ ਹੋ ਰਿਹਾ ਲੇਕਿਨ ਸਿੱਖ ਕੌਮ ਨੂੰ ਗੁਲਾਮੀ ਦਾ ਅਹਿਸਾਸ ਕਰਵਾਇਆ ਜਾ ਰਿਹਾ, ਕਰਤਾਰਪੁਰ ਵੀ ਬੰਦ ਕਰ ਦਿੱਤਾ ਵਾਹਗਾ ਬਾਰਡਰ ਬੰਦ ਵੀ ਕਰ ਦਿੱਤਾ ਕੀ ਇਹ ਹਿੰਦਸਤਾਨ ਸਰਕਾਰ ਦੀਆਂ ਏਜੰਸੀਆਂ ਸਿੱਖ ਕੌਮ ਦੇ ਦਿਲਾਂ ਵਿੱਚ ਨਫਰਤ ਨਹੀਂ ਪੈਦਾ ਕਰ ਰਹੀਆਂ। ਜਥੇਦਾਰ ਬੰਡਾਲਾ ਨੇ ਕਿਹਾ ਕਿ ਗੁਜਰਾਤ ਕੰਡਿਆਲੀ ਤਾਰ ਕਿਉਂ ਨਹੀਂ ਲਾਈ ਗਈ, ਕੇਵਲ ਸਿੱਖ ਕੌਮ ਨੂੰ ਤਾਰ ਵਿਚ ਜਕੜਿਆ ਹੈ ਅੱਜ ਪੰਜਾਬ ਦੀਆਂ ਸਿਆਸੀ ਪਾਰਟੀਆਂ ਕੰਧਾਂ ਤੇ ਬੈਠ ਕੇ ਤਮਾਸ਼ਾ ਵੇਖ ਰਹੀਆਂ ਹਨ ਸਮਾਂ ਪਰਮੇਸ਼ਰ ਦੇ ਹੱਥ ਹੈ ਨੇਪਾਲ ਵਿਚ ਜੋ ਹੋਇਆ ਸਭ ਨੇ ਵੇਖਿਆ ਜਿਸ ਦਿਨ ਨੌਜਵਾਨਾਂ ਹੱਥ ਰਾਜ ਆ ਗਿਆ ਇਹ ਸਿਆਸੀ ਪਾਰਟੀਆਂ ਦਾ ਜਿਉਣਾ ਔਖਾ ਹੋ ਜਾਣਾ, ਪਰ ਕੁਰਸੀ ਮੱਤ ਮਾਰ ਦਿੰਦੀ ਹੈ ਕਿਸੇ ਸਿਆਸੀ ਪਾਰਟੀ ਨੇ ਹੁਸ਼ਿਆਰਪੁਰ ਬੱਚੇ ਦੇ ਕਤਲ ਤੇ ਜਬਾਨ ਨਹੀਂ ਖੋਲੀ ਨਾ ਇਹ ਨਨਕਾਣਾ ਸਾਹਿਬ ਦਰਸ਼ਨ ਕਰਨ ਤੇ ਲੱਗੀ ਰੋਕ ਬਾਰੇ ਲੋਕ ਜਬਾਨ ਖੋਲਦੇ ਹਨ। ਗੱਲਬਾਤ ਕਰਦਿਆਂ ਜਥੇਦਾਰ ਗੁਰਨਾਮ ਸਿੰਘ ਬੰਡਾਲਾ ਨੇ ਕਿਹਾ ਕਿ ਸਿੱਖਾਂ ਦੀ ਜਮੀਰ ਮਰ ਗਈ ਹੈ ਨੋਟ ਵੇਖ ਕੇ 84ਦਾ ਅਟੈਕ ਬਰਗਾੜੀ ਬੇਅਦਬੀ ਕਾਂਡ ਸਭ ਪੈਰਾਂ ਥੱਲੇ ਦੇ ਕੇ ਜਿਉਦੇ ਹਨ ਅੱਜ ਸਿੱਖ ਕੌਮ ਗੁਲਾਮੀ ਦੀਆਂ ਸੱਟਾਂ ਕਿਉਂਸਹਿ ਰਹੀ ਹੈ, ਜਿਆਦਾਤਰ ਸਿੱਖ ਕੁਰਸੀ ਦੀ ਦੋੜ ਵਿਚ ਪਾਗਲ ਹੋਏ ਹਨ।

ਪਿੰਡ ਲੋਪੋ ਦੇ ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਛੇਵੀਂ ਵਿਖੇ

# ਤਿੰਨ ਰੋਜ਼ਾ ਮਹਾਨ ਗੁਰਮਤਿ ਸਮਾਗਮ ਕਰਵਾਇਆ









**ਲੋਪੋ/ਮੋਗਾ (ਵਰਿਆਮ ਹਠੂਰ)**-ਮੀਰੀ ਪੀਰੀ ਦੇ ਮਾਲਕ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਪਿੰਡ ਲੋਪੋ (ਮੋਗਾ) ਦੀ ਧਰਤੀ ਤੇ ਸਸ਼ੋਭਿਤ ਇਤਿਹਾਸਕ ਗੁਰਦੁਆਰਾ ਗੁਰੂਸਰ ਪਾਤਸ਼ਾਹੀ ਛੇਵੀਂ ਵਿਖੇ ਗ੍ਰਾਮ ਪੰਚਾਇਤ, ਸਪੋਰਟਸ ਕਲੱਬਾਂ, ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੁੱਚੀਆਂ ਗੁਰਸੰਗਤਾਂ ਦੇ ਸਹਿਯੋਗ ਸਦਕਾ, ਸ਼੍ਰੋਮਣੀ ਪੰਥ ਅਕਾਲੀ ਤਰਨਾ ਦਲ ਮਿਸਲ ਸ਼ਹੀਦ ਬਾਬਾ ਆਲਮ ਸਿੰਘ ਜੀ ਨੱਚਣਾ ਦੇ ਮੌਜੂਦਾ ਮੁਖੀ ਜਥੇਦਾਰ ਬਾਬਾ ਸੁਖਦੇਵ ਸਿੰਘ ਜੀ ਲੋਪੋ ਦੀ ਦੇਖ ਰੇਖ ਹੇਠ ਹਿੰਦ ਦੀ ਚਾਦਰ ਨੌਵੇਂ ਪਾਤਸ਼ਾਹ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਅਤੇ ਰੰਘਰੇਟੇ ਗੁਰੂ ਕੇ ਬੇਟੇ ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੇ ਸੀਸ ਭੇਟ ਦਿਵਸ ਨੂੰ ਬੜੀ ਹੀ ਸ਼ਰਧਾ ਅਤੇ ਸਤਿਕਾਰ ਸਹਿਤ ਮਨਾਇਆ ਗਿਆ, ਤਿੰਨ ਰੋਜ਼ਾ ਚੱਲੇ ਮਹਾਨ ਗੁਰਮਤਿ ਸਮਾਗਮਾਂ ਵਿੱਚ ਜਿੱਥੇ ਸਤਿਗੁਰਾਂ ਦੀ ਇਲਾਹੀ ਬਾਣੀ ਦੇ ਜਾਪ ਹੋਏ ਉੱਥੇ ਸੰਗਤਾਂ ਨੇ ਕਥਾ ਕੀਰਤਨ ਦਾ ਅਨੰਦ ਮਾਣਿਆ ਤੇ ਖੁੱਲ੍ਹੇ ਦਰਸ਼ਨ ਦੀਦਾਰੇ ਕੀਤੇ, ਸਮਾਗਮ ਦੇ ਆਖ਼ਰੀ ਦਿਨ ਸਿੰਘ ਸਾਹਿਬ ਜਥੇਦਾਰ ਬਾਬਾ ਮੇਜਰ ਸਿੰਘ ਜੀ ਸੋਢੀ (ਨਨਕਾਣਾ ਸਾਹਿਬ ਵਾਲਿਆਂ) ਨੇ ਨਹਿੰਗ ਸਿੰਘ ਫ਼ੌਜਾਂ ਸਮੇਤ ਹਾਜ਼ਰੀ ਭਰੀ, ਤੇ ਜੁੱਗੋ ਜੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਸਿਜਦਾ ਭੇਟ ਕੀਤਾ, ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਆਪਣੀ ਹਾਜ਼ਰੀ ਭਰੀ ਤੇ ਭਾਈ ਦਵਿੰਦਰ ਸਿੰਘ ਜੀ ਦਲੇਰ (ਜਗਰਾਉਂ) ਵਾਲਿਆਂ ਦੇ ਕੀਰਤਨੀ ਜੱਥੇ ਨੇ ਸ਼ਬਦ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ, ਭਾਈ ਗੁਰਚਰਨ ਸਿੰਘ ਜੀ ਦਲੇਰ ਜਗਰਾਉਂ ਵਾਲਿਆਂ ਨੇ ਵੀ ਹਾਜ਼ਰੀ ਭਰੀ ਤੇ ਨਾਲ ਨਾਲ ਹੋਰ ਜੱਥਿਆਂ ਨੇ ਵੀ ਕੀਰਤਨ ਦੀਆਂ ਸੇਵਾਵਾਂ ਨਿਭਾਈਆਂ, ਇੰਟਰਨੈਸ਼ਨਲ ਢਾਡੀ ਭਾਈ ਪ੍ਰਿਤਪਾਲ ਸਿੰਘ ਜੀ ਪਾਰਸ ਨੇ ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੇ ਜੀਵਨ ਪ੍ਰਤੀ ਸੰਗਤਾਂ ਨੂੰ ਵਿਸਥਾਰ ਪੂਰਵਕ ਜਾਣੂੰ ਕਰਵਾਇਆ, ਸਿੰਘ ਸਾਹਿਬ ਜਥੇਦਾਰ ਬਾਬਾ ਮੇਜਰ ਸਿੰਘ ਜੀ ਸੋਢੀ ਅਤੇ ਜਥੇਦਾਰ ਬਾਬਾ ਸੁਖਦੇਵ ਸਿੰਘ ਜੀ ਲੋਪੋ ਨੇ ਕੀਰਤਨੀ ਜੱਥਿਆਂ, ਗ੍ਰਾਮ ਪੰਚਾਇਤ, ਸਪੋਰਟਸ ਕਲੱਬ ਲੋਪੋ ਦੇ ਨੌਜਵਾਨਾਂ, ਅਤੇ ਵੱਖ ਵੱਖ ਨਹਿੰਗ ਸਿੰਘ ਫ਼ੌਜਾਂ ਦੇ ਜਥੇਦਾਰਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ, ਉਪਰੰਤ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਦੀ ਗੂੰਜ ਵਿੱਚ ਗੁਰੂ ਦੀਆਂ ਲਾਡਲੀਆਂ ਫੌਜਾਂ ਵੱਲੋਂ ਨਗਰ ਵਿੱਚ ਖ਼ਾਲਸਾਈ ਜਾਹੋ ਜਲਾਲ ਨਾਲ ਮਹੱਲਾ ਕੱਢਿਆ ਗਿਆ, ਤੇ ਨਹਿੰਗ ਸਿੰਘ ਫ਼ੌਜਾਂ ਨੇ ਜਿੱਥੇ ਗੱਤਕੇ ਦੇ ਜੌਹਰ ਵਿਖਾਏ ਉੱਥੇ ਘੋੜ ਸਵਾਰੀ, ਅਤੇ ਸ਼ਸਤਰ ਵਿੱਦਿਆ ਨਾਲ ਗੁਰੂ ਦੀਆਂ ਲਾਡਲੀਆਂ ਫੌਜਾਂ ਖਿੱਚ ਦਾ ਕੇਂਦਰ ਬਣੀਆਂ ਰਹੀਆਂ, ਇਸ ਮੌਕੇ ਗੱਲਬਾਤ ਕਰਦਿਆਂ ਸਿੰਘ ਸਾਹਿਬ ਜਥੇਦਾਰ ਬਾਬਾ ਮੇਜਰ ਸਿੰਘ ਜੀ ਸੋਢੀ (ਨਨਕਾਣਾ ਸਾਹਿਬ ਵਾਲਿਆਂ) ਨੇ ਕਿਹਾ ਕਿ ਸਿੱਖ ਕੌਮ ਬਾਜਾਂ ਵਾਲੇ ਸ਼ਿਹਨਸ਼ਾਹ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸਾਜੀ ਹੋਈ ਕੌਮ ਹੈ ਜਿਸ ਦੀ ਨੀਂਹ ਕੁਰਬਾਨੀਆਂ ਨਾਲ ਉਸਾਰੀ ਗਈ ਹੈ। ਸਾਨੂੰ ਬਾਣੀ ਅਤੇ ਬਾਣੇ ਦੇ ਧਾਰਨੀ ਬਣ ਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਾਣ ਨਾਲ ਧੀਆਂ ਪੁੱਤਰ ਅਖਵਾਉਣਾ ਚਾਹੀਦਾ ਹੈ। ਗੱਤਕਾ, ਘੋੜ ਸਵਾਰੀ, ਸ਼ਸਤਰ ਵਿੱਦਿਆ ਦੀ ਸਿਖਲਾਈ ਲੈਣੀ ਚਾਹੀਦੀ ਹੈ। ਤੇ ਬੀਬੀਆਂ ਭੈਣਾਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਬੱਚਿਆਂ ਨੂੰ ਬਚਪਨ ਤੋਂ ਹੀ ਸਿੱਖ ਕੌਮ ਦੇ ਮਹਾਨ ਵਿਰਸੇ ਅਤੇ ਸ਼ਾਨਾਮੱਤੇ ਇਤਿਹਾਸ ਤੋਂ ਜਾਣੂੰ ਕਰਵਾਉਣ, ਤਾਂ ਜੋ ਬੱਚਿਆਂ ਦਾ ਬਚਪਨ ਤੋਂ ਹੀ ਸਿੱਖੀ ਪ੍ਰਤੀ ਮੋਹ ਪੈਦਾ ਹੋਵੇ, ਇਸ ਮੌਕੇ ਮਿਸਲ ਸ਼ਹੀਦ ਬਾਬਾ ਆਲਮ ਸਿੰਘ ਜੀ ਨੱਚਣਾ ਦੇ ਮੌਜੂਦਾ ਜਥੇਦਾਰ ਬਾਬਾ ਸੁਖਦੇਵ ਸਿੰਘ ਜੀ ਲੋਪੋ ਨੇ ਕਿਹਾ ਕਿ ਬਾਜਾਂ ਵਾਲੇ ਸ਼ਿਹਨਸ਼ਾਹ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸਿੱਖ ਪੰਥ ਲਈ ਸਾਰਾ ਸਰਬੰਸ ਵਾਰ ਦਿੱਤਾ, ਐਸੇ ਪੁੱਤਰਾਂ ਦੇ ਦਾਨੀ ਦਾ ਅਸੀਂ ਕਦੇ ਵੀ ਦੇਣ ਨਹੀਂ ਦੇ ਸਕਦੇ, ਸਾਨੂੰ ਗੁਰੂਆਂ ਦੇ ਦਰਸਾਏ ਮਾਰਗ ਤੇ ਚੱਲਣਾ ਚਾਹੀਦਾ ਹੈ। ਤੇ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪੱਲਾ ਫੜ ਕੇ ਤੇ ਅਮ੍ਰਿਤ ਦੀ ਦਾਤ ਪ੍ਰਾਪਤ ਕਰਕੇ ਆਪਣਾ ਜੀਵਨ ਸਫ਼ਲ ਕਰਨਾ ਚਾਹੀਦਾ ਹੈ। ਅੰਤ ਵਿੱਚ ਉਨ੍ਹਾਂ ਸਮੁੱਚੀਆਂ ਨਹਿੰਗ ਸਿੰਘ ਫ਼ੌਜਾਂ, ਕੀਰਤਨੀ ਜੱਥਿਆਂ, ਗ੍ਰਾਮ ਪੰਚਾਇਤ, ਸਪੋਰਟਸ ਕਲੱਬ ਲੋਪੋ, ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਵੱਡੀ ਗਿਣਤੀ ਵਿੱਚ ਪੁੱਜੀਆਂ ਸੰਗਤਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ।

**ਸਿੰਘ ਸਾਹਿਬ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਅਤੇ ਜਥੇਦਾਰ ਬਾਬਾ ਸੁਖਦੇਵ ਸਿੰਘ ਲੋਪੋ ਦੀ ਅਗਵਾਈ ਹੇਠ ਕੱਢਿਆ ਮਹੱਲਾ**

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਫੌਰੈਸਟ ਪੈਨਸ਼ਨਰਜ਼ ਦੀਆਂ ਮੰਗਾਂ ਨੂੰ ਲੈ ਕੇ 19 ਨੂੰ ਹੋਵੇਗੀ ਹੰਗਾਮੀ ਮੀਟਿੰਗ—ਧਾਲੀਵਾਲ



ਫ਼ਿਰੋਜ਼ਪੁਰ, 15 ਸਤੰਬਰ (ਮਨੋਹਰ ਲਾਲ):— ਪੰਜ਼ਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਪੰਜ਼ਾਬ ਨਾਨ ਗਜ਼ਿਟਡ ਫੋਰੈਸਟ ਆਫਿਸਰ ਯੂਨੀਅਨ, ਅਖੀਲ ਭਾਰਤੀਯ ਜੀਵ ਰੱਖਿਆ ਸਭਾ, ਵਣ ਵਿਭਾਗ ਦੇ ਅਧਿਕਾਰੀ ਅਤੇ ਕਰਮਚਾਰੀਆਂ ਦੀ ਸਾਂਝੀ ਮੀਟਿੰਗ ਵਣ ਰੇਂਜ ਦਫਤਰ ਅਬੋਹਰ ਵਿਖੇ ਹੋਈ।ਮੀਟਿੰਗ ਦੌਰਾਨ ਪਿਛਲੇ ਦਿਨੀਂ ਕੁਦਰਤੀ ਕਰੋਪੀ ਬਾਰਸ਼ਾਂ ਅਤੇ ਭਿਆਨਕ ਬਦਲਾਂ ਦੇ ਫਟਣ ਕਾਰਨ ਮਾਰੇ ਗਏ ਲੋਕਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ। ਇਸ ਸਮਾਗਮ ਨੂੰ ਕਾਮਯਾਬ ਕਰਨ ਲਈ ਇਕੱਤਰ ਸਾਥੀਆਂ ਵੱਲੋਂ ਆਪੋ—ਆਪਣੇ ਵਿਚਾਰ ਸਾਂਝੇ ਕੀਤੇ ਗਏ। ਇਸ ਮੌਕੇ ਸ੍ਰੀ ਬਲਵਿੰਦਰ ਸਿੰਘ ਸੰਧੂ ਸੂਬਾ ਪ੍ਰਧਾਨ, ਪ੍ਰਿਥੀ ਰਾਜ, ਰਵਿੰਦਰ ਕੁਮਾਰ ਫ਼ਾਜ਼ਿਲਕਾ, ਰਾਜਿੰਦਰ ਕੁਮਾਰ ਵਣ ਗਾਰਡ, ਜਗਦੀਪ ਸਿੰਘ ਫੌਜੀ, ਰੂਪਾਸ਼ ਫੋਰੈਸਟਰ, ਗਗਨਦੀਪ ਸਿੰਘ ਵਣ ਗਾਰਡ ਸੁਖਪ੍ਰੀਤ ਸਿੰਘ ਵਣ ਗਾਰਡ ਮਲੋਟ ਕਮੇਟੀ ਮੈਂਬਰ ਨਿਯੁਕਤ ਕੀਤੇ ਗਏ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਆਗੂਆਂ ਨੇ ਕਿਹਾ ਕਿ ਕਮੇਟੀ ਦੀ ਅਗਲੀ ਮੀਟਿੰਗ ਮਾਤਾ ਅੰਮ੍ਰਿਤਾ ਦੇਵੀ ਪਾਰਕ ਵਿਖੇ 19 ਸਤੰਬਰ 2025 ਨੂੰ ਸਵੇਰੇ 10 ਵਜੇ ਹੋਵੇਗੀ। ਇਸ ਮੌਕੇ ਸ਼੍ਰੀ ਰਿਪੁ ਧਵਨ ਸਰਪੰਚ ਮਹਰਾਜਪੁਰ, ਦੇਵੀ ਲਾਲ ਪਾਰਕ ਇੰਚਾਰਜ, ਅਸ਼ੋਕ ਕੁਮਾਰ ਬਿਸ਼ਨੋਈ ਸਭਾ ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਮੁਹਿੰਦਰ ਸਿੰਘ ਮੀਤ, ਮਨਜੀਤ ਸਿੰਘ ਰੇਂਜ ਅਫ਼ਸਰ ਜੰਗਲੀ ਜੀਵ ਰੇਂਜ ਅਬੋਹਰ, ਸੁਖਦੇਵ ਸਿੰਘ ਰੇਂਜ ਅਫ਼ਸਰ ਫਾਜ਼ਿਲਕਾ, ਪ੍ਰਿਥੀ ਰਾਜ, ਕਿਸ਼ਨ ਕੁਮਾਰ ਸ਼ਿਹਜ਼ਾਦਾ ਰਾਮ, ਮੇਜਰ ਸਿੰਘ ਮੁੰਗਰਾ ਆਦਿ ਨੇ ਸੰਬੋਧਨ ਕੀਤਾ ਅਤੇ ਵਿਸ਼ਵਾਸ਼ ਦਵਾਇਆ ਕਿ ਵਣ ਸ਼ਹੀਦੀ ਦਿਵਸ ਨੂੰ ਕਾਮਯਾਬ ਕਰਨ ਲਈ ਕੋਈ ਕਸਰ ਨਹੀਂ ਛੱਡੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

## ਸਿੰਘ ਸਾਹਿਬ ਭਾਈ ਜ਼ਸਵੀਰ ਸਿੰਘ ਖਾਲਸਾ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ ਹੜ੍ਹ ਪੀੜਤਾਂ ਲਈ ਰਾਸ਼ਨ, ਫੀਡ, ਆਚਾਰ ਤੋਂ ਇਲਾਵਾ ਹਰ ਤਰ੍ਹਾਂ ਦਾ ਸਮਾਨ 6 ਟਰਾਲੀਆਂ 3 ਕੈਂਟਰ ਅਤੇ ਇਕ ਵੱਡਾ ਟਰੱਕ ਲੈ ਕੇ ਹੜ੍ਹ ਪੀੜਤਾਂ ਕੋਲ ਪਹੁੰਚੇ







**ਫ਼ਿਰੋਜ਼ਪੁਰ, 15 ਸਤੰਬਰ (ਮਨੋਹਰ ਲਾਲ) :—** ਸਿੰਘ ਸਾਹਿਬ ਭਾਈ ਜ਼ਸਵੀਰ ਸਿੰਘ ਖਾਲਸਾ ਰੋਡੇ ਜਿਹੜੇ ਕਿ ਪੰਜਾਬ ਵਿਚ ਜਿਥੇ—ਜਿਥੇ ਵੀ ਹੜ੍ਹ ਆਇਆ ਹੈ, ਭਾਰੀ ਗਿਣਤੀ ਵਿਚ ਰਾਸ਼ਨ, ਖਾਦ, ਫੀਡ, ਆਚਾਰ ਅਤੇ ਲੋਕਾਂ ਨੂੰ ਕੰਬਲ, ਬਿਸਤਰੇ ਅਤੇ ਹਰ ਹੜ੍ਹ ਪੀੜਤ ਕੋਲ ਮੈਡੀਕਲ ਦਵਾਈਆਂ ਪਹੁੰਚ ਰਹੇ ਹਨ। ਇਸੇ ਤਹਿਤ ਅੱਜ ਹੜ੍ਹਾਂ ਦੀ ਮਾਰ ਝੱਲ ਰਹੇ ਲੋਕਾਂ ਨੂੰ ਰਾਸ਼ਨ ਵੰਡਿਆ ਜਾ ਰਿਹਾ ਹੈ, ਇਸ ਮੌਕੇ ਤੇ ਉਨ੍ਹਾਂ ਨਾਲ ਜਥੇਦਾਰ ਸਵਰਨਜੀਤ ਸਿੰਘ ਤਰਨਾ ਦਲ ਦੋਆਬਾ, ਜਥੇਦਾਰ ਦਲੀਪ ਸਿੰਘ ਚੱਕਰ ਕਨਵੀਨਰ ਇੰਟਰਨੈਸ਼ਨਲ ਪੰਥਕ ਦਲ, ਹਰਕ੍ਰਿਸ਼ਨ ਸਿੰਘ ਜ਼ਿਲ੍ਹਾ ਪ੍ਰਧਾਨ ਲੁਧਿਆਣਾ, ਕੁਲਦੀਪ ਸਿੰਘ ਡੱਲਾ ਜਗਰਾਓ ਪਹੁੰਚੇ। ਇਸ ਮੌਕੇ ਉਨ੍ਹਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇੰਟਰਨੈਸ਼ਨਲ ਪੰਥਕ ਦਲ ਜ਼ੋ ਕਿ 24 ਅਗਸਤ ਤੋਂ ਲਗਾਤਾਰ ਹੜ੍ਹ ਪੀੜਤਾਂ ਦੀ ਮੱਦਦ ਲਈ ਮੈਂ ਵੀ ਪਾਣੀ ਵਿਚ ਹੀ ਕਈ ਪਿੰਡਾਂ ਦਾ ਦੌਰਾ ਕੀਤਾ ਅਤੇ ਪਾਣੀ ਦੀ ਮਾਰ ਹੇਠ ਆਏ ਪਿੰਡਾਂ ਵਿਚ ਹੜ੍ਹ ਪੀੜਤਾਂ ਨੂੰ ਮਿਲਿਆ ਹਾਂ ਅਤੇ ਉਨ੍ਹਾਂ ਆਪਣੀਆਂ ਦੁੱਖ ਤਕਲੀਫਾਂ ਦੱਸੀਆਂ ਹਨ, ਜ਼ੋ ਅਸੀਂ ਹਰ ਪਿੰਡਾਂ ਦੇ ਲੋਕਾਂ ਦੀਆਂ ਲਿਸਟਾਂ ਤਿਆਰ ਕਰ ਲਈਆਂ ਹਨ ਅਤੇ ਇਹ ਰਾਸ਼ਨ ਭਾਈ ਕ੍ਰਿਪਾ ਸਿੰਘ ਨੱਥੂ ਵਾਲਾ ਪੰਜਾਬ ਪ੍ਰਧਾਨ ਕਿਸਾਨ ਵਿੰਗ, ਬਾਬਾ ਸਤਨਾਮ ਸਿੰਘ ਵਲੀਆ ਧਾਰਮਿਕ ਵਿੰਗ ਇੰਟਰਨੈਸ਼ਨਲ ਪੰਥਕ ਦਲ, ਭਾਈ ਜ਼ੋਗਿੰਦਰ ਸਿੰਘ ਮੀਤ ਪ੍ਰਧਾਨ ਪੰਜਾਬ ਧਾਰਮਿਕ ਵਿੰਗ, ਭਾਈ ਮਲਕੀਤ ਸਿੰਘ ਜ਼ਿਲ੍ਹਾ ਪ੍ਰਧਾਨ ਧਾਰਮਿਕ ਵਿੰਗ, ਭਾਈ ਪਿੱਪਲ ਸਿੰਘ ਜ਼ਿਲ੍ਹਾ ਪ੍ਰਧਾਨ ਫ਼ਿਰੋਜ਼ਪੁਰ, ਭਾਈ ਬੇਅੰਤ ਸਿੰਘ ਐਮ.ਸੀ ਸ਼ਹਿਰੀ ਪ੍ਰਧਾਨ, ਗੁਰਦੇਵ ਸਿੰਘ ਸ਼ਾਹਦੀਨ ਵਾਲਾ ਕਿਸਾਨ ਵਿੰਗ, ਪ੍ਰਿਤਪਾਲ ਸਿੰਘ ਨੱਥੂਵਾਲਾ ਸੋਸ਼ਲ ਮੀਡੀਆ ਇਨਚਾਰਜ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਆਗੂ ਹਾਜ਼ਰ ਸਨ। ਇਸ ਮੌਕੇ ਤੇ ਬਾਬਾ ਸਤਨਾਮ ਸਿੰਘ ਵੱਲੀਆ ਪੰਜਾਬ ਪ੍ਰਧਾਨ ਧਾਰਮਿਕ ਵਿੰਗ ਨੇ ਕਿਹਾ ਕਿ ਸਾਡੀ ਸਿੰਘ ਸਾਹਿਬ ਜੀ ਨੇ ਡਿਊਟੀ ਲਾਈ ਹੈ ਉਹ ਅਸੀਂ ਪੂਰੀ ਤਨਦੇਹੀ ਨਾਲ ਨਿਭਾਵਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਮੌਜੂਦਾ ਮੁਖੀ ਦਮਦਮੀ ਟਕਸਾਲ ਵੱਲੋਂ ਹੜ੍ਹ ਪੀੜਤਾਂ ਲਈ ਭੇਜਿਆ ਗਿਆ ਰਾਸ਼ਨ ਪਿੰਡ ਬੰਡਾਲਾ ਤੇ ਹੋਰ ਪਿੰਡਾਂ ਵਿਚ ਵੰਡਿਆ ਗਿਆ—ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ







**ਫ਼ਿਰੋਜ਼ਪੁਰ, 15 ਸਤੰਬਰ (ਮਨੋਹਰ ਲਾਲ) :—** ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਮੌਜੂਦਾ ਮੁਖੀ ਦਮਦਮੀ ਟਕਸਾਲ ਦੀ ਰਹਿਨੁਮਾਈ ਹੇਠ ਹੜ੍ਹ ਪੀੜਤਾਂ ਲਈ ਭੇਜਿਆ ਗਿਆ ਰਾਸ਼ਨ। ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ, ਭਾਈ ਚਮਕੌਰ ਸਿੰਘ, ਭਾਈ ਹਰਪਾਲ ਸਿੰਘ, ਭਾਈ ਮੋਹਿਤ ਸਿੰਘ ਨੇ ਪਿੰਡ ਬੰਡਾਲਾ ਅਤੇ ਹੋਰ ਪਿੰਡਾਂ ਵਿਚ ਘਰ—ਘਰ ਜਾ ਕੇ ਰਾਸ਼ਨ ਵੰਡਿਆ। ਇਸ ਮੌਕੇ ਤੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ ਨੇ ਕਿਹਾ ਕਿ ਹੜ੍ਹ ਪੀੜਤ ਕਾਫੀ ਦੁਖੀ ਹਨ, ਜਿਨ੍ਹਾਂ ਦੀਆਂ ਫਸਲਾਂ ਤਬਾਹ ਹੋ ਗਈਆਂ ਹਨ ਅਤੇ ਭਾਰੀ ਗਿਣਤੀ ਵਿਚ ਮਕਾਨਾਂ ਦਾ ਨੁਕਸਾਨ ਹੋਇਆ ਹੈ, ਉਨ੍ਹਾਂ ਲਈ ਮਕਾਨਾਂ ਵਾਸਤੇ ਸੀਮੈਂਟ, ਬਜਰੀ, ਰੇਤਾਂ, ਇੱਟਾਂ ਆਦਿ ਸਰਕਾਰ ਦੇਵੇ ਅਤੇ ਨਾਲ ਹੀ ਉਨ੍ਹਾਂ ਲਈ ਏਕੜ—ਏਕੜ ਫਸਲ ਘੱਟੋ—ਘੱਟ 70 ਹਜ਼ਾਰ ਰੁਪਏ ਦਿੱਤਾ ਜਾਵੇ ਤਾਂ ਜ਼ੋ ਕਿ ਕਿਸਾਨ ਜਿਹੜਾ ਕਿ ਫਸਲ ਨੂੰ ਪਕਾਉਣ ਲਈ ਆੜਤੀਆਂ ਕੋਲੋਂ ਕਰਜਾ ਚੁੱਕ ਕੇ ਲਾਇਆ ਸੀ, ਉਹ ਦਿੱਤਾ ਜਾਵੇ, ਅਸੀਂ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਨੂੰ ਕਹਿਣਾ ਚਾਹੁੰਦੇ ਹਾਂ ਕਿ ਉਹ ਵੱਧ ਤੋਂ ਵੱਧ ਜਮੀਨਾਂ ਦਾ ਮੁਆਵਜਾ ਅਤੇ ਜਿਨ੍ਹਾਂ ਦੇ ਪਸ਼ੂ ਰੁੜ ਗਏ ਅਤੇ ਹੋਰ ਕੀਮਤੀ ਸਮਾਨ ਰੁੜ ਗਿਆ ਹੈ, ਉਨ੍ਹਾਂ ਨੂੰ ਮੱਝਾਂ ਲੈ ਕੇ ਦਿੱਤੀਆਂ ਜਾਣ ਅਤੇ ਹੋਰ ਸਮਾਨ ਦਿੱਤਾ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

### ਬਰਤਾਨੀਆਂ ਵਿਚ ਸਿੱਖ ਬੀਬੀ ਨਾਲ ਜਬਰਜਿਨਾਹ ਅਤੇ ਨਸਲੀ ਟਿਪਣੀ ਵਿਰੁੱਧ ਸਿੱਖਾਂ ਵਲੋਂ ਭਾਰੀ ਵਿਰੋਧ ਪ੍ਰਦਰਸ਼ਨ

# ਇਕ ਦੋਸ਼ੀ ਗ੍ਰਿਫਤਾਰ ਦੂਜੇ ਦੀ ਭਾਲ ਜਾਰੀ

ਨਵੀਂ ਦਿੱਲੀ 15 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਬਰਤਾਨੀਆਂ ਦੇ ਸਿੱਖ ਭਾਈਚਾਰੇ ਦੇ ਮੈਂਬਰ ਇੱਕ ਸਿੱਖ ਬੀਬੀ ਨਾਲ ਬਲਾਤਕਾਰ ਅਤੇ ਓਸ ਉਪਰ ਕੀਤੀ ਗਈ ਨਸਲੀ ਟਿਪਣੀ ਦੇ ਵਿਰੋਧ ਵਿੱਚ ਇਕੱਠੇ ਹੋਏ । ਯੂਕੇ ਪੁਲਿਸ ਵੀਂ ਇਸ ਨੂੰ ਨਸਲੀ ਤੌਰ 'ਤੇ ਭੜਕਾਊ ਮੰਨ ਰਹੀ ਹੈ ।ਜਿਕਰਯੋਗ ਹੈ ਕਿ 20 ਸਾਲਾ ਸਿੱਖ ਬੀਬੀ ਨੇ ਮੰਗਲਵਾਰ ਨੂੰ ਵੈਸਟ ਮਿਡਲੈਂਡਜ਼ ਦੇ ਓਲਡਬਰੀ ਵਿੱਚ ਟੇਮ ਰੋਡ ਨੇੜੇ ਦੋ ਆਦਮੀਆਂ ਦੁਆਰਾ ਹਮਲਾ ਕੀਤੇ ਜਾਣ ਦੀ ਰਿਪੋਰਟ ਦਿੱਤੀ ਸੀ ।ਪੀੜਤ ਨਾਲ ਏਕਤਾ ਦਿਖਾਉਣ ਲਈ ਕੀਤਾ ਗਿਆ ਇਹ ਪ੍ਰਦਰਸ਼ਨ ਹਮਲੇ ਵਾਲੀ ਥਾਂ ਵੱਲ ਜਾਣ ਤੋਂ ਪਹਿਲਾਂ ਸਮੈਥਵਿਕ ਵਿੱਚ ਸ਼ੁਰੂ ਹੋਇਆ। ਪ੍ਰਦਰਸ਼ਨ ਵਿੱਚ ਹਾਜ਼ਿਰੀ ਭਰ ਰਹੇ ਸਿੱਖ ਆਗੂਆਂ ਨੇ ਕਿਹਾ ਸਾਡੀ ਭੈਣ 'ਤੇ ਇਹ ਹਮਲਾ ਸ਼ਰਮਨਾਕ ਹੈ। ਸਾਡੀਆਂ ਧੀਆਂ, ਭੈਣਾਂ ਅਤੇ ਮਾਵਾਂ ਸੁਰੱਖਿਅਤ ਰਹਿਣ ਦੀਆਂ ਹੱਕਦਾਰ ਹਨ, ਭਾਵੇਂ ਉਹ ਕਿਸੇ ਵੀ ਰੰਗ ਜਾਂ ਕਿਸੇ ਵੀ ਧਰਮ ਨਾਲ ਸਬੰਧਤ ਹੋਣ। ਕੁੜੀਆਂ ਅਤੇ ਔਰਤਾਂ, ਖਾਸ ਕਰਕੇ, ਸਾਡੇ ਸਮਾਜ ਵਿੱਚ ਸੁਰੱਖਿਅਤ ਮਹਿਸੂਸ ਕਰਨੀਆਂ ਚਾਹੀਦੀਆਂ ਹਨ। ਸਾਡੇ ਸਿਆਸਤਦਾਨ ਸਾਨੂੰ ਅਸਫਲ ਕਰ ਰਹੇ ਹਨ - ਪੁਲ ਅਤੇ ਹੱਲ ਬਣਾਉਣ ਦੀ ਬਜਾਏ ਪਾੜੇ ਪੈਦਾ ਕਰ ਰਹੇ ਹਨ। ਉਨ੍ਹਾਂ ਕਿਹਾ ਸਥਾਨਕ ਸਿਆਸਤਦਾਨਾਂ ਨੂੰ ਸਾਡੇ ਭਾਈਚਾਰਿਆਂ ਦੀ ਰੱਖਿਆ ਅਤੇ ਏਕਤਾ ਲਈ ਅੱਗੇ ਆਉਣਾ ਚਾਹੀਦਾ ਹੈ ਅਤੇ ਹੋਰ ਕੁਝ ਕਰਨਾ ਚਾਹੀਦਾ ਹੈ। ਇਹ




ਨਸਲੀ ਨਫ਼ਰਤ ਅਤੇ ਜਿਨਸੀ ਹਿੰਸਾ ਦਾ ਇੱਕ ਘਿਨਾਉਣਾ ਕੰਮ ਸੀ। ਸਿੱਖ ਇਸ ਕੌਮ ਲਈ ਖੜ੍ਹੇ ਹੋਏ ਹਨ - ਸਾਰਾਗੜ੍ਹੀ ਤੋਂ ਲੈ ਕੇ ਵਿਸ਼ਵ ਯੁੱਧਾਂ ਤੱਕ - ਬਹਾਦਰੀ ਲਈ ਵਿਕਟੋਰੀਆ ਕਰਾਸ ਪ੍ਰਾਪਤ ਕੀਤਾ ਹੈ। ਅਸੀਂ ਮਾਣਮੱਤੇ ਨਾਗਰਿਕ ਹਾਂ, ਐਨ ਐਚ ਐਸ ਰਾਹੀਂ, ਕਾਰੋਬਾਰ ਵਿੱਚ, ਅਤੇ ਬ੍ਰਿਟਿਸ਼ ਸਮਾਜ ਵਿੱਚ ਯੋਗਦਾਨ ਪਾ ਰਹੇ ਹਾਂ। ਇਹ ਸਿਰਫ਼ ਸਾਡੇ ਭਾਈਚਾਰੇ 'ਤੇ ਹਮਲਾ ਨਹੀਂ ਸੀ, ਸਗੋਂ ਇੱਕ ਔਰਤ ਦੇ ਸਨਮਾਨ ਦੀ ਉਲੰਘਣਾ ਸੀ - ਅਤੇ ਇਸਦਾ ਨਿਆਂ ਹੋਣਾ ਚਾਹੀਦਾ ਹੈ। ਸਿੱਖ ਫੈਡਰੇਸ਼ਨ (ਯੂ.ਕੇ.) ਦੇ ਰਾਜਨੀਤਿਕ ਸ਼ਮੂਲੀਅਤ ਲਈ ਮੁੱਖ ਕਾਰਜਕਾਰੀ ਦਬਿੰਦਰਜੀਤ ਸਿੰਘ ਓ.ਬੀ.ਈ. ਨੇ ਵੈਸਟ ਮਿਡਲੈਂਡਜ਼ ਪੁਲਿਸ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਸਨੇ ਓਲਡਬਰੀ ਵਿੱਚ ਨੌਜਵਾਨ ਸਿੱਖ ਔਰਤ 'ਤੇ ਹੋਏ ਨਸਲਵਾਦੀ ਜਿਨਸੀ ਹਮਲੇ ਅਤੇ ਬਲਾਤਕਾਰ ਲਈ ਇੱਕ ਦੋਸ਼ੀ ਨੂੰ ਲੱਭਿਆ ਅਤੇ ਗ੍ਰਿਫ਼ਤਾਰ ਕੀਤਾ। ਅਸੀਂ ਉਮੀਦ ਕਰਦੇ ਹਾਂ ਕਿ ਦੂਜੇ ਆਦਮੀ ਨੂੰ ਵੀ ਗ੍ਰਿਫ਼ਤਾਰ ਕੀਤਾ ਜਾਵੇਗਾ, ਦੋਸ਼ੀ ਠਹਿਰਾਇਆ ਜਾਵੇਗਾ ਅਤੇ ਇਸ ਘਿਨਾਉਣੇ ਅਪਰਾਧ ਲਈ ਜਲਦੀ ਹੀ ਮੁਕੱਦਮਾ ਚਲਾਇਆ ਜਾਵੇਗਾ। ਅਸੀਂ ਸਥਾਨਕ ਸੰਸਦ ਮੈਂਬਰਾਂ ਨੂੰ ਬਲਾਤਕਾਰ ਲਈ ਦੋਸ਼ੀ ਠਹਿਰਾਏ ਜਾਣ ਅਤੇ ਗ੍ਰਹਿ ਸਕੱਤਰ ਦੇ ਚੁੱਪ ਰਹਿਣ ਅਤੇ ਬੇਰਹਿਮ ਨਸਲਵਾਦੀ ਹਮਲੇ ਅਤੇ ਬਲਾਤਕਾਰ ਦੀ ਨਿੰਦਾ ਨਾ ਕਰਨ ਲਈ ਅਣਉਚਿਤ ਬਚਾਅ 'ਤੇ ਮੀਡੀਆ ਨੂੰ ਭਿਆਨਕ ਅਤੇ ਬਹੁਤ ਹੀ ਅਸੰਵੇਦਨਸ਼ੀਲ ਟਿੱਪਣੀਆਂ ਕਰਦੇ ਦੇਖਿਆ ਹੈ। ਉਹ ਸਿਰਫ਼ ਇੱਕ ਮੁਆਫ਼ੀ ਮੰਗਣ ਵਾਲਾ ਹੈ ਅਤੇ ਹਮੇਸ਼ਾ ਲੇਬਰ ਸਰਕਾਰ ਦੁਆਰਾ ਕਾਰਵਾਈ ਨਾ ਕਰਨ ਲਈ ਸਥਾਨਕ ਸਿੱਖ ਭਾਈਚਾਰੇ ਨੂੰ ਬਹਾਨੇ ਬਣਾਉਂਦਾ ਹੈ। ਪਿਛਲੇ ਮੰਗਲਵਾਰ ਨੂੰ ਹੋਏ ਨਸਲਵਾਦੀ ਜਿਨਸੀ ਹਮਲੇ ਤੋਂ ਬਾਅਦ ਤੁਹਾਡੀ ਅਤੇ ਗ੍ਰਹਿ ਦਫ਼ਤਰ ਦੀ ਚੁੱਪੀ ਅਸਵੀਕਾਰਨਯੋਗ ਹੈ। ਅਸੀਂ ਉਮੀਦ ਕਰਦੇ ਹਾਂ ਕਿ ਜਦੋਂ ਤੁਸੀਂ ਗ੍ਰਹਿ ਸਕੱਤਰ ਵਜੋਂ ਕੱਲ੍ਹ ਪਹਿਲੀ ਵਾਰ ਸੰਸਦੀ ਸਵਾਲਾਂ ਦੇ ਜਵਾਬ ਦਿਓਗੇ ਤਾਂ ਤੁਸੀਂ ਓਲਡਬਰੀ ਵਿੱਚ ਨਸਲਵਾਦੀ ਜਿਨਸੀ ਹਮਲੇ ਦੀ ਜਨਤਕ ਤੌਰ 'ਤੇ ਨਿੰਦਾ ਕਰਨ ਦੇ ਮੌਕੇ ਦੀ ਵਰਤੋਂ ਕਰੋਗੇ। ਹਮਲੇ ਤੋਂ ਬਾਅਦ, ਪੀੜਤ ਨੇ ਇੱਕ ਜਨਤਕ ਬਿਆਨ ਜਾਰੀ ਕਰਕੇ ਭਾਈਚਾਰੇ ਦਾ ਪਿਆਰ ਅਤੇ ਸਮਰਥਨ ਲਈ ਧੰਨਵਾਦ ਕੀਤਾ ਹੈ। ਇਸ ਸਭ ਦੇ ਦੌਰਾਨ, ਮੇਰਾ ਪਰਿਵਾਰ ਮੇਰੇ ਲਈ ਚੱਟਾਨ ਰਿਹਾ ਹੈ ਅਤੇ ਮੇਰਾ ਭਾਈਚਾਰਾ ਮੇਰੇ ਨਾਲ ਮਜ਼ਬੂਤੀ ਨਾਲ ਖੜ੍ਹਾ ਹੈ।

### ਪਟਨਾ ਸਾਹਿਬ ਤੋਂ ਨਿਕਲਣ ਵਾਲੀ

# ਸ਼ਹੀਦੀ ਜਾਗਰਤੀ ਯਾਤਰਾ ਨੂੰ ਲੈ ਕੇ ਤਿਆਰੀਆਂ ਜ਼ੋਰਾਂ 'ਤੇ: ਜਗਜੋਤ ਸਿੰਘ ਸੋਹੀ



**ਨਵੀਂ ਦਿੱਲੀ, 15 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**-ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਤੋਂ 17 ਸਤੰਬਰ ਨੂੰ ਨਿਕਲਣ ਵਾਲੀ ਸ਼ਹੀਦੀ ਜਾਗਰਤੀ ਯਾਤਰਾ ਨੂੰ ਲੈ ਕੇ ਸੰਗਤ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ। ਜਾਗਰਤੀ ਯਾਤਰਾ ਵਿੱਚ ਸ਼ਾਮਿਲ ਹੋਣ ਲਈ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਸੰਗਤ ਪਹੁੰਚ ਰਹੀ ਹੈ। ਇਸ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਤ ਮਹਾਪੁਰਖ ਵੀ ਪਹੁੰਚ ਰਹੇ ਹਨ। ਤਖ਼ਤ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੰਤ ਮਹਾਪੁਰਖਾਂ ਅਤੇ ਸੰਗਤ ਦੀ ਰਹਾਇਸ਼, ਲੰਗਰ, ਆਵਾਜਾਈ ਆਦਿ ਦੇ ਪੱਕੇ ਪ੍ਰਬੰਧ ਕੀਤੇ ਗਏ ਹਨ। ਦੂਜੇ ਪਾਸੇ ਪ੍ਰਸ਼ਾਸਨ ਵਲੋਂ ਵੀ ਸਾਰੀ ਤਿਆਰੀਆਂ ਦੀ ਸਮੀਖਿਆ ਕੀਤੀ ਜਾ ਰਹੀ ਹੈ। ਸਿਟੀ ਐਸਐਸਪੀ ਖੁਦ ਤਿਆਰੀਆਂ ਦੀ ਸਮੀਖਿਆ ਲਈ ਪਹੁੰਚੇ ਅਤੇ ਇੰਦਰਜੀਤ ਸਿੰਘ ਤੇ ਸਕੱਤਰ ਗੁਰਵਿੰਦਰ ਸਿੰਘ ਨਾਲ ਮੀਟਿੰਗ ਕੀਤੀ, ਜਿਸ ਵਿੱਚ ਉਨ੍ਹਾਂ ਨੂੰ ਪੂਰੇ ਪ੍ਰੋਗਰਾਮ ਦੀ ਰੂਪਰੇਖਾ ਬਾਰੇ ਜਾਣਕਾਰੀ ਦਿੱਤੀ ਗਈ। ਸ੍ਰੀ ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ 17 ਸਤੰਬਰ ਨੂੰ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ ਗੁਰਦੁਆਰਾ ਗੁਰੂ ਕਾ ਬਾਗ ਵਿਖੇ ਕੀਰਤਨ ਸਮਾਗਮ ਸ਼ੁਰੂ ਹੋਏਗਾ ਅਤੇ ਸਮਾਪਤੀ ਤੋਂ ਬਾਅਦ ਉੱਥੋਂ ਦੁਪਹਿਰ 12:30 ਵਜੇ ਜਾਗਰਤੀ ਯਾਤਰਾ ਦੀ ਸ਼ੁਰੂਆਤ ਹੋਏਗੀ ਜੋ ਕਿ ਪੈਦਲ ਤਖ਼ਤ ਪਟਨਾ ਸਾਹਿਬ ਤਕ ਪਹੁੰਚੇਗੀ ਅਤੇ ਫਿਰ ਗੁਰਦੁਆਰਾ ਗਾਇਘਾਟ ਰਾਹੀਂ ਰਾਜਗੀਰ ਵੱਲ ਰਵਾਨਾ ਹੋਏਗੀ। ਜਾਗਰਤੀ ਯਾਤਰਾ ਵਿੱਚ ਗੁਰੂ ਸਾਹਿਬ ਦੇ ਸਰੂਪ ਅਤੇ ਪੁਰਾਤਨ ਸ਼ਸਤਰ ਪਾਲਕੀ ਵਿੱਚ ਰੱਖੇ ਜਾਣਗੇ ਜਿਨ੍ਹਾਂ ਦੇ ਸੰਗਤ ਦਰਸ਼ਨ ਕਰ ਸਕੇਗੀ। ਇਸ ਤੋਂ ਇਲਾਵਾ ਪੰਜ ਪਿਆਰੇ ਸਾਹਿਬਾਨ, ਬੈਂਡ, ਗਤਕਾ ਪਾਰਟੀ ਆਦਿ ਵੀ ਨਾਲ ਹੋਣਗੇ। ਯਾਤਰਾ ਵਿੱਚ ਸ਼ਾਮਿਲ ਹੋਣ ਵਾਲੀ ਸੰਗਤ ਲਈ ਬੱਸਾਂ ਦੀ ਵੀ ਵਿਵਸਥਾ ਕੀਤੀ ਗਈ ਹੈ। ਸ੍ਰੀ ਗੁਰਵਿੰਦਰ ਸਿੰਘ ਵਲੋਂ ਦੱਸਿਆ ਗਿਆ ਕਿ ਬਾਲੀਵੁੱਡ ਦੇ ਮਸ਼ਹੂਰ ਗਾਇਕ ਸੁਖਵਿੰਦਰ ਸਿੰਘ ਵਲੋਂ ਜਾਗਰਤੀ ਯਾਤਰਾ ਲਈ ਖ਼ਾਸ ਸ਼ਬਦ ਤਿਆਰ ਕੀਤਾ ਗਿਆ ਹੈ ਅਤੇ ਉਹ ਖੁਦ ਆ ਕੇ ਇਸਦਾ ਵਿਮੋਚਨ ਕਰਨਗੇ।

**ਪ੍ਰਸ਼ਾਸਨ ਵਲੋਂ ਤਿਆਰੀਆਂ ਦੀ ਕੀਤੀ ਗਈ ਸਮੀਖਿਆ : ਗੁਰਵਿੰਦਰ ਸਿੰਘ, ਇੰਦਰਜੀਤ ਸਿੰਘ**

### 'ਵਾਤਾਵਰਨ ਬਚਾਉਣ' ਦਾ ਸੁਨੇਹਾ ਦਿੰਦਿਆਂ

# ਸਾਬਕਾ ਵਿਧਾਇਕ ਸਿੱਧੂ ਨੇ ਲਗਾਏ ਬੂਟੇ



**ਤਲਵੰਡੀ ਸਾਬੋ, 15 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਵਾਤਾਵਰਨ ਦੇ ਵਿਗੜ ਰਹੇ ਮਿਜ਼ਾਜ ਕਾਰਣ ਹੁਣ ਸਮਾਜ ਸੇਵੀ ਸੰਸਥਾਵਾਂ ਦੇ ਨਾਲ ਨਾਲ ਮੋਹਰੀ ਸਿਆਸੀ ਆਗੂਆਂ ਨੇ ਵੀ ਆਪਣੇ ਸਮਾਜਿਕ ਫਰਜ਼ ਸਮਝਣੇ ਸ਼ੁਰੂ ਕਰ ਦਿੱਤੇ ਹਨ ਤੇ ਇਸੇ ਲੜੀ ਵਿੱਚ ਕਾਂਗਰਸ ਦੇ ਸੀਨੀਅਰ ਆਗੂ ਤੇ ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਨੇ ਅੱਜ ਆਪਣੀ ਰਿਹਾਇਸ਼ ਵਿਖੇ ਪਾਰਕ ਚ ਬੂਟੇ ਲਗਾ ਕੇ ਵਾਤਾਵਰਨ ਬਚਾਉਣ ਦਾ ਸੱਦਾ ਦਿੱਤਾ। ਐਥੋਂ ਜਾਰੀ ਪ੍ਰੈਸ ਬਿਆਨ ਰਾਹੀਂ ਟੀਮ ਸਿੱਧੂ ਨੇ ਦੱਸਿਆ ਕਿ ਬੂਟੇ ਲਗਾਉਣ ਸਮੇਂ ਸ੍ਰ. ਸਿੱਧੂ ਨੇ ਕਿਹਾ ਕਿ ਵਾਤਾਵਰਨ ਚੱਕਰ 'ਚ ਭਿਆਨਕ ਤਬਦੀਲੀਆਂ ਦੇਖਣ ਨੂੰ ਮਿਲ ਰਹੀਆਂ ਹਨ ਜਿਸ ਕਰਕੇ ਇਹ ਜ਼ਰੂਰੀ ਹੋ ਗਿਆ ਹੈ ਕਿ ਵਾਤਾਵਰਨ ਬਚਾਉਣ ਲਈ ਹਰ ਮਨੁੱਖ ਰੁੱਖ ਲਾਉਣ ਅਤੇ ਉਸਦੀ ਸੇਵਾ ਸੰਭਾਲ ਪ੍ਰਤੀ ਜਾਗਰੂਕ ਹੋਵੇ। ਉਨਾਂ ਕਿਹਾ ਕਿ ਅਗਰ ਆਪਣੀ ਸਾਰੀ ਜ਼ਿੰਦਗੀ 'ਚ ਵਿਅਕਤੀ ਇੱਕ ਰੁੱਖ ਲਗਾ ਕੇ ਉਸਦੀ ਸੰਭਾਲ ਦੀ ਜ਼ਿੰਮੇਵਾਰੀ ਵੀ ਓਟ ਲਵੇ ਤਾਂ ਸੂਬੇ 'ਚ ਰੁੱਖਾਂ ਦੀ ਘਾਟ ਨਹੀ ਰਹੇਗੀ।ਸਿੱਧੂ ਨੇ ਕਿਹਾ ਕਿ ਸਰਕਾਰਾਂ ਨੂੰ ਵੀ ਇੱਕ ਵਿਸ਼ੇਸ ਨੀਤੀ ਬਣਾ ਕੇ ਆਮ ਲੋਕਾਂ ਨੂੰ ਰੁੱਖ ਲਗਾਉਣ ਪ੍ਰਤੀ ਉਤਸ਼ਾਹਿਤ ਕਰਨਾ ਚਾਹੀਦਾ ਹੈ ਅਤੇ ਰੁੱਖ ਲਗਾਉਣ 'ਚ ਪਿਛਲੇ ਸਮਿਆਂ ਤੋਂ ਮੋਹਰੀ ਰਹੀਆਂ ਸੰਸਥਾਵਾਂ ਨੂੰ ਵੱਧ ਤੋਂ ਵੱਧ ਬੂਟੇ ਮੁਹੱਈਆ ਕਰਵਾਉਣੇ ਚਾਹੀਦੇ ਹਨ ਤਾਂ ਕਿ ਉਹ ਆਪਣੇ ਪਿੰਡਾਂ/ਸ਼ਹਿਰਾਂ ਤੇ ਖੇਤਾਂ 'ਚ ਉਨ੍ਹਾਂ ਨੂੰ ਲਗਾ ਸਕਣ। ਇਸ ਮੌਕੇ ਕੁਝ ਮੁਹਤਬਰ ਆਗੂ ਵੀ ਮੌਜੂਦ ਨਜ਼ਰ ਆਏ।

# ਜਥੇਬੰਦੀਆਂ ਨੇ ਭਈਏਆਂ ਵਿਰੁੱਧ ਕੀਤੀ ਆਵਾਜ਼ ਬੁਲੰਦ



**ਫ਼ਿਰੋਜ਼ਪੁਰ, 15 ਸਤੰਬਰ (ਮਨੋਹਰ ਲਾਲ)** :— ਚੌਂਕ ਬਾਬਾ ਨਾਮਦੇਵ ਵਿਖੇ ਇਕੱਠੇ ਹੋਏ ਸਰਬੱਤ ਦਾ ਭਲਾ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਜਰਨੈਲ ਸਿੰਘ ਗਾਬੜੀਆ, ਸਵਰਨ ਸਿੰਘ ਪੰਜ ਵੜ ਬਿੱਟੂ ਸਿੰਘ, ਕੁਲਦੀਪ ਸਿੰਘ ਲੋਕੋ ਅਤੇ ਵਾਲਮੀਕੀ ਯੂਥ ਫਰੰਟ ਦੇ ਚੇਅਰਮੈਨ ਨਰੇਸ਼ ਵੈਦ ਨੇ ਅੱਜ ਆਪਣੇ ਸਾਥੀਆਂ ਸਮੇਤ ਭਈਏ ਭਜਾਓ ਪੰਜਾਬ ਬਚਾਓ ਦੇ ਨਾਰੇ ਲਗਾਏ। ਬੁਲੰਦ ਆਵਾਜ਼ ਵਿਚ ਬੋਲਦਿਆਂ ਜਰਨੈਲ ਸਿੰਘ ਗਾਬੜੀਆ ਨੇ ਕਿਹਾ ਕਿ ਹੁਸ਼ਿਆਰਪੁਰ ਵਿੱਚ ਜਿਸ ਤਰ੍ਹਾਂ ਇੱਕ ਭਈਏ ਵੱਲੋਂ ਇੱਕ ਪੰਜ ਸਾਲ ਦੇ ਬੱਚੇ ਨਾਲ ਦਰਿੰਦਗੀ ਦੀਆਂ ਸਾਰੀਆਂ ਹੱਦਾਂ ਪਾਰ ਕਰਦੇ ਹੋਏ ਉਸ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਹੈ, ਇਸ ਸ਼ਰਮਨਾਕ ਕਾਰੇ ਦੀ ਜਿੰਨੀ ਵੀ ਨਿੰਦਾ ਕੀਤੀ ਜਾਵੇ ਉਹ ਘੱਟ ਹੈ। ਉਨ੍ਹਾਂ ਪ੍ਰਸ਼ਾਸਨ ਨੂੰ ਜ਼ੋਰਦਾਰ ਅਪੀਲ ਕਰਦੇ ਹੋਏ ਕਿਹਾ ਕਿ ਇਸ ਘਟਨਾ ਦੇ ਜਿੰਮੇਵਾਰ ਨੂੰ ਜਲਦੀ ਤੋਂ ਜਲਦੀ ਫੜ ਕੇ ਉਸ ਤੇ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ ਤਾਂ ਜੋ ਹੋਰ ਕੋਈ ਇਹੋ ਜਿਹੀ ਹਰਕਤ ਨਾ ਕਰ ਸਕੇ। ਇਸ ਮੌਕੇ ਬੋਲਦਿਆਂ ਵਾਲਮੀਕੀ ਫਰੰਟ ਯੂਥ ਦੇ ਚੇਅਰਮੈਨ ਨਰੇਸ਼ ਵੈਦ ਨੇ ਕਿਹਾ ਕਿ ਅਸੀਂ ਇਸ ਮੁਹਿੰਮ ਨੂੰ ਹੋਰ ਤੇਜ਼ ਕਰਾਂਗੇ ਅਤੇ ਧਾਰਮਿਕ ਸਮਾਜਿਕ ਜਥੇਬੰਦੀਆਂ ਨਾਲ ਸੰਪਰਕ ਕਰਕੇ ਉਨ੍ਹਾਂ ਨੂੰ ਵੀ ਇਸ ਮੁਹਿੰਮ ਨਾਲ ਜੁੜਨ ਦੀ ਅਪੀਲ ਕਰਾਂਗੇ। ਉਨ੍ਹਾਂ ਕਿਹਾ ਪੰਜਾਬ ਵਿੱਚ ਜੋ ਗੈਰ ਕਾਨੂੰਨੀ ਢੰਗ ਨਾਲ ਪ੍ਰਵਾਸੀ ਰਹਿ ਰਹੇ ਹਨ ਉਨ੍ਹਾਂ ਦੀ ਪਹਿਚਾਣ ਕਰਕੇ ਉਨ੍ਹਾਂ ਨੂੰ ਤੁਰੰਤ ਪੰਜਾਬ ਤੋਂ ਬਾਹਰ ਕੱਢਿਆ ਜਾਵੇ। ਇਸ ਮੌਕੇ ਬੋਲਦਿਆਂ ਸਵਰਨ ਸਿੰਘ ਪੰਜਵੜ ਨੇ ਕਿਹਾ ਕਿ ਅਸੀਂ ਜਲਦ ਹੀ ਫਿਰੋਜ਼ਪੁਰ ਸ਼ਹਿਰ ਦੇ ਮਾਨਯੋਗ ਐਸ.ਐਸ.ਪੀ ਸਾਹਿਬ ਨੂੰ ਇੱਕ ਮੰਗ ਪੱਤਰ ਦੇਵਾਂਗੇ ਕਿ ਉਹ ਫਿਰੋਜ਼ਪੁਰ ਵਿੱਚ ਨਜਾਇਜ਼ ਤੌਰ ਤੇ ਰਹਿ ਰਹੇ ਪ੍ਰਵਾਸੀਆਂ ਦੀ ਸ਼ਨਾਖਤ ਕਰਕੇ ਉਨ੍ਹਾਂ ਨੂੰ ਫਿਰੋਜ਼ਪੁਰ ਵਿਚੋਂ ਬਾਹਰ ਕੱਢਿਆ ਜਾਵੇ। ਇਸ ਮੌਕੇ ਮਾਨਵ ਭੱਟੀ, ਅਸ਼ੋਕ ਕੁਮਾਰ, ਰਿੰਕੂ, ਦਵਿੰਦਰ ਸਿੰਘ, ਗੁਰਮੀਤ ਸਿੰਘ, ਗਣੇਸ਼ ਕੁਮਾਰ, ਚਰਨਪ੍ਰੀਤ, ਰਾਕੇਸ਼, ਅਜੇ, ਅਵਿਨਾਸ਼, ਦਿਲਬਾਗ ਆਦਿ ਹਾਜ਼ਰ ਸਨ।

# ਜੀ ਟੀ ਰੋਡ ਟਾਂਗਰਾ ਵਿਖੇ ਸਮੂਹ ਦੁਕਾਨਦਾਰਾਂ ਵੱਲੋਂ ਕਮੇਟੀ ਦਾ ਗਠਨ ਕੀਤਾ ਗਿਆ ਸਰਬਸੰਮਤੀ ਨਾਲ ਕੁਲਵੰਤ ਸਿੰਘ ਸੰਗਰਾਵਾਂ ਥਾਪੇ ਪ੍ਰਧਾਨ



**ਜੰਡਿਆਲਾ ਗੁਰੂ, 15 ਸਤੰਬਰ ( ਕੁਲਵੰਤ ਸਿੰਘ ਵਿਰਦੀ )**-ਬੀਤੇ ਦਿਨ ਜੀ ਟੀ ਰੋਡ ਤੇ ਸਥਿਤ ਅੱਡਾ ਟਾਂਗਰਾ ਵਿਖੇ ਦੁਕਾਨਦਾਰਾਂ ਵੱਲੋਂ ਇਕ ਕਮੇਟੀ ਗਠਿਤ ਕੀਤੀ ਗਈ ਜਿਸ ਵਿੱਚ ਪ੍ਰਧਾਨਗੀ ਦੀ ਚੋਣ ਲਈ ਸਥਾਨਕ ਕਸਬੇ ਦੇ ਦੁਕਾਨਦਾਰਾਂ ਅਤੇ ਟਾਂਗਰਾ ਨਿਵਾਸੀਆਂ ਦੀ ਇਕੱਤਰਤਾ ਸਥਾਨਕ ਸਿੰਘ ਸਭਾ ਗੁਰਦੁਆਰਾ ਸਾਹਿਬ ਵਿਖੇ ਕੀਤੀ ਗਈ। ਜਿਸ ਵਿੱਚ ਅੱਡੇ ਦੇ ਦੁਕਾਨਦਾਰਾਂ ਅਤੇ ਅੱਡਾ ਨਿਵਾਸੀਆਂ ਵੱਲੋ ਸਥਾਨਕ ਕਸਬੇ ਦੀਆਂ ਲੋੜਾਂ ਅਤੇ ਮੁਸ਼ਕਲਾਂ ਦੇ ਹੱਲ ਲਈ 13 ਮੈਂਬਰੀ ਕਮੇਟੀ ਦੀ ਚੋਣ ਕੀਤੀ ਗਈ। ਜਿਸ ਵਿੱਚ ਜਥੇ: ਕੁਲਵੰਤ ਸਿੰਘ ਸੰਗਰਾਵਾਂ ਨੂੰ ਸਰਬ ਸੰਮਤੀ ਨਾਲ ਦੂਸਰੀ ਵਾਰ ਕਸਬਾ ਟਾਂਗਰਾ ਦਾ ਪ੍ਰਧਾਨ ਚੁਣਿਆ ਗਿਆ। ਜਿਸ ਵਿਚ ਨਾ ਦੀ ਤਾਈਦ ਡਾ. ਸਰਬਜੀਤ ਸਿੰਘ ਅਤੇ ਪ੍ਰੋੜਤਾ ਲਾਡੀ ਵੱਲੋ ਕੀਤੀ ਗਈ।ਅਤੇ ਕ੍ਰਮਵਾਰ ਨਰਿੰਦਰ ਸਿੰਘ ਖੱਖ ਮੀਤ ਪ੍ਰਧਾਨ ਡਾ. ਸਰਬਜੀਤ ਸਿੰਘ, ਗੁਰਪ੍ਰੀਤ ਸਿੰਘ ਬਾਊ ਸਕੱਤਰ, ਲਾਡੀ ਖਜਾਨਚੀ, ਮਨਜੋਤ ਸਿੰਘ ਪ੍ਰੈਸ ਸਕੱਤਰ ਸਮੇਤ ਕੁੱਲ 13 ਮੈਂਬਰੀ ਕਮੇਟੀ ਦੀ ਚੋਣ ਕੀਤੀ ਗਈ। ਇਸ ਮੌਕੇ ਨਵੀ ਚੁਣੀ ਗਈ ਕਮੇਟੀ ਨੂੰ ਸਾਰੇ ਦੁਕਾਨਦਾਰਾਂ ਅਤੇ ਟਾਂਗਰਾ ਨਿਵਾਸੀਆਂ ਨੇ ਮੁਬਾਰਕਾਂ ਦਿੱਤੀਆਂ।

ਭਾਈ ਗੁਰਦੀਪ ਸਿੰਘ ਬਠਿੰਡਾ ਯੂਨਾਈਟਡ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਸਰਬਜੀਤ ਸਿੰਘ ਅਲਾਲ ਦੇ ਘਰ

# ਉਨ੍ਹਾਂ ਦੇ ਮਾਤਾ ਜੀ ਦਾ ਅਫਸੋਸ ਕਰਨ ਲਈ ਪੁੱਜੇ





**ਚੰਡੀਗੜ੍ਹ, 15 ਸਤੰਬਰ (ਆਵਾਜ਼ਿ ਕੌਮ ਬਿਊਰੋ)**- ਯੂਨਾਈਟਡ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਸਰਬਜੀਤ ਸਿੰਘ ਅਲਾਲ ਦੇ ਘਰ ਉਹਨਾਂ ਦੇ ਮਾਤਾ ਜੋ ਪਿਛਲੇ ਦਿਨ ਹੀ ਅਕਾਲ ਚਲਾਣਾ ਕਰ ਗਏ ਸਨ ਦਾ ਅਫਸੋਸ ਕਰਨ ਲਈ ਯੂਨਾਈਟਡ ਅਕਾਲੀ ਦਲ ਦੇ ਪ੍ਰਧਾਨ ਭਾਈ ਗੁਰਦੀਪ ਸਿੰਘ ਬਠਿੰਡਾ ,ਕਾਰਜਕਾਰੀ ਪ੍ਰਧਾਨ ਬੂਟਾ ਸਿੰਘ ਰਣਸੀਂਹ, ਸਕੱਤਰ ਜਰਨਲ ਜਤਿੰਦਰ ਸਿੰਘ ਈਸੜੂ, ਸੱਜਣ ਸਿੰਘ, ਰਾਜੀਵ ਸਿੰਘ ਅਫਸੋਸ ਕਰਨ ਗਏ।. ਮਾਤਾ ਦੀ ਅੰਤਿਮ ਅਰਦਾਸ 19 ਸਤੰਬਰ ਦਿਨ ਸ਼ੁਕਰਵਾਰ ਨੂੰ ਹੋਵੇਗੀ। ਇਸ ਸਮੇਂ ਪੰਜਾਬ ਦੇ ਹੜਾਂ ਬਾਰੇ ਅਤੇ ਰਾਜਸੀ ਹਾਲਾਤਾਂ ਬਾਰੇ ਵੀ ਵਿਚਾਰਾਂ ਕੀਤੀਆਂ। ਪਾਰਟੀ ਵੱਲੋਂ ਬੀਜਾਂ ਬੀ. ਏ. ਬੀ. ਪੀ. ਖਾਦ ਅਤੇ ਮਰੇ ਹੋਏ ਪਸ਼ੂਆਂ ਦਾ ਜੱਥਾ ਯੋਗ ਪਾਣੀ ਉਤਰਨ ਤੋਂ ਬਾਅਦ ਸਹਾਇਤਾ ਕੀਤੀ ਜਾਵੇਗੀ। ਇਸ ਸਮੇਂ ਭਾਈ ਸੰਦੀਪ ਸਿੰਘ ਸਨੀ ਦੀ ਪੁਲਿਸ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਭਾਰੀ ਤਸ਼ੱਦਦ ਅਤੇ ਉਸ ਬਾਰੇ ਜਾਣਕਾਰੀ ਨਾ ਦੇਣ ਸਬੰਧੀ ਵੀ ਚਿੰਤਾ ਜਾਹਿਰ ਕੀਤੀ ।ਕੱਲ 16 ਸਤੰਬਰ ਨੂੰ ਜੇਲ੍ਹ ਅੱਗੇ ਰੋਸ ਪ੍ਰਗਟ ਵਿੱਚ ਪਾਰਟੀ ਵੱਲੋ ਸਮੂਲੀਅਤ ਕੀਤੀ ਜਾਵੇਗੀ। ਪਾਰਟੀ ਆਗੂਆਂ ਨੇ ਏਹ ਵੀ ਵਿਚਾਰ ਕੀਤਾ ਕਿ ਭਾਈ ਸੰਦੀਪ ਸਿੰਘ ਸਨੀ ਦੀ ਕੁਰਬਾਨੀ ਨੂੰ ਮੁੱਖ ਰੱਖਦੇ ਹੋਏ ਤਰਨ ਤਾਰਨ ਵਿਧਾਨ ਸਭਾ ਤੋਂ ਉਸ ਨੂੰ ਸਾਂਝੇ ਉਮੀਦਵਾਰ ਦੇ ਤੌਰ ਤੇ ਚੋਣ ਲੜਾਈ ਜਾਵੇ। ਯੂਨਾਈਟਿਡ ਅਕਾਲੀ ਦਲ ਵੱਲੋਂ ਭਾਈ ਸੰਦੀਪ ਸਿੰਘ ਸਨੀ ਦੀ ਹਰ ਪੱਖ ਤੋਂ ਮਦਦ ਕੀਤੀ ਜਾਵੇਗੀ।

2) ਰਾਮਪੁਰਾ ਨਿਹੰਗ ਸਿੰਘ ਛਾਉਣੀ ਵਿੱਚ ਨਿਹਾਲ ਸਿੰਘ, ਪਵਨਦੀਪ ਸਿੰਘ , ਹਰਦੀਪ ਸਿੰਘ, ਯੂਥ ਆਗੂ ਨਵਦੀਪ ਸਿੰਘ ਢੱਡੇ ਅਤੇ ਹੋਰਨਾਂ ਸਿੰਘਾਂ ਨੂੰ ਮਿਲੇ। ਕੱਲ 16 ਸਤੰਬਰ ਨੂੰ ਰਾਮਪੁਰਾ ਤੋਂ ਘੱਟੋ ਘੱਟ 20 ਨਿਹੰਗ ਸਿੰਘ ਦਾ ਜੱਥਾ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਪਟਿਆਲਾ ਵਿਖੇ ਪਹੁੰਚੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਬੀ ਜੇ ਪੀ ਮੰਡਲ ਹਠੂਰ ਵੱਲੋਂ

# ਪੰਜਾਬ ਸਰਕਾਰ ਵਿਰੁੱਧ ਤਿੱਖਾ ਰੋਸ ਪ੍ਰਦਰਸ਼ਨ



ਹਠੂਰ/ਜਗਰਾਉਂ -(ਵਰਿਆਮ ਹਠੂਰ) ਇਤਿਹਾਸਕ ਕਸਬਾ ਹਠੂਰ ਵਿਖੇ ਬੀ ਜੇ ਪੀ ਮੰਡਲ ਹਠੂਰ ਦੇ ਪ੍ਰਧਾਨ ਕੇਵਲ ਸਿੰਘ ਹਠੂਰ ਸਾਬਕਾ ਪ੍ਰਧਾਨ ਅਮਰਪ੍ਰੀਤ ਸਿੰਘ ਲਾਡੀ ਹਠੂਰ, ਅਤੇ ਮੰਡਲ ਹਠੂਰ ਦੇ ਪੁਰਾਣੇ ਮਿਹਨਤੀ ਸਾਬਕਾ ਜਨਰਲ ਸਕੱਤਰ ਗੁਰਜੰਟ ਸਿੰਘ ਹਠੂਰ ਦੀ ਅਗਵਾਈ ਹੇਠ ਨੌਜਵਾਨਾਂ ਵੱਲੋਂ ਪੰਜਾਬ ਸਰਕਾਰ ਵਿਰੁੱਧ ਤਿੱਖਾ ਰੋਸ ਪ੍ਰਦਰਸ਼ਨ ਕੀਤਾ ਤੇ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ, ਨੌਜਵਾਨਾਂ ਵੱਲੋਂ ਨਾਅਰੇਬਾਜ਼ੀ ਕੀਤੀ ਜਾ ਰਹੀ ਸੀ ਕਿ ਹੜ੍ਹ ਪੀੜਤਾਂ ਦਾ ਪੈਸਾ ਖਾਣ ਵਾਲੀ ਪੰਜਾਬ ਸਰਕਾਰ ਮੁਰਦਾਬਾਦ, ਇਸ ਤਰ੍ਹਾਂ ਦੇ ਅਨੇਕਾਂ ਨਾਅਰੇ ਲਗਾਏ ਗਏ, ਇਸ ਮੌਕੇ ਗੱਲਬਾਤ ਕਰਦਿਆਂ ਬੀ ਜੇ ਪੀ ਮੰਡਲ ਹਠੂਰ ਦੇ ਪ੍ਰਧਾਨ ਕੇਵਲ ਸਿੰਘ ਹਠੂਰ ਅਤੇ ਮੰਡਲ ਹਠੂਰ ਦੇ ਸਾਬਕਾ ਜਨਰਲ ਸਕੱਤਰ ਗੁਰਜੰਟ ਸਿੰਘ ਹਠੂਰ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪੰਜਾਬ ਸਰਕਾਰ ਨੂੰ ਹੜ੍ਹ ਪੀੜਤਾਂ ਲਈ ਦਿੱਤੇ ਗਏ ਸਮੇਂ ਸਮੇਂ ਨਾਲ ਕਰੋੜਾਂ ਰੁਪਏ ਦਾ ਕੋਈ ਲੇਖਾ ਜੋਖਾ ਨਹੀ ਜੋ ਪੰਜਾਬ ਸਰਕਾਰ ਨੂੰ ਹੜ੍ਹਾਂ ਨਾਲ ਨਜਿੱਠਣ ਲਈ ਪਹਿਲਾਂ ਬਣਦੇ ਕੰਮ ਕਰਨੇ ਚਾਹੀਦੇ ਸਨ। ਉਨ੍ਹਾਂ ਤੇ ਕੋਈ ਕੰਮ ਨਹੀਂ ਕੀਤਾ ਤੇ ਨਾਂ ਹੀ ਕੋਈ ਡਰੇਨਾਂ ਬਗੈਰਾਂ ਦੀ ਸਫ਼ਾਈ ਕਰਵਾਈ, ਜਿਸ ਦਾ ਖਮਿਆਜ਼ਾ ਪੰਜਾਬ ਦੇ ਲੋਕਾਂ ਨੂੰ ਭੁਗਤਣਾ ਪਿਆ, ਤੇ ਲੋਕਾਂ ਦੀਆਂ ਜਿੱਥੇ ਫ਼ਸਲਾਂ ਬਰਬਾਦ ਹੋ ਗਈਆਂ, ਉੱਥੇ ਪਸ਼ੂਆਂ ਦਾ ਬਹੁਤ ਨੁਕਸਾਨ ਹੋਇਆ ਤੇ ਘਰਾਂ ਦੇ ਘਰ ਤਬਾਹ ਹੋ ਗਏ, ਤੇ ਲੋਕਾਂ ਨੂੰ ਆਪਣੇ ਪੈਰਾਂ ਸਿਰ ਹੋਣ ਨੂੰ ਪਤਾ ਨਹੀਂ ਕਿੰਨਾਂ ਸਮਾਂ ਲੱਗੇਗਾ, ਹੈਰਾਨੀ ਦੀ ਗੱਲ ਤਾਂ ਇਹ ਹੈ ਕਿ ਕੇਂਦਰ ਸਰਕਾਰ ਵੱਲੋਂ ਭੇਜਿਆ ਪੈਸਾ ਆਖਿਰ ਜ਼ਮੀਨ ਖਾ ਗਈ ਜਾਂ ਅਸਮਾਨ ਨਿਗਲ ਗਿਆ, ਹੁਣ ਆਪਣੀਆਂ ਨਾਕਾਮੀਆਂ ਛੁਪਾਉਣ ਲਈ ਪੰਜਾਬ ਸਰਕਾਰ ਕੇਂਦਰ ਸਰਕਾਰ ਨੂੰ ਭੰਡ ਰਹੀ ਹੈ। ਜੇ ਹੜ੍ਹਾਂ ਨਾਲ ਨਜਿੱਠਣ ਲਈ ਪੰਜਾਬ ਸਰਕਾਰ ਵੱਲੋਂ ਸਮੇਂ ਸਿਰ ਕਦਮ ਚੁੱਕੇ ਜਾਂਦੇ ਤਾਂ ਪੰਜਾਬ ਨੂੰ ਕਦੇ ਵੀ ਅਜਿਹੀ ਮਾਰ ਨਾਂ ਝੱਲਣੀ ਪੈਂਦੀ, ਅੰਤ ਵਿੱਚ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹੜ੍ਹ ਪੀੜਤਾਂ ਲਈ ਆਇਆ ਇੱਕ ਇੱਕ ਪੈਸਾ ਹੜ੍ਹ ਪੀੜਤਾਂ ਨੂੰ ਦੇਵੇ, ਤੇ ਜਿੰਨ੍ਹਾਂ ਦਾ ਹੜਾਂ ਦੌਰਾਨ ਨੁਕਸਾਨ ਹੋਇਆ ਹੈ ਉਨ੍ਹਾਂ ਨੂੰ ਬਣਦਾ ਹੱਕ ਤੇ ਮੁਆਵਜਾ ਦੇਵੇ, ਇਸ ਮੌਕੇ ਸਾਬਕਾ ਮੰਡਲ ਪ੍ਰਧਾਨ ਅਮਰਪ੍ਰੀਤ ਸਿੰਘ ਲਾਡੀ ਹਠੂਰ, ਮੰਡਲ ਹਠੂਰ ਦੇ ਜਨਰਲ ਸਕੱਤਰ ਹਰਪਾਲ ਸਿੰਘ ਪਾਲਾ ਹਠੂਰ ਸਮੇਤ ਕਈ ਨੌਜਵਾਨ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਮਾਮਲਾ ਕੇਂਦਰ ਸਰਕਾਰ ਵੱਲੋਂ ਹੜ੍ਹ ਪੀੜਤਾਂ ਲਈ ਦਿੱਤੇ ਗਏ ਫੰਡਾਂ ਦਾ : ਪ੍ਰਧਾਨ ਕੇਵਲ ਸਿੰਘ/ਗੁਰਜੰਟ ਸਿੰਘ ਹਠੂਰ**

# ਕੀ ਭਾਈ ਸੰਦੀਪ ਸਿੰਘ ਸਨੀ ਦੀ ਜੇਲ੍ਹ ਤਬਦੀਲ ਕੀਤੀ ਗਈ ਹੈ : ਬਡਗੁਜਰਾਂ



**ਪਟਿਆਲਾ, 15 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਇਸ ਮਸਲੇ ਉਤੇ ਪਟਿਆਲਾ ਜੇਲ ਪ੍ਰਸ਼ਾਸਨ ਨੇ ਆਪਣੇ ਹੱਡ ਛਡਾਏ।ਜੇਲ ਸੁਪਰਡੈਂਟ ਨੇ ਅੱਜ ਕੋਰਟ ਨੂੰ ਦੱਸਿਆ ਕਿ ਅਸੀਂ ਭਾਈ ਸਨੀ ਦੀ ਸੰਗਰੂਰ ਜੇਲ੍ਹ ਵਿੱਚ ਤਬਦੀਲੀ ਕਰ ਰਹੇ ਹਾਂ। ਮੁਲਾਕਾਤ ਜਾਂ ਇਲਾਜ ਕਰਾਉਣ ਲਈ ਸੰਗਰੂਰ ਜੇਲ ਪ੍ਰਸ਼ਾਸਨ ਜਵਾਬ ਦੇਹ ਹੋਵੇਗਾ। ਇਹ ਹੋ ਸਕਦਾ ਹੈ ਅੱਜ ਜਾਂ ਸਵੇਰੇ ਭਾਈ ਸਾਹਿਬ ਨੂੰ ਸੰਗਰੂਰ ਜੇਲ੍ਹ ਵਿੱਚ ਭੇਜ ਦਿੱਤਾ ਜਾਵੇ।ਇਹ ਮਸਲੇ ਨੂੰ ਲਟਕਾਉਣ ਵਾਲੀ ਕਾਰਵਾਈ ਹੈ।ਪਰ ਭਾਈ ਹਰਦੀਪ ਸਿੰਘ, ਜਥੇਦਾਰ ਕਰਨੈਲ ਸਿੰਘ ਪੰਜੋਲੀ ਅਤੇ ਹੋਰ ਸੀਨੀਅਰ ਸਿੱਖ ਆਗੂਆਂ ਵਲੋਂ ਲਏ ਗਏ ਤਾਜ਼ਾ ਫੈਸਲੇ ਅਨੁਸਾਰ ਮਿਥੇ ਪ੍ਰੋਗਰਾਮ ਉਤੇ ਕਲ੍ਹ 16 ਸਤੰਬਰ ਨੂੰ ਪਟਿਆਲਾ ਗੁ.ਦੁੱਖ ਨਿਵਾਰਨ ਸਾਹਿਬ ਵਿਖੇ ਸਿੱਖ ਜਥੇਬੰਦੀਆਂ ਦਾ ਇਕੱਠ ਹਰ ਹਾਲਤ ਵਿੱਚ ਹੋਵੇਗਾ।ਇਸ ਇਕੱਠ ਵਿੱਚ ਹੀ ਅਗਲੀ ਰਣਨੀਤੀ ਉਲੀਕੀ ਜਾਵੇਗੀ। ਪਟਿਆਲਾ ਦੀ ਕੋਰਟ ਵਿੱਚ ਪੰਥਕ ਵਕੀਲ ਸਹਿਬਾਨ ਨਾਲ ਪੇਸ਼ੀ ਅਟੈਂਡ ਕਰਕੇ ਆਏ ਭਾਈ ਸੰਦੀਪ ਸਿੰਘ ਸਨੀ ਦੇ ਭਰਾ ਭਾਈ ਹਰਦੀਪ ਸਿੰਘ ਨਾਲ ਹੋਈ ਗੱਲਬਾਤ ਦੇ ਹਵਾਲੇ ਨਾਲ ਮੈਂ ਇਹ ਖ਼ਬਰ ਲਿਖ ਰਿਹਾ ਹਾਂ ਕਿ ਜੇਲ ਤਬਦੀਲੀ ਬਾਰੇ ਕਲ੍ਹ ਨੂੰ ਪੂਰਾ ਪਤਾ ਲੱਗੇਗਾ।ਹਾਲੇ ਤੱਕ ਜੇਲ ਪ੍ਰਸ਼ਾਸਨ ਨੇ ਵੀ ਜੇਲ ਤਬਦੀਲੀ ਦੀ ਗੱਲ ਨੂੰ ਸਪਸ਼ਟ ਨਹੀਂ ਕੀਤਾ ਕਿ ਭਾਈ ਸਾਹਿਬ ਨੂੰ ਸੰਗਰੂਰ ਭੇਜ ਦਿੱਤਾ ਹੈ ਜਾਂ ਨਹੀਂ।

**- ਅਮਰਜੀਤ ਸਿੰਘ ਬਡਗੁਜਰਾਂ**

ਆਵਾਜ਼ਿ ਕੌਮ AWAZE QAUM International Newspaper & WEB TV

# ਹੜ੍ਹਾਂ ਨਾਲ ਹੋਏ ਨੁਕਸਾਨ ਦਾ ਜਾਇਜਾ ਲੈਣ ਲਈ ਬਣਾਈਆ ਗਈਆਂ ਕਮੇਟੀਆਂ



**ਪਠਾਨਕੋਟ, 15 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪਿਛਲੇ ਦਿਨ੍ਹਾਂ ਦੋਰਾਨ ਵਿਧਾਨ ਸਭਾ ਹਲਕਾ ਭੋਆ ਦੇ ਕਾਫੀ ਪਿੰਡ ਰਾਵੀ, ਉਜ ਅਤੇ ਜਲਾਲੀਆ ਦੇ ਕਾਰਨ ਹੜ੍ਹਾਂ ਦੀ ਮਾਰ ਹੇਠਾਂ ਆ ਗਏ ਸਨ ਲੋਕਾਂ ਦਾ ਭਾਰੀ ਨੁਕਸਾਨ ਹੋਇਆ, ਹੁਣ ਹੜ੍ਹ ਪ੍ਰਭਾਵਿੱਤ ਪਿੰਡਾਂ ਅੰਦਰ ਆਮ ਇਜਲਾਸ ਕਰਕੇ ਪਿੰਡਾਂ ਅੰਦਰ ਸਰਵੇ ਕਮੇਟੀਆਂ ਗਠਿਤ ਕੀਤੀਆਂ ਗਈਆਂ ਹਨ ਤਾਂ ਜੋ ਜਿਨ੍ਹਾਂ ਕਿਸੇ ਦਾ ਨੁਕਸਾਨ ਹੋਇਆ ਹੈ ਉਸ ਨੂੰ ਉਸ ਦਾ ਬਣਦਾ ਮੁਆਵਜਾ ਦਿੱਤਾ ਜਾ ਸਕੇ। ਇਸ ਉਦੇਸ ਨਾਲ ਅੱਜ ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਹਿੰਦ ਪਾਕ ਸਰਹੱਦ ਦੇ ਨਾਲ ਲਗਦੇ ਕਰੀਬ 7 ਪਿੰਡਾਂ ਅੰਦਰ ਦੋਰਾ ਕਰਕੇ ਆਮ ਇਜਲਾਸ ਬੁਲਾਏ ਗਏ ਅਤੇ ਹੋਏ ਨੁਕਸਾਨ ਦਾ ਜਾਇਜਾ ਲੈਣ ਦੇ ਲਈ ਕਮੇਟੀਆਂ ਦਾ ਗਠਨ ਵੀ ਕੀਤਾ ਗਿਆ। ਇਸ ਮੋਕੇ ਤੇ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਨਰੇਸ ਸੈਣੀ ਜਿਲ੍ਹਾ ਪ੍ਰਧਾਨ ਬੀ.ਸੀ. ਵਿੰਗ, ਸੰਦੀਪ ਕੁਮਾਰ ਬਲਾਕ ਪ੍ਰਧਾਨ, ਸਰਪੰਚ ਰਾਜੂ ਕੋਹਲੀਆਂ, ਸਰਪੰਰ ਬਰਮਾਲ ਜੱਟਾਂ ਕਾਬਲ ਸਿੰਘ, ਸੇਖੂਪੁਰ ਮੰਜੀਰੀ ਸਰਪੰਚ ਹਰਦੀਪ ਸਿੰਘ ਹੈਰੀ, ਮੰਜੀਰੀ ਰਾਜਪੂਤਾਂ ਸਰਪੰਚ ਸੁਰਜੀਤ ਸਿੰਘ ਲਵਲੀ, ਸੋਹਣ ਮਾਖਣਪੁਰ, ਬਲਜਿੰਦਰ ਕੌਰ ਬਲਾਕ ਪ੍ਰਧਾਨ, ਸੋਹਣ ਸਾਹਪੁਰਕੰਡੀ, ਰੋਸਨ ਭਗਤ ਜਿਲ੍ਹਾ ਪ੍ਰਧਾਨ ਐਸ.ਸੀ. ਵਿੰਗ ਅਤੇ ਪਾਰਟੀ ਦੇ ਹੋਰ ਕਾਰਜਕਰਤਾ ਵੀ ਹਾਜਰ ਸਨ।

ਇਸ ਮੋਕੇ ਤੇ ਜਾਣਕਾਰੀ ਦਿੰਦਿਆਂ ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਪਿਛਲੇ ਸਮੇਂ ਦੋਰਾਨ ਰਾਵੀ ਦੇ ਪਾਣੀਆਂ ਨੇ ਲੋਕਾਂ ਦਾ ਜਨਜੀਵਨ ਕਾਫੀ ਪ੍ਰਭਾਵਿੱਤ ਕੀਤਾ ਅਤੇ ਲੋਕਾਂ ਦੇ ਘਰ੍ਹਾਂ, ਫਸਲਾਂ, ਪਸੂਆਂ, ਕਾਰੋਬਾਰ ਅਤੇ ਹੋਰ ਵੀ ਬਹੁਤ ਨੁਕਸਾਨ ਹੋਇਆ ਹੈ। ਉਨ੍ਹਾਂ ਕਿਹਾ ਕਿ ਅੱਜ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਜੀ ਦੇ ਆਦੇਸਾਂ ਅਨੁਸਾਰ ਉਹ ਪਿੰਡ ਜੋ ਹੜ੍ਹ ਪ੍ਰਭਾਵਿੱਤ ਹਨ ਅਤੇ ਉਥੋਂ ਦੇ ਲੋਕਾਂ ਦੇ ਹੋਏ ਨੁਕਸਾਨ ਦਾ ਮੁਆਵਜਾ ਦੇਣ ਦੇ ਲਈ ਅੱਜ ਪਿੰਡ ਕੋਹਲੀਆਂ, ਮਾਖਨਪੁਰ, ਦਤਿਆਲ, ਰਾਜਪੁਤ ਮੰਜੀਰੀ, ਬਰਮਾਲ ਜੱਟਾਂ, ਸੇਖੁਪੁਰ ਮੰਜੀਰੀ ਆਦਿ ਵਿੱਚ ਪਹੁੰਚ ਕਰਕੇ ਆਮ ਇਜਲਾਸ ਕੀਤੇ ਗਏ ਅਤੇ ਹੜ੍ਹਾਂ ਦੇ ਨਾਲ ਹੋਏ ਨੁਕਸਾਨ ਦਾ ਜਾਇਜਾ ਲੈਣ ਦੇ ਲਈ ਕਮੇਟੀਆਂ ਸਥਾਪਤ ਕੀਤੀਆਂ ਗਈਆਂ ਹਨ ਇਹ ਕਮੇਟੀਆਂ ਗਰਾਉਂਡ ਪੱਧਰ ਤੇ ਘਰ ਘਰ ਪਹੁੰਚ ਕਰਕੇ ਲੋਕਾਂ ਦੇ ਹੋਏ ਨੁਕਸਾਨ ਦਾ ਜਾਇਜਾ ਲੈਣਗੀਆਂ ਅਤੇ ਉਸ ਰਿਪੋਰਟ ਦੇ ਅਨੁਸਾਰ ਲੋਕਾਂ ਨੂੰ ਹੜ੍ਹਾਂ ਨਾਲ ਹੋਏ ਨੁਕਸਾਨ ਦਾ ਮੁਆਵਜਾ ਦਿੱਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਜੀ ਦੇ ਆਦੇਸਾਂ ਅਨੁਸਾਰ ਪਿੰਡ ਪਿੰਡ ਪਹੁੰਚ ਕੀਤੀ ਜਾ ਰਹੀ ਹੈ ਅਤੇ ਅੱਜ ਕਮੇਟੀਆਂ ਬਣਾਈਆਂ ਗਈਆਂ ਹਨ ਜਿਨ੍ਹਾਂ ਲੋਕਾਂ ਦਾ ਹੜ੍ਹਾਂ ਨਾਲ ਨੁਕਸਾਨ ਹੋਇਆ ਹੈ ਜਲਦੀ ਹੀ ਰਿਪੋਰਟ ਬਣਨ ਤੋਂ ਬਾਅਦ ਲੋਕਾਂ ਨੂੰ ਬਣਦਾ ਮੁਆਵਜਾ ਦਿੱਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਟੀਫਿਕੇਟ ਅਤੇ ਸਿਲਾਈ ਮਸ਼ੀਨਾਂ ਵੰਡੀਆਂ ਗਈਆਂ

**ਪਠਾਨਕੋਟ , 15 ਸੰਤਬਰ (ਆਵਾਜ਼ਿ ਕੌਮ ਬਿਊਰੋ)**-ਆਦਰਸ਼ ਸੋਸ਼ਲ ਵੈਲਫੇਅਰ ਐਂਡ ਐਜੂਕੇਸ਼ਨਲ ਸੋਸਾਇਟੀ, ਗੁਰਦਾਸਪੁਰ ਵੱਲੋਂ ਲੜਕੀਆਂ ਨੂੰ ਆਤਮ ਨਿਰਭਰ ਬਣਾਉਣ ਲਈ ਇੱਕ ਮਹੱਤਵਪੂਰਨ ਉਪਰਾਲਾ ਚਲਾਇਆ ਗਿਆ। ਪਿੰਡ ਬਾਲਾ ਪਿੰਡੀ ਵਿਖੇ ਛੇ ਮਹੀਨੇ ਦੇ ਕਟਿੰਗ ਐਂਡ ਟੇਲਰਿੰਗ ਕੋਰਸ ਦੀ ਸਮਾਪਤੀ ਸਮਾਰੋਹ ਵਿੱਚ ਵਿਦਿਆਰਥੀਆਂ ਨੂੰ ਮੁਫ਼ਤ ਸਿਲਾਈ ਮਸ਼ੀਨਾਂ ਅਤੇ ਪ੍ਰਮਾਣ ਪੱਤਰ ਵੰਡੇ ਗਏ। ਇਸ ਸਮਾਗਮ ਦੇ ਮੁੱਖ ਮਹਿਮਾਨ ਵੱਜੋਂ ਸ੍ਰੀਮਾਨ ਗਿਆਨ ਸਵਰੂਪ, ਮੈਨੇਜਰ ਇੰਡੀਆਨ ਬੈਂਕ, ਗੁਰਦਾਸਪੁਰ ਨੇ ਸ਼ਿਕਰਤ ਕੀਤੀ। ਉਹਨਾਂ ਨੇ ਕਿਹਾ ਕਿ ਵਧਦੀ ਬੇਰੋਜ਼ਗਾਰੀ ਦੇ ਇਸ ਦੌਰ ਵਿੱਚ ਲੜਕੀਆਂ ਨੂੰ ਆਤਮਨਿਰਭਰ ਬਣਾਉਣ ਦਾ ਇਹ ਉਪਰਾਲਾ ਬਹੁਤ ਹੀ ਉਤਸ਼ਾਹਜਨਕ ਹੈ। ਇਸ ਨਾਲ ਲੜਕੀਆਂ ਆਪਣੇ ਘਰ 'ਚ ਹੀ ਰੋਜ਼ਗਾਰ ਕਮਾ ਸਕਣਗੀਆਂ। ਸੋਸਾਇਟੀ ਦੇ ਪ੍ਰਧਾਨ ਸਤਨਾਮ ਸਿੰਘ ਜੀ ਨੇ ਦੱਸਿਆ ਕਿ ਆਦਰਸ਼ ਸੋਸ਼ਲ ਵੈਲਫੇਅਰ ਐਂਡ ਐਜੂਕੇਸ਼ਨਲ ਸੋਸਾਇਟੀ ਲੰਬੇ ਸਮੇਂ ਤੋਂ ਲੋਕ ਭਲਾਈ ਦੇ ਖੇਤਰ ਵਿੱਚ ਕੰਮ ਕਰ ਰਹੀ ਹੈ। ਪਿਛਲੇ ਤਿੰਨ ਸਾਲਾਂ ਤੋਂ ਲਗਾਤਾਰ ਸਿਲਾਈ ਮਸ਼ੀਨਾਂ ਵੰਡ ਕੇ ਅਤੇ ਲੜਕੀਆਂ ਨੂੰ ਹੁਨਰਮੰਦ ਬਣਾਉਣ ਲਈ ਕੋਰਸ ਕਰਵਾਏ ਜਾ ਰਹੇ ਹਨ। ਜ਼ਰੂਰਤਮੰਦ ਲੜਕੀਆਂ ਦੀ ਵਿਆਹ ਸ਼ਾਦੀ ਤੇ ਵੀ ਸਹਾਇਤਾ ਕੀਤੀ ਜਾਂਦੀ ਹੈ। ਇਸ ਦੇ ਇਲਾਵਾ, ਸੋਸਾਇਟੀ ਵੱਲੋਂ ਇੱਕ ਬਿਰਧ ਆਸ਼ਰਮ ਚਲਾਇਆ ਜਾ ਰਿਹਾ ਹੈ, ਜਿਸ ਵਿੱਚ ਬਜ਼ੁਰਗਾਂ ਨੂੰ ਉਨਾਂ ਦੀ ਲੋੜ ਅਨੁਸਾਰ ਸਾਰੀਆਂ ਸਹੂਲਤਾਂ ਮੁਫ਼ਤ ਦਿੱਤੀਆਂ ਜਾਂਦੀਆਂ ਹਨ। ਮਾਤਾ ਸਵਿਤਰੀ ਬਾਈ ਫੁੱਲੇ ਸੋਸਾਇਟੀ ਦੇ ਪ੍ਰਧਾਨ ਦਰਸ਼ਨ ਲਾਲ ਪਾਠੀ ਜੀ ਨੇ ਵੀ ਇਹ ਉਪਰਾਲਾ ਬੜੀ ਪ੍ਰਸ਼ੰਸਾ ਯੋਗ ਦਿੱਤਾ। ਉਹਨਾਂ ਕਿਹਾ ਕਿ ਇਹ ਮੁਫ਼ਤ ਸਿਲਾਈ ਸੈਂਟਰ ਨਵੀਂ ਪੀੜ੍ਹੀ ਨੂੰ ਸਿਖਲਾਈ ਦਿੰਦਾ ਹੈ, ਜਿਸ ਨਾਲ ਬੇਸਹਾਰਿਆਂ ਨੂੰ ਆਤਮਨਿਰਭਰ ਬਣਨ ਵਿੱਚ ਮਦਦ ਮਿਲਦੀ ਹੈ। ਇਸ ਦੇ ਨਾਲ ਹੀ, ਫੀਸ ਜਾਂ ਕਿਤਾਬਾਂ ਦੀ ਘਾਟ ਕਾਰਨ ਪੜ੍ਹਾਈ ਤੋਂ ਵਾਂਝੇ ਰਹਿ ਚੁੱਕੇ ਬੱਚਿਆਂ ਨੂੰ ਵੀ ਸੰਸਥਾ ਵੱਲੋਂ ਸਹਾਇਤਾ ਦਿੱਤੀ ਜਾਂਦੀ ਹੈ। ਇਸ ਸਮਾਗਮ ਦੌਰਾਨ ਸੋਸਾਇਟੀ ਦੀ ਕੋਆਰਡੀਨੇਟਰ ਇੰਦਰਜੀਤ ਕੌਰ ਨੇ ਆਏ ਹੋਏ ਮਹਿਮਾਨਾਂ ਅਤੇ ਸਾਰਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

### ਇੰਟਰਨੈਸ਼ਨਲ ਪੰਥਕ ਦਲ ਵੱਲੋਂ ਹੜ੍ਹ ਪੀੜਤਾਂ ਲਈ 6 ਟਰਾਲੀਆਂ, 3 ਕੈਂਟਰ ਤੇ ਵੱਡਾ ਟਰੱਕ ਸਮਗਰੀ

# ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਨੇ ਦਸਿਆ ਕਿ ਹੜ੍ਹ ਪੀੜ੍ਹਤਾਂ ਦੀਆਂ ਲੋੜ੍ਹਾਂ ਨੂੰ ਸੂਚੀਬੱਧ ਕਰ ਲਿਆ ਗਿਐ









**ਫਿਰੋਜ਼ਪੁਰ, 15 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਜੋ ਪੰਜਾਬ ਵਿਚ ਜਿਥੇ-ਜਿਥੇ ਵੀ ਹੜ੍ਹ ਆਇਆ ਹੈ, ਉਥੇ ਭਾਰੀ ਗਿਣਤੀ ਵਿਚ ਰਾਸ਼ਨ, ਖਾਦ, ਫੀਡ, ਆਚਾਰ ਅਤੇ ਲੋਕਾਂ ਨੂੰ ਕੰਬਲ, ਬਿਸਤਰੇ ਅਤੇ ਹਰ ਹੜ੍ਹ ਪੀੜਤ ਕੋਲ ਮੈਡੀਕਲ ਦਵਾਈਆਂ ਪਹੁੰਚ ਰਹੇ ਹਨ। ਇਸੇ ਤਹਿਤ ਅੱਜ ਇਥੇ ਵੀ ਹੜ੍ਹਾਂ ਦੀ ਮਾਰ ਝੱਲ ਰਹੇ ਲੋਕਾਂ ਨੂੰ ਰਾਸ਼ਨ ਵੰਡਿਆ ਗਿਆ, ਇਸ ਮੌਕੇ ਉਨ੍ਹਾਂ ਨਾਲ ਜਥੇਦਾਰ ਸਵਰਨਜੀਤ ਸਿੰਘ ਤਰਨਾ ਦਲ ਦੋਆਬਾ, ਜਥੇਦਾਰ ਦਲੀਪ ਸਿੰਘ ਚਕਰ ਕਨਵੀਨਰ ਇੰਟਰਨੈਸ਼ਨਲ ਪੰਥਕ ਦਲ, ਹਰਕ੍ਰਿਸ਼ਨ ਸਿੰਘ ਜਿਲ੍ਹਾ ਪ੍ਰਧਾਨ ਲੁਧਿਆਣਾ, ਕੁਲਦੀਪ ਸਿੰਘ ਡੱਲਾ ਜਗਰਾਓ ਤੇ ਹੋਰ ਸਖ਼ਸ਼ੀਅਤਾਂ ਵੀ ਪੁੱਜੀਆਂ। ਇਸ ਮੌਕੇ ਸਿੰਘ ਸਾਹਿਬ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇੰਟਰਨੈਸ਼ਨਲ ਪੰਥਕ ਦਲ ਜੋ 24 ਅਗਸਤ ਤੋਂ ਲਗਾਤਾਰ ਹੜ੍ਹ ਪੀੜਤਾਂ ਦੀ ਮੱਦਦ ਲਈ ਪਾਣੀ ਵਿਚ ਹੀ ਕਈ ਪਿੰਡਾਂ ਦਾ ਦੌਰਾ ਕਰ ਰਿਹਾ ਹੈ ਅਤੇ ਪਾਣੀ ਦੀ ਮਾਰ ਹੇਠ ਆਏ ਦੂਰ ਦੁਰਾਡੇ ਦੇ ਪਿੰਡਾਂ ਵਿਚ ਹੜ੍ਹ ਪੀੜਤਾਂ ਨੂੰ ਮਿਲਿਆ ਜਾ ਰਿਹਾ ਹੈ ਅਤੇ ਉਨ੍ਹਾਂ ਵੱਲੋਂ ਜੋ ਆਪਣੀਆਂ ਦੁੱਖ ਤਕਲੀਫਾਂ ਦੱਸੀਆਂ ਜਾ ਰਹੀਆਂ ਹਨ, ਉਨ੍ਹਾਂ ਦਾ ਵੱਧ ਤੋਂ ਵੱਧ ਸਮਰੱਥਾ ਨਾਲ ਨਿਪਟਾਰਾ ਕੀਤਾ ਜਾ ਰਿਹਾ ਹੈ। ਇੰਟਰਨੈਸ਼ਨਲ ਪੰਥਕ ਦਲ ਵੱਲੋਂ ਹੜ੍ਹ ਪੀੜਤਾਂ ਲਈ 6 ਟਰਾਲੀਆਂ, 3 ਕੈਂਟਰ ਤੇ ਵੱਡਾ ਟਰੱਕ ਰਾਸ਼ਨ, ਫੀਡ, ਅਚਾਰ ਤੇ ਹੋਰ ਸਮਗਰੀ ਦੀ ਲਿਆਂਦੀ ਗਈ ਹੈ, ਜਿਸ ਨੂੰ ਲੋੜਵੰਦਾਂ ਵਿੱਚ ਤਕਸੀਮ ਕੀਤਾ ਜਾਏਗਾ। ਸਿੰਘ ਸਾਹਿਬ ਨੇ ਅੱਗੇ ਦਸਿਆ ਕਿ ਅਸੀਂ ਹਰ ਪਿੰਡ ਵਿੱਚੋਂ ਲੋਕਾਂ ਦੀਆਂ ਲਿਸਟਾਂ ਤਿਆਰ ਕਰ ਲਈਆਂ ਹਨ ਅਤੇ ਇਹ ਰਾਸ਼ਨ ਭਾਈ ਕ੍ਰਿਪਾ ਸਿੰਘ ਨੱਥੂ ਵਾਲਾ ਪੰਜਾਬ ਪ੍ਰਧਾਨ ਕਿਸਾਨ ਵਿੰਗ, ਬਾਬਾ ਸਤਨਾਮ ਸਿੰਘ ਵੱਲੀਆ ਧਾਰਮਿਕ ਵਿੰਗ ਇੰਟਰਨੈਸ਼ਨਲ ਪੰਥਕ ਦਲ, ਭਾਈ ਜੋਗਿੰਦਰ ਸਿੰਘ ਮੀਤ ਪ੍ਰਧਾਨ ਪੰਜਾਬ ਧਾਰਮਿਕ ਵਿੰਗ, ਭਾਈ ਮਲਕੀਤ ਸਿੰਘ ਜਿਲ੍ਹਾ ਪ੍ਰਧਾਨ ਧਾਰਮਿਕ ਵਿੰਗ, ਭਾਈ ਪਿੱਪਲ ਸਿੰਘ ਜਿਲ੍ਹਾ ਪ੍ਰਧਾਨ ਫਿਰੋਜ਼ਪੁਰ, ਭਾਈ ਬੇਅੰਤ ਸਿੰਘ ਐਮ.ਸੀ ਸ਼ਹਿਰੀ ਪ੍ਰਧਾਨ, ਗੁਰਦੇਵ ਸਿੰਘ ਸ਼ਾਹਦੀਨ ਵਾਲਾ ਕਿਸਾਨ ਵਿੰਗ, ਪ੍ਰਿਤਪਾਲ ਸਿੰਘ ਨੱਥੂਵਾਲਾ ਸੋਸ਼ਲ ਮੀਡੀਆ ਇਨਚਾਰਜ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਆਗੂ ਹਾਜ਼ਰ ਸਨ। ਇਸ ਮੌਕੇ ਤੇ ਬਾਬਾ ਸਤਨਾਮ ਸਿੰਘ ਵੱਲੀਆ ਪੰਜਾਬ ਪ੍ਰਧਾਨ ਧਾਰਮਿਕ ਵਿੰਗ ਨੇ ਕਿਹਾ ਕਿ ਸਾਡੀ ਸਿੰਘ ਸਾਹਿਬ ਜੀ ਨੇ ਜੋ ਡਿਊਟੀ ਲਗਾਈ ਹੈ ਉਹ ਅਸੀਂ ਪੂਰੀ ਤਨਦੇਹੀ ਨਾਲ ਨਿਭਾਵਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243